## ਸੂਚਨਾ

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)
ਮੋ: 86995-69067

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

# ਆਜ਼ਾਦ ਸੋਚ ™

www.facebook.com/Azadsoch
www.youtube.com/AzadSoch

ਸੰਗਰੂਰ ਤੋਂ ਪ੍ਰਕਾਸ਼ਿਤ

Postal No. PB/PTA/ (055) 2023-25
R.N.I N O. 61549/92
Website :
www.azadsoch.in
Mail Us at :
azadsoach92@gmail.com
(ਕੇਵਲ ਖ਼ਬਰਾਂ ਲਈ)
azadsochadvt@gmail.com
(ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 33 | ਅੰਕ (Vol. ) 315 | ਮੁੱਲ (Rate ) 2.00 ਰੁਪਏ | Wednesday 20 November, 2024 | ਬੁੱਧਵਾਰ 20 ਨਵੰਬਰ , 2024

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋਂ ਮਾਜਰਾ ਰੋਡ ਪਟਿਆਲਾ


## ਮੁੱਖ ਮੰਤਰੀ ਦੀ ਨਵੇਂ ਚੁਣੇ ਪੰਚਾਂ ਨੂੰ ਅਪੀਲ; ਆਪਣੇ ਪਿੰਡਾਂ ਨੂੰ 'ਆਧੁਨਿਕ ਵਿਕਾਸ ਧੁਰੇ' ਵਿੱਚ ਤਬਦੀਲ ਕਰੋ





**ਆਜ਼ਾਦ ਸੋਚ ਬਿਊਰੋ**
**ਸੰਗਰੂਰ, 19 ਨਵੰਬਰ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਸੂਬੇ ਦੀਆਂ ਨਵੀਆਂ ਚੁਣੀਆਂ ਪੰਚਾਇਤਾਂ ਨੂੰ ਆਪਣੇ ਪਿੰਡਾਂ ਨੂੰ 'ਆਧੁਨਿਕ ਵਿਕਾਸ ਧੁਰੇ' ਵਿੱਚ ਤਬਦੀਲ ਕਰਨ ਲਈ ਪ੍ਰੇਰਕ ਵਜੋਂ ਕੰਮ ਕਰਨ ਦਾ ਸੱਦਾ ਦਿੱਤਾ, ਜਿਸ ਨਾਲ ਸੂਬੇ ਦੇ ਅਰਥਚਾਰੇ ਨੂੰ ਵੱਡਾ ਹੁਲਾਰਾ ਮਿਲੇਗਾ।

ਸੰਗਰੂਰ ਜ਼ਿਲ੍ਹੇ ਦੇ ਨਵੇਂ ਚੁਣੇ ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਉਣ ਤੋਂ ਪਹਿਲਾਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਨੂੰ ਆਪਣੇ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਤਰਜੀਹੀ ਆਧਾਰ ਉਤੇ ਵੰਡਣਾ ਚਾਹੀਦਾ ਹੈ ਤਾਂ ਕਿ ਸੂਬਾ ਸਰਕਾਰ ਕੰਮ ਸ਼ੁਰੂ ਕਰਵਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਚਾਇਤਾਂ ਪਿੰਡਾਂ ਦੇ ਸਮੁੱਚੇ ਵਿਕਾਸ ਲਈ ਮਤੇ ਜ਼ਰੂਰ ਪਾਸ ਕਰਨ, ਜਿਸ ਲਈ ਸੂਬਾ ਸਰਕਾਰ ਹਰ ਹਰਬਾ ਵਰਤੇਗੀ। ਉਨ੍ਹਾਂ ਨਵੇਂ ਚੁਣੇ ਪੰਚਾਂ ਨੂੰ ਪਿੰਡ ਵਾਸੀਆਂ ਦੀ ਤਰੱਕੀ ਤੇ ਖ਼ੁਸ਼ਹਾਲੀ ਯਕੀਨੀ ਬਣਾਉਣ ਦੇ ਨਾਲ-ਨਾਲ ਆਪਣੇ ਪਿੰਡਾਂ ਨੂੰ 'ਵਿਕਾਸ ਧੁਰੇ' ਵਿੱਚ ਤਬਦੀਲ ਕਰਨ ਲਈ ਨਵੇਂ ਕਦਮ ਚੁੱਕਣ ਲਈ ਆਖਿਆ।

ਮੁੱਖ ਮੰਤਰੀ ਨੇ ਕਿਹਾ ਕਿ ਗ੍ਰਾਮ ਪੰਚਾਇਤਾਂ ਜਮਹੂਰੀ ਢਾਂਚੇ ਦੀ ਨੀਂਹ ਹੁੰਦੀਆਂ ਹਨ ਅਤੇ ਨਵੇਂ ਚੁਣੇ ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਉਣਾ ਇਕ ਇਤਿਹਾਸਕ ਮੌਕਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪੰਚਾਂ ਨੂੰ ਲੋਕਾਂ ਨੇ ਚੁਣਿਆ ਹੈ ਅਤੇ ਅੱਜ ਸੂਬੇ ਦੇ 19 ਜ਼ਿਲ੍ਹਿਆਂ ਵਿੱਚ ਅਜਿਹੇ ਸਮਾਰੋਹ ਹੋ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਭਰ ਦੇ 10031 ਨਵੇਂ ਚੁਣੇ ਸਰਪੰਚਾਂ ਨੂੰ ਲੁਧਿਆਣਾ ਵਿਖੇ 8 ਨਵੰਬਰ ਨੂੰ ਹੋਏ ਸਮਾਰੋਹ ਦੌਰਾਨ ਅਹੁਦੇ ਦੀ ਸਹੁੰ ਚੁਕਾਈ ਗਈ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਵੱਲੋਂ ਚੁਣਿਆ ਜਾਣਾ ਮਾਣ ਵਾਲੀ ਗੱਲ ਹੈ ਕਿਉਂਕਿ ਇਸ ਤੋਂ ਪਤਾ ਲੱਗਦਾ ਹੈ ਕਿ ਉਸ ਆਗੂ ਪ੍ਰਤੀ ਲੋਕਾਂ ਵਿੱਚ ਕਿੰਨਾ ਵਿਸ਼ਵਾਸ ਤੇ ਸੱਚਾਈ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਵੱਡੀ ਜ਼ਿੰਮੇਵਾਰੀ ਹੈ, ਜੋ ਲੋਕਾਂ ਵੱਲੋਂ ਇਨ੍ਹਾਂ ਆਗੂਆਂ ਉੱਤੇ ਪਾਈ ਜਾਂਦੀ ਹੈ ਕਿਉਂਕਿ ਇਹ ਲੋਕਾਂ ਦੀ ਬਹੁਤ ਵੱਡੀ ਸੇਵਾ ਹੈ। ਭਗਵੰਤ ਸਿੰਘ ਮਾਨ ਨੇ ਨਵੇਂ ਚੁਣੇ ਗਏ ਪੰਚਾਂ ਨੂੰ ਭਰੋਸਾ ਦਿੱਤਾ ਕਿ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

**➩ ਸੰਗਰੂਰ ਜ਼ਿਲ੍ਹੇ ਦੇ ਨਵੇਂ ਚੁਣੇ ਪੰਚਾਂ ਨੂੰ ਸਹੁੰ ਚੁਕਾਈ➩ ਗ੍ਰਾਮ ਪੰਚਾਇਤਾਂ ਨੂੰ ਜਮਹੂਰੀ ਢਾਂਚੇ ਦੀ ਨੀਂਹ ਦੱਸਿਆ ➩ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਕਰਨ ਦਾ ਸੱਦਾ**

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੇਂਡੂ ਲਾਇਬ੍ਰੇਰੀਆਂ ਦੀ ਸਥਾਪਨਾ ਕਰ ਰਹੀ ਹੈ, ਜੋ ਕਿ ਸੂਬੇ ਦੇ ਵਿਕਾਸ ਅਤੇ ਖ਼ੁਸ਼ਹਾਲੀ ਦੇ ਧੁਰੇ ਵਜੋਂ ਕੰਮ ਕਰਨਗੀਆਂ। ਇਸ ਮਿਸਾਲੀ ਪਹਿਲਕਦਮੀ ਦਾ ਮੰਤਵ ਸੂਬੇ ਦੇ ਨੌਜਵਾਨਾਂ ਵਿੱਚ ਪੜ੍ਹਨ ਦੀ ਆਦਤ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਅਜਿਹੀਆਂ ਹੋਰ ਲਾਇਬ੍ਰੇਰੀਆਂ ਸਥਾਪਤ ਕਰਨ ਲਈ ਮਤੇ ਪਾਸ ਕਰਨੇ ਚਾਹੀਦੇ ਹਨ ਕਿਉਂਕਿ ਇਹ ਕਦਮ ਨੌਜਵਾਨਾਂ ਦੇ ਸ਼ਕਤੀਕਰਨ ਅਤੇ ਉਨ੍ਹਾਂ ਨੂੰ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਬਰਾਬਰ ਦਾ ਭਾਈਵਾਲ ਬਣਾਉਣ ਵਿੱਚ ਸਹਾਈ ਸਿੱਧ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਨੌਜਵਾਨਾਂ ਦੀ ਕਿਸਮਤ ਬਦਲਣ ਵਿੱਚ ਸਹਾਈ ਹੋਣਗੀਆਂ ਅਤੇ ਨੌਕਰਸ਼ਾਹ, ਵਿਗਿਆਨੀ, ਡਾਕਟਰ, ਤਕਨੀਸ਼ੀਅਨ ਅਤੇ ਹੋਰ ਕਾਬਲ ਵਿਅਕਤੀ ਪੈਦਾ ਕਰਨਗੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਵਾਈ-ਫਾਈ, ਸੋਲਰ ਪਾਵਰ, ਡਿਜ਼ੀਟਲ ਐਨਾਲਾਗ ਅਤੇ ਹੋਰ ਉੱਚ ਪੱਧਰੀ ਸਹੂਲਤਾਂ ਨਾਲ ਲੈਸ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਲਾਇਬ੍ਰੇਰੀਆਂ ਵਿੱਚ ਸਮਕਾਲੀ ਸਾਹਿਤ ਅਤੇ ਪਾਠਕ੍ਰਮ ਬਾਰੇ ਵਿਸ਼ਵ ਪੱਧਰੀ ਪੁਸਤਕਾਂ ਹਨ, ਜੋ ਸਿੱਖਣ ਦਾ ਭਰਪੂਰ ਮੌਕਾ ਦਿੰਦੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲਾਇਬ੍ਰੇਰੀਆਂ ਗਿਆਨ ਅਤੇ ਸਾਹਿਤ ਦਾ ਸੱਚਾ ਭੰਡਾਰ ਹਨ। ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਇਨ੍ਹਾਂ ਲਾਇਬ੍ਰੇਰੀਆਂ ਵਿੱਚ ਵੱਖ-ਵੱਖ ਵਿਸ਼ਿਆਂ ਉੱਤੇ ਕੀਮਤੀ ਪੁਸਤਕਾਂ ਮੌਜੂਦ ਹਨ, ਜੋ ਪੁਸਤਕ ਪ੍ਰੇਮੀਆਂ ਨੂੰ ਆਪਣੇ ਵੱਲ ਖਿੱਚਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਤੰਤਰ ਵਿੱਚ ਬਹੁਮਤ ਹਾਸਲ ਕਰਨ ਵਾਲਾ ਵਿਅਕਤੀ ਜਾਂ ਪਾਰਟੀ ਜੇਤੂ ਹੁੰਦੀ ਹੈ ਪਰ ਇਕ ਵਾਰ ਚੁਣੀਆਂ ਗਈਆਂ ਪੰਚਾਇਤਾਂ ਪੂਰੇ ਪਿੰਡ ਦੀਆਂ ਸਾਂਝੀਆਂ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਚਾਂ ਨੂੰ ਪਿੰਡ ਦੇ ਹਰ ਵਸਨੀਕ ਨਾਲ ਬਰਾਬਰ ਵਿਹਾਰ ਕਰਨਾ ਚਾਹੀਦਾ ਹੈ ਅਤੇ ਨਿਰਪੱਖਤਾ ਨਾਲ ਫੈਸਲੇ ਲੈਣੇ ਚਾਹੀਦੇ ਹਨ ਅਤੇ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਕਰਨ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਪਿੰਡਾਂ ਵਿੱਚ ਫੈਲੀ ਧੜੇਬੰਦੀ ਕਾਰਨ ਪਿੰਡਾਂ ਵਿੱਚ ਕਈ ਕੰਮ ਖ਼ਤਰੇ ਵਿੱਚ ਪੈ ਜਾਂਦੇ ਹਨ।

ਮੁੱਖ ਮੰਤਰੀ ਨੇ ਸਾਰਿਆਂ ਨੂੰ ਵੱਧ ਤੋਂ ਵੱਧ ਪੌਦੇ ਲਾਉਣ ਲਈ ਉਸਾਰੂ ਮੁਹਿੰਮ ਸ਼ੁਰੂ ਕਰ ਕੇ ਸੂਬੇ ਦੇ ਪਿੰਡਾਂ ਦੀ ਕਾਇਆ-ਕਲਪ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣਾ ਸਾਰਿਆਂ ਦਾ ਫ਼ਰਜ਼ ਬਣਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਕ ਪਾਸੇ ਸੂਬੇ ਦੇ ਮਾਹੌਲ ਨੂੰ ਸੁਧਾਰਨਾ ਅਤੇ ਦੂਜੇ ਪਾਸੇ ਪ੍ਰਦੂਸ਼ਣ ਨੂੰ ਰੋਕਣਾ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਪੰਚਾਂ ਨੂੰ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਹਰੇਕ ਫ਼ੈਸਲੇ ਪੂਰੇ ਜਨਤਕ ਮਸ਼ਵਰੇ ਨਾਲ ਲੈਣ ਲਈ ਆਪੋ-ਆਪਣੇ ਪਿੰਡਾਂ ਵਿੱਚ ਗ੍ਰਾਮ ਪੰਚਾਇਤਾਂ ਦੇ ਇਜਲਾਸ ਸੱਦਣ ਲਈ ਵੀ ਆਖਿਆ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਸਬੰਧੀ ਫ਼ੈਸਲੇ ਗ੍ਰਾਮ ਸਭਾਵਾਂ ਵਿੱਚ ਲਏ ਜਾਣ ਤਾਂ ਜੋ ਫ਼ੰਡਾਂ ਦੀ ਸੁਚੱਜੀ ਵਰਤੋਂ ਯਕੀਨੀ ਬਣਾਈ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇ ਪੰਚਾਇਤਾਂ ਆਪਣਾ ਫ਼ਰਜ਼ ਬਾਖ਼ੂਬੀ ਨਿਭਾਉਣ ਤਾਂ ਉਹ ਆਮ ਆਦਮੀ ਅਤੇ ਆਪਣੇ ਪਿੰਡਾਂ ਦੀ ਨੁਹਾਰ ਬਦਲ ਸਕਦੀਆਂ ਹਨ।

ਮੁੱਖ ਮੰਤਰੀ ਨੇ ਪੰਚਾਇਤਾਂ ਨੂੰ ਜੋਸ਼ ਨਾਲ ਕੰਮ ਕਰਨ ਅਤੇ ਸਭ ਲਈ ਆਧੁਨਿਕ ਸਹੂਲਤਾਂ ਯਕੀਨੀ ਬਣਾ ਕੇ ਆਪਣੇ ਪਿੰਡਾਂ ਨੂੰ ਨਮੂਨੇ ਦਾ ਬਣਾਉਣ ਦਾ ਸੱਦਾ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਪਿੰਡਾਂ ਦੀ ਭਲਾਈ ਲਈ ਪੰਚਾਇਤਾਂ ਨੂੰ ਆਪਣੀ ਡਿਊਟੀ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਪੰਚਾਇਤਾਂ ਨੂੰ ਹਰ ਫ਼ੈਸਲਾ ਪਿੰਡ ਵਾਸੀਆਂ ਨਾਲ ਸਲਾਹ-ਮਸ਼ਵਰਾ ਕਰ ਕੇ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਪਿੰਡਾਂ ਦੇ ਸਰਬਪੱਖੀ ਵਿਕਾਸ ਵਿੱਚ ਵੱਡੀ ਭੂਮਿਕਾ ਨਿਭਾ ਸਕਦੇ ਹਨ।

ਮੁੱਖ ਮੰਤਰੀ ਨੇ ਸਰਬਸੰਮਤੀ ਨਾਲ ਪੰਚਾਇਤਾਂ ਚੁਣਨ ਵਾਲੇ ਪਿੰਡਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਪਿੰਡਾਂ ਨੇ ਇਕ ਪਾਸੇ ਤਾਂ ਪਿੰਡਾਂ ਵਿੱਚ ਸਦਭਾਵਨਾ ਅਤੇ ਆਪਸੀ ਸਾਂਝ ਦੀਆਂ ਤੰਦਾਂ ਨੂੰ ਮਜ਼ਬੂਤ ਕੀਤਾ ਹੈ ਅਤੇ ਦੂਜੇ ਪਾਸੇ ਇਨ੍ਹਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਧੜੇਬੰਦੀ ਤੋਂ ਉੱਪਰ ਉੱਠ ਕੇ ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕੀਤੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸੂਝਵਾਨ ਵੋਟਰਾਂ ਨੇ ਸਾਰੀਆਂ ਪੰਚਾਇਤਾਂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਉਨ੍ਹਾਂ ਨੂੰ ਇਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸੂਬੇ ਦੇ ਵੋਟਰਾਂ ਦੇ ਰਿਣੀ ਹਨ, ਜਿਨ੍ਹਾਂ ਨੇ ਇਨ੍ਹਾਂ ਚੋਣਾਂ ਵਿੱਚ ਪੂਰੇ ਉਤਸ਼ਾਹ ਨਾਲ ਆਜ਼ਾਦ ਅਤੇ ਨਿਰਪੱਖ ਢੰਗ ਨਾਲ ਹਿੱਸਾ ਲਿਆ ਹੈ।

## ਜੀ-20 ਸੰਮੇਲਨ 'ਚ ਪੀਐਮ ਮੋਦੀ ਨੇ ਦਿੱਤਾ ਮੰਤਰ, ਗਲੋਬਲ ਸੰਸਥਾਵਾਂ 'ਚ ਸੁਧਾਰ ਦੀ ਕੀਤੀ ਵਕਾਲਤ



**ਆਜ਼ਾਦ ਸੋਚ ਬਿਊਰੋ**
**ਨਵੀਂ ਦਿੱਲੀ, 19 ਨਵੰਬਰ**

ਜੀ-20 ਸੰਮੇਲਨ ਦੇ ਉਦਘਾਟਨੀ ਭਾਸ਼ਣ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੁਨੀਆ ਦੇ ਅਮੀਰ ਦੇਸ਼ਾਂ ਨੂੰ ਸਫਲਤਾ ਦਾ ਮੰਤਰ ਦਿੱਤਾ। ਉਨ੍ਹਾਂ ਕਿਹਾ, ਇਹ ਸਪੱਸ਼ਟ ਹੈ ਕਿ 'ਇੱਕ ਧਰਤੀ, ਇੱਕ ਪਰਿਵਾਰ, ਇੱਕ ਭਵਿੱਖ' ਇਸ ਸੰਮੇਲਨ ਵਿਚ ਉਨਾ ਹੀ ਪ੍ਰਸੰਗਿਕ ਹੈ ਜਿੰਨਾ ਇਹ ਪਿਛਲੇ ਸਾਲ ਸੀ । ਬ੍ਰਾਜ਼ੀਲ ਨੇ ਨਵੀਂ ਦਿੱਲੀ ਵਿੱਚ ਜੀ-20 ਸੰਮੇਲਨ ਦੌਰਾਨ ਲਏ ਗਏ ਲੋਕ ਪੱਖੀ ਫੈਸਲਿਆਂ ਨੂੰ ਅੱਗੇ ਵਧਾਇਆ ਹੈ। ਸਾਡੀ ਸਫਲਤਾ ਦਾ ਇੱਕੋ ਇੱਕ ਮੰਤਰ ਹੈ ਕਿ ਸਾਡੇ ਕੋਲ ਬੈਕ ਟੂ ਬੇਸਿਕਸ ਅਤੇ ਮਾਰਚ ਟੂ ਫਿਊਚਰ ਪਹੁੰਚ ਹੈ। ਇਸ ਦੇ ਨਾਲ ਹੀ ਪੀਐਮ ਮੋਦੀ ਨੇ ਗਲੋਬਲ ਸੰਸਥਾਵਾਂ ਵਿੱਚ ਤੁਰੰਤ ਸੁਧਾਰ ਦੀ ਸਲਾਹ ਦਿੱਤੀ।

ਪੀਐਮ ਮੋਦੀ ਨੇ ਭਾਰਤ ਵਿੱਚ ਚੁੱਕੇ ਜਾ ਰਹੇ ਕਦਮਾਂ ਬਾਰੇ ਦੱਸਿਆ। ਕਿਹਾ- ਪਿਛਲੇ 10 ਸਾਲਾਂ 'ਚ ਅਸੀਂ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਹੈ। 80 ਕਰੋੜ ਲੋਕਾਂ ਨੂੰ ਮੁਫਤ ਅਨਾਜ ਦਿੱਤਾ ਜਾ ਰਿਹਾ ਹੈ। ਸਿਹਤ ਬੀਮਾ ਯੋਜਨਾ ਦਾ 55 ਕਰੋੜ ਲੋਕਾਂ ਨੂੰ ਲਾਭ ਹੋਇਆ ਹੈ। ਸਾਡਾ ਵਿਕਾਸ ਔਰਤਾਂ 'ਤੇ ਕੇਂਦਰਿਤ ਹੈ।

**ਕਿਸਾਨਾਂ ਲਈ ਕੀ ਕੁਝ ਕੀਤਾ** : ਪੀਐਮ ਮੋਦੀ ਨੇ ਕਿਹਾ ਕਿ ਕਿਸਾਨ ਯੋਜਨਾ ਤਹਿਤ ਕਿਸਾਨਾਂ ਨੂੰ 20 ਅਰਬ ਡਾਲਰ ਦਿੱਤੇ ਗਏ ਹਨ। ਅਸੀਂ ਮਲਾਵੀ, ਜ਼ੈਂਬੀਆ ਅਤੇ ਜ਼ਿੰਬਾਬਵੇ ਨੂੰ ਮਾਨਵਤਾਵਾਦੀ ਸਹਾਇਤਾ ਪ੍ਰਦਾਨ ਕੀਤੀ ਹੈ। ਭੋਜਨ ਸੁਰੱਖਿਆ ਦੇ ਨਾਲ-ਨਾਲ ਭਾਰਤ ਪੋਸ਼ਣ ਨੂੰ ਵੀ ਯਕੀਨੀ ਬਣਾ ਰਿਹਾ ਹੈ। ਪ੍ਰਧਾਨ ਮੰਤਰੀ ਨੇ ਕਿਹਾ, ਜਿਸ ਤਰ੍ਹਾਂ ਅਸੀਂ ਅਫਰੀਕੀ ਸੰਘ ਨੂੰ ਜੀ-20 ਮੈਂਬਰਸ਼ਿਪ ਦੇ ਕੇ 'ਗਲੋਬਲ ਸਾਊਥ' ਦੀ ਆਵਾਜ਼ ਨੂੰ ਮਜ਼ਬੂਤ ਕੀਤਾ ਹੈ, ਉਸੇ ਤਰ੍ਹਾਂ ਅਸੀਂ ਗਲੋਬਲ ਗਵਰਨੈਂਸ ਦੀਆਂ ਸੰਸਥਾਵਾਂ 'ਚ ਸੁਧਾਰ ਕਰਾਂਗੇ। ਪਰ ਸਾਡੀ ਚਰਚਾ ਤਾਂ ਹੀ ਸਫਲ ਹੋ ਸਕਦੀ ਹੈ ਜੇਕਰ ਅਸੀਂ 'ਗਲੋਬਲ ਸਾਊਥ' ਦੀਆਂ ਚੁਣੌਤੀਆਂ ਅਤੇ ਤਰਜੀਹਾਂ ਨੂੰ ਧਿਆਨ ਵਿੱਚ ਰੱਖਦੇ ਹਾਂ।ਕਿਉਂਕਿ ਆਲਮੀ ਟਕਰਾਅ ਕਾਰਨ ਪੈਦਾ ਹੋਏ ਖੁਰਾਕ, ਬਾਲਣ ਅਤੇ ਖਾਦ ਸੰਕਟ ਦਾ ਸਭ ਤੋਂ ਵੱਧ ਮਾੜਾ ਅਸਰ 'ਗਲੋਬਲ ਸਾਊਥ' ਦੇ ਦੇਸ਼ਾਂ 'ਤੇ ਪਿਆ ਹੈ।

## ਜਿਨਪਿੰਗ ਨੇ ਕੀਤੀ ਪੀਐਮ ਮੋਦੀ ਨਾਲ ਮੁਲਾਕਾਤ, ਚੀਨ ਦੇ ਵਿਦੇਸ਼ ਮੰਤਰੀ ਨੇ ਜੈਸ਼ੰਕਰ ਨਾਲ ਕੀਤੀ ਮੁਲਾਕਾਤ



ਨਵੀਂ ਦਿੱਲੀ, 19 ਨਵੰਬਰ (ਪ.ਪ.): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਵਿਚਾਲੇ ਫਿਰ ਤੋਂ ਮੁਲਾਕਾਤ ਹੋਈ ਹੈ। ਜੀ-20 ਸੰਮੇਲਨ 'ਚ ਹਿੱਸਾ ਲੈਣ ਲਈ ਬ੍ਰਾਜ਼ੀਲ ਦੀ ਰਾਜਧਾਨੀ ਰੀਓ ਡੀ ਜੇਨੇਰੀਓ ਪਹੁੰਚੇ ਪੀਐਮ ਮੋਦੀ ਅਤੇ ਜਿਨਪਿੰਗ ਵਿਚਾਲੇ ਗੱਲਬਾਤ ਵੀ ਹੋਈ। ਰੂਸ 'ਚ ਬ੍ਰਿਕਸ ਸੰਮੇਲਨ ਤੋਂ ਬਾਅਦ ਇਹ ਦੂਜੀ ਵਾਰ ਹੈ, ਜਦੋਂ ਦੋਵੇਂ ਨੇਤਾ ਮਿਲੇ ਹਨ। ਇਸ ਤੋਂ ਪਹਿਲਾਂ ਲੱਦਾਖ 'ਚ ਤਣਾਅ ਕਾਰਨ ਦੋਹਾਂ ਨੇਤਾਵਾਂ ਵਿਚਾਲੇ 5 ਸਾਲ ਤੱਕ ਗੱਲਬਾਤ ਨਹੀਂ ਹੋ ਸਕੀ ਸੀ।

ਇਸ ਦੌਰਾਨ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਸੋਮਵਾਰ ਨੂੰ ਹੀ ਚੀਨ ਦੇ ਵਿਦੇਸ਼ ਮੰਤਰੀ ਵਾਂਗ ਯੀ ਨਾਲ ਗੱਲਬਾਤ ਕੀਤੀ। ਦੋਹਾਂ ਨੇਤਾਵਾਂ ਨੇ ਭਾਰਤ ਅਤੇ ਚੀਨ ਵਿਚਾਲੇ ਸਿੱਧੀਆਂ ਉਡਾਣਾਂ ਨੂੰ ਮੁੜ ਸ਼ੁਰੂ ਕਰਨ 'ਤੇ ਚਰਚਾ ਕੀਤੀ। ਰੀਓ ਡੀ ਜਨੇਰੀਓ ਵਿੱਚ ਜੀ-20 ਸਿਖਰ ਸੰਮੇਲਨ ਤੋਂ ਇਲਾਵਾ, ਦੋਵਾਂ ਨੇਤਾਵਾਂ ਨੇ ਕੈਲਾਸ਼ ਮਾਨਸਰੋਵਰ ਯਾਤਰਾ ਨੂੰ ਮੁੜ ਸ਼ੁਰੂ ਕਰਨ ਬਾਰੇ ਵੀ ਚਰਚਾ ਕੀਤੀ। 2020 ਵਿੱਚ ਮਹਾਂਮਾਰੀ ਦੇ ਬਾਅਦ, ਦੋਵਾਂ ਦੇਸ਼ਾਂ ਦਰਮਿਆਨ ਸਿੱਧੀਆਂ ਉਡਾਣਾਂ ਬੰਦ ਕਰ ਦਿੱਤੀਆਂ ਗਈਆਂ ਸਨ।

ਪ੍ਰਧਾਨ ਮੰਤਰੀ ਮੋਦੀ ਅਤੇ ਚੀਨ ਦੇ ਰਾਸ਼ਟਰਪਤੀ ਵਿਚਕਾਰ ਕਰੀਬ 15 ਮਿੰਟ ਤੱਕ ਗੱਲਬਾਤ ਹੋਈ। ਮੰਨਿਆ ਜਾ ਰਿਹਾ ਹੈ ਕਿ ਦੋਹਾਂ ਨੇਤਾਵਾਂ ਨੇ ਦੁਵੱਲੇ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਚਰਚਾ ਕੀਤੀ ਹੈ। ਹਾਲਾਂਕਿ ਹੁਣ ਤੱਕ ਦੋਵਾਂ ਧਿਰਾਂ ਵੱਲੋਂ ਇਸ ਮੁਲਾਕਾਤ ਬਾਰੇ ਕੋਈ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ ਹੈ।

## ਖੌਫ਼ਨਾਕ' ਨਕਸਲੀ ਆਗੂ ਵਿਕਰਮ ਗੌੜਾ ਪੁਲੀਸ ਮੁਕਾਬਲੇ 'ਚ ਹਲਾਕ



ਨਵੀਂ ਦਿੱਲੀ,19 ਨਵੰਬਰ (ਪ.ਪ.): ਸਰਕਾਰੀ ਸੂਤਰਾਂ ਨੇ ਮੰਗਲਵਾਰ ਨੂੰ ਦੱਸਿਆ ਕਿ ਇਸ ਜ਼ਿਲ੍ਹੇ ਦੀ ਕਰਕਲਾ ਤਹਿਸੀਲ ਦੇ ਪਿੰਡ ਈਦੂ ਪਿੰਡ ਨੇੜੇ ਨਕਸਲ ਵਿਰੋਧੀ ਫੋਰਸ ਨੇ ਇੱਕ 'ਖ਼ਤਰਨਾਕ' ਨਕਸਲੀ ਆਗੂ ਵਿਕਰਮ ਗੌੜਾ ਨੂੰ ਗੋਲੀ ਮਾਰ ਕੇ ਹਲਾਕ ਕਰ ਦਿੱਤਾ ਹੈ। ਗ੍ਰਹਿ ਮੰਤਰੀ ਜੀ ਪਰਮੇਸ਼ਵਰ ਨੇ ਕਿਹਾ



ਕਿ ਏਐਨਐਫ ਪਿਛਲੇ 20 ਸਾਲਾਂ ਤੋਂ ਵਿਕਰਮ ਗੌੜਾ ਨੂੰ ਫੜਨ ਦੀ ਕੋਸ਼ਿਸ਼ ਕਰ ਰਹੀ ਸੀ ਉਸ ਨੂੰ 'ਖੌਫ਼ਨਾਕ ਨਕਸਲੀ' ਦੱਸਦਿਆਂ ਮੰਤਰੀ ਨੇ ਕਿਹਾ ਕਿ ਉਹ ਕਈ ਵਾਰ ਪੁਲੀਸ ਦੇ ਘੇਰੇ ਤੇ 'ਪੁਲੀਸ ਮੁਕਾਬਲਿਆਂ' ਦੌਰਾਨ ਬਚ ਕੇ ਨਿਕਲ ਜਾਂਦਾ ਰਿਹਾ ਹੈ। ਅਧਿਕਾਰਤ ਸੂਤਰਾਂ ਅਨੁਸਾਰ, ਸੋਮਵਾਰ ਸ਼ਾਮ ਨੂੰ ਏਐਨਐਫ ਨੇ ਇੱਕ ਜ਼ੋਰਦਾਰ ਤਲਾਸ਼ੀ ਮੁਹਿੰਮ ਦੌਰਾਨ ਨਕਸਲੀਆਂ ਦਾ ਇੱਕ ਸਮੂਹ ਦੇਖਿਆ। ਸੂਤਰਾਂ ਨੇ ਦੱਸਿਆ ਕਿ ਨਕਸਲੀਆਂ ਨੇ ਏਐਨਐਫ ਪਾਰਟੀ ਨੂੰ ਦੇਖਦੇ ਹੀ ਉਨ੍ਹਾਂ ਨੇ ਗੋਲੀ ਚਲਾ ਦਿੱਤੀ। 1©6 ??ਟੀਮ ਨੇ ਜਵਾਬੀ ਕਾਰਵਾਈ ਕਰਦੇ ਹੋਏ ਗੌੜਾ ਨੂੰ ਮਾਰ ਮੁਕਾਇਆ, ਜਦੋਂਕਿ ਉਸ ਦੇ ਬਾਕੀ ਸਾਥੀ ਬਚ ਕੇ ਫ਼ਰਾਰ ਹੋ ਗਏ ਏਐਨਐਫ ਦੀ ਆਈਜੀਪੀ ਰੂਪਾ ਦਿਵਾਕਰ ਮੋਦਗਿਲ ਨੇ ਵੀ ਕਿਹਾ ਕਿ ਵਿਕਰਮ ਗੌੜਾ ਬਹੁਤ 'ਖ਼ਤਰਨਾਕ' ਨਕਸਲੀ ਸੀ। ਉਨ੍ਹਾਂ ਕਿਹਾ, "ਉਹ ਸੂਬੇ ਵਿਚਲੇ ਨਕਸਲੀਆਂ ਵਿਚੋਂ ਸਭ ਤੋਂ ਵੱਧ ਲੋੜੀਂਦਾ ਸੀ ਅਤੇ ਉਸ ਉਤੇ ਕਤਲ ਤੇ ਜਬਰੀ ਵਸੂਲੀ ਦੇ 61 ਕੇਸ ਚੱਲ ਰਹੇ ਸਨ। ਉਸ ਖਿਲਾਫ ਕੇਰਲ ਵਿਚ ਵੀ 19 ਕੇਸ ਦਰਜ ਸਨ।"ਇੱਕ ਅਧਿਕਾਰੀ ਨੇ ਕਿਹਾ, "ਵਿਕਰਮ ਗੌੜਾ ਬੀਤੇ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਦੱਖਣੀ ਭਾਰਤ ਵਿੱਚ ਨਕਸਲੀ ਕਾਰਵਾਈਆਂ ਦੀ ਅਗਵਾਈ ਕਰ ਰਿਹਾ ਸੀ। ਉਸ ਨੇ ਕੇਰਲ ਅਤੇ ਤਾਮਿਲਨਾਡੂ ਵਿੱਚ ਪਨਾਹ ਲਈ ਹੋਈ ਸੀ ਅਤੇ ਕਈ ਵਾਰ ਕੋਡਾਗੂ (ਕਰਨਾਟਕ) ਦਾ ਦੌਰਾ ਕਰ ਚੁੱਕਾ ਹੈ। ਪਰਮੇਸ਼ਵਰ ਨੇ ਪੱਤਰਕਾਰਾਂ ਨੂੰ ਦੱਸਿਆ, "ਅਚਾਨਕ ਉਨ੍ਹਾਂ (ਗੌੜਾ ਅਤੇ ਸਾਥੀਆਂ) ਨੇ ਪੁਲੀਸ 'ਤੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਪੁਲੀਸ ਦੀ ਜਵਾਬੀ ਗੋਲੀਬਾਰੀ ਦੌਰਾਨ ਉਹ ਮਾਰਿਆ ਗਿਆ। ਉਸ ਦੇ ਨਾਲ ਦੋ-ਤਿੰਨ ਹੋਰ ਵਿਅਕਤੀ ਫਰਾਰ ਹੋ ਗਏ ਹਨ, ਏਐਨਐਫ ਪੁਲੀਸ ਨੇ ਤਲਾਸ਼ੀ ਮੁਹਿੰਮ ਜਾਰੀ ਰੱਖੀ ਹੋਈ ਹੈ।" ਮੰਤਰੀ ਨੇ ਕਿਹਾ ਕਿ ਗੌੜਾ ਬਹੁਤ ਸਰਗਰਮ ਸੀ ਅਤੇ ਰਾਜ ਤੋਂ ਦੂਜੇ ਰਾਜ ਵਿਚ ਜਾਂਦਾ ਤੇ ਆਪਣੇ ਟਿਕਾਣੇ ਬਦਲਦਾ ਰਹਿੰਦਾ ਸੀ। ਏਐਨਐਫ ਉਸ ਦੀਆਂ ਹਰਕਤਾਂ 'ਤੇ ਨਜ਼ਰ ਰੱਖ ਰਹੀ ਸੀ, ਪਰ ਉਸ ਨੂੰ ਫੜਨ ਤੋਂ ਅਸਮਰੱਥ ਸੀ। ਉਨ੍ਹਾਂ ਕਿਹਾ, "ਹੁਣ ਸੂਚਨਾ ਦੇ ਆਧਾਰ 'ਤੇ ਮੁਕਾਬਲਾ ਹੋਇਆ ਹੈ ਅਤੇ ਜਾਪਦਾ ਹੈ ਕਿ ਹੁਣ ਸੂਬੇ ਵਿੱਚ ਨਕਸਲੀ ਗਤੀਵਿਧੀਆਂ ਖਤਮ ਹੋ ਗਈਆਂ ਹਨ।"

## ਭਰਾ ਦੇ ਭੋਗ 'ਚ ਸ਼ਾਮਲ ਹੋਣ ਲਈ ਰਾਜੋਆਣਾ ਨੂੰ ਹਾਈ ਕੋਰਟ ਤੋਂ ਮਿਲੀ 3 ਘੰਟੇ ਦੀ ਪੈਰੋਲ

ਚੰਡੀਗੜ੍ਹ, 19 ਨਵੰਬਰ (ਆਜ਼ਾਦ ਸੋਚ ਬਿਊਰੋ) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਦੇ ਮਾਮਲੇ ਵਿਚ ਦੋਸ਼ੀ ਕਰਾਰ ਦਿੱਤੇ ਗਏ ਬਲਵੰਤ ਸਿੰਘ ਰਾਜੋਆਣਾ ਨੂੰ ਬੁੱਧਵਾਰ ਨੂੰ ਆਪਣੇ ਭਰਾ ਕੁਲਵੰਤ ਸਿੰਘ ਦੇ ਭੋਗ ਵਿਚ ਸ਼ਾਮਲ ਹੋਣ ਲਈ ਤਿੰਨ ਘੰਟੇ



ਪੈਰੋਲ ਉਤੇ ਰਿਹਾਅ ਕਰਨ ਦੇ ਹੁਕਮ ਦਿੱਤੇ ਹਨ। ਗ਼ੌਰਤਲਬ ਹੈ ਕਿ ਰਾਜੋਆਣਾ ਇਸ ਵੇਲੇ ਕੇਂਦਰੀ ਜੇਲ੍ਹ ਪਟਿਆਲਾ ਵਿਚ ਬੰਦ ਹਨ।

ਉਨ੍ਹਾਂ ਨੂੰ ਬੁੱਧਵਾਰ ਨੂੰ ਸਵੇਰੇ 11 ਤੋਂ ਬਾਅਦ ਦੁਪਹਿਰ 2 ਵਜੇ ਤੱਕ ਲੁਧਿਆਣਾ ਸਥਿਤ ਆਪਣੇ ਪਿੰਡ ਜਾ ਕੇ ਆਪਣੇ ਭਰਾ ਦੇ ਭੋਗ ਵਿਚ ਸ਼ਾਮਲ ਹੋਣ ਲਈ ਪੈਰੋਲ ਦਿੱਤੀ ਜਾਵੇਗੀ। ਇਸ ਤੋਂ ਪਹਿਲਾਂ ਰਾਜੋਆਣਾ ਨੂੰ 2021 ਵਿਚ ਵੀ ਆਪਣੇ ਪਿਤਾ ਦੇ ਭੋਗ ਵਿਚ ਸ਼ਾਮਲ ਹੋਣ ਲਈ ਇਕ ਘੰਟੇ ਦੀ ਪੈਰੋਲ ਮਿਲੀ ਸੀ ਜਾਣਕਾਰੀ ਮੁਤਾਬਕ ਰਾਜੋਆਣਾ ਦੇ ਭਰਾ ਕੁਲਵੰਤ ਸਿੰਘ ਦੀ ਇਸੇ ਮਹੀਨੇ ਦੇ ਸ਼ੁਰੂ ਵਿਚ ਕੈਨੇਡਾ 'ਚ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਸੀ, ਜਿਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਉਨ੍ਹਾਂ ਦੇ ਪਿੰਡ ਰਾਜੋਆਣਾ ਕਲਾਂ ਵਿਚ ਗੁਰੂ ਗ੍ਰੰਥ ਸਾਹਿਬ ਦਾ ਪਾਠ ਰੱਖਿਆ ਗਿਆ ਹੈ, ਜਿਸ ਦਾ ਭੋਗ ਬੁਧਵਾਰ ਨੂੰ ਪਵੇਗਾ। ਰਾਜੋਆਣਾ ਨੇ ਹਾਈ ਕੋਰਟ ਵਿਚ ਪਟੀਸ਼ਨ ਦਾਇਰ ਕਰ ਕੇ ਉਨ੍ਹਾਂ ਨੂੰ ਭੋਗ ਵਿਚ ਸ਼ਾਮਲ ਹੋਣ ਦਾ ਮੌਕਾ ਦੇਣ ਦੀ ਅਪੀਲ ਕੀਤੀ ਸੀ।

## ਪੰਜਾਬ 'ਚ ਝੋਨੇ ਦੇ ਝਾੜ ਵਿੱਚ ਪ੍ਰਤੀ ਹੈਕਟੇਅਰ 1.4 ਕੁਇੰਟਲ ਵਾਧਾ

### ਹੁਣ ਤੱਕ 27 ਲੱਖ ਹੈਕਟੇਅਰ ਰਕਬੇ ਵਿੱਚ ਕਣਕ ਦੀ ਬਿਜਾਈ ਹੋਈ; 35 ਲੱਖ ਦਾ ਟੀਚਾ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 19 ਨਵੰਬਰ**

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਕਰਵਾਏ ਗਏ ਫ਼ਸਲ ਕਟਾਈ ਤਜਰਬਿਆਂ (ਸੀ.ਸੀ.ਈਜ਼.) ਵਿੱਚ ਪ੍ਰਤੀ ਹੈਕਟੇਅਰ ਝੋਨੇ ਦੇ ਔਸਤ ਝਾੜ ਵਿੱਚ 1.4 ਕੁਇੰਟਲ ਦਾ ਵਾਧਾ ਦਰਜ ਕੀਤਾ ਗਿਆ ਹੈ। ਸਾਉਣੀ ਸੀਜ਼ਨ 2024 ਲਈ ਕੁੱਲ 2174 ਸੀ.ਸੀ.ਈਜ਼. ਕਰਵਾਏ ਜਾਣੇ ਹਨ ਅਤੇ 1863 ਸੀ.ਸੀ.ਈਜ਼. ਦੇ ਆਏ ਨਤੀਜਿਆਂ ਵਿੱਚ 6878 ਕਿਲੋਗ੍ਰਾਮ ਪ੍ਰਤੀ ਹੈਕਟੇਅਰ ਝਾੜ ਸਾਹਮਣੇ ਆਇਆ ਹੈ, ਜਦੋਂਕਿ ਸਾਉਣੀ 2023 ਦੌਰਾਨ ਇਹ ਝਾੜ 6740 ਕਿਲੋਗ੍ਰਾਮ ਪ੍ਰਤੀ ਹੈਕਟੇਅਰ ਸੀ।



ਇਹਨਾਂ ਅੰਕੜਿਆਂ ਵਿੱਚ ਝੋਨੇ ਦੀਆਂ ਗੈਰ-ਬਾਸਮਤੀ ਅਤੇ ਬਾਸਮਤੀ ਦੋਵੇਂ ਕਿਸਮਾਂ ਸ਼ਾਮਲ ਹਨ। ਦੱਸਣਯੋਗ ਹੈ ਕਿ ਹੁਣ ਤੱਕ ਸੂਬੇ ਵਿੱਚ ਝੋਨੇ ਦੀ 97 ਫ਼ੀਸਦ ਕਟਾਈ ਮੁਕੰਮਲ ਹੋ ਚੁੱਕੀ ਹੈ।

ਸੂਬੇ ਵਿੱਚ ਚੱਲ ਰਹੀ ਕਣਕ ਦੀ ਬਿਜਾਈ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਦੱਸਿਆ ਕਿ ਨਿਰਧਾਰਿਤ 35 ਲੱਖ ਹੈਕਟੇਅਰ ਰਕਬੇ ਦੇ ਟੀਚੇ ਵਿੱਚੋਂ 27 ਲੱਖ ਹੈਕਟੇਅਰ ਰਕਬੇ ਵਿੱਚ ਕਣਕ ਦੀ ਬਿਜਾਈ ਹੋ ਚੁੱਕੀ ਹੈ ਅਤੇ ਇਸ ਨਾਲ ਲਗਭਗ 77 ਫ਼ੀਸਦ ਟੀਚਾ ਪੂਰਾ ਕਰ ਲਿਆ ਗਿਆ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਸੂਬੇ ਵਿੱਚ ਬਿਜਾਈ ਪ੍ਰਕਿਰਿਆ ਸੁਚੱਜੇ ਢੰਗ ਨਾਲ ਚੱਲ ਰਹੀ ਹੈ। ਖੇਤੀਬਾੜੀ ਸ਼ਡਿਊਲ ਦੀ ਸਮੇਂ ਸਿਰ ਪਾਲਣਾ ਨੂੰ ਯਕੀਨੀ ਬਣਾਉਂਦਿਆਂ ਇਹ ਮਹੀਨਾ ਖ਼ਤਮ ਹੋਣ ਤੋਂ ਪਹਿਲਾਂ ਬਾਕੀ ਰਹਿੰਦੇ ਰਕਬੇ 'ਚ ਵੀ ਬਿਜਾਈ ਪ੍ਰਕਿਰਿਆ ਮੁਕੰਮਲ ਹੋਣ ਦੀ ਉਮੀਦ ਹੈ।

ਖਾਦਾਂ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਹਾੜ੍ਹੀ ਸੀਜ਼ਨ 2024-25 ਲਈ ਸੂਬੇ ਵਿੱਚ ਇਸ ਸਮੇਂ ਕੁੱਲ 4.20 ਲੱਖ ਮੀਟ੍ਰਿਕ ਟਨ ਡਾਇਮੋਨੀਅਮ ਫਾਸਫੇਟ (ਡੀਏਪੀ) ਅਤੇ 0.55 ਲੱਖ ਮੀਟ੍ਰਿਕ ਟਨ ਹੋਰ ਫਾਸਫੇਟਿਕ ਖਾਦਾਂ ਉਪਲਬਧ ਹਨ, ਜੋ ਡੀ.ਏ.ਪੀ. ਦਾ ਬਦਲ ਹਨ। ਇਸ ਸੀਜ਼ਨ ਲਈ ਕੁੱਲ 4.82 ਲੱਖ ਮੀਟ੍ਰਿਕ ਟਨ ਡੀ.ਏ.ਪੀ. ਲੋੜੀਂਦੀ ਹੈ। ਇਸ ਹਿਸਾਬ ਨਾਲ ਸੂਬੇ ਵਿੱਚ ਤਕਰੀਬਨ 99 ਫ਼ੀਸਦ ਲੋੜੀਂਦੀ ਡੀ.ਏ.ਪੀ. ਤੇ ਹੋਰ ਫਾਸਫੇਟਿਕ ਖਾਦਾਂ ਉਪਲਬਧ ਹਨ, ਜੋ ਇਹ ਯਕੀਨੀ ਬਣਾਉਂਦੀਆਂ ਹਨ ਕਿ ਸਾਡੇ ਕਿਸਾਨਾਂ ਕੋਲ ਫ਼ਸਲਾਂ ਦੇ ਵਧੇਰੇ ਉਤਪਾਦਨ ਲਈ ਲੋੜੀਂਦੇ ਸਰੋਤ ਉਪਲਬਧ ਹਨ। ਪੰਜਾਬ ਨੇ ਆਉਣ ਵਾਲੇ 3-4 ਦਿਨਾਂ ਵਿੱਚ 10,000 ਮੀਟ੍ਰਿਕ ਟਨ ਹੋਰ ਡੀ.ਏ.ਪੀ. ਭੇਜਣ ਦੀ ਮੰਗ ਕੀਤੀ ਹੈ ਅਤੇ ਮੌਜੂਦਾ ਸਮੇਂ ਲਗਭਗ 44,000 ਮੀਟ੍ਰਿਕ ਟਨ ਡੀ.ਏ.ਪੀ. ਟਰਾਂਜ਼ਿਟ ਅਧੀਨ ਹੈ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਕਿਸਾਨਾਂ ਦੀ ਭਲਾਈ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਖੇਤੀਬਾੜੀ ਮੰਤਰੀ ਜ਼ੋਰ ਦੇ ਕੇ ਕਿਹਾ ਕਿ ਖੇਤੀਬਾੜੀ ਵਿਭਾਗ ਖੇਤੀ ਸੈਕਟਰ ਦੀ ਪ੍ਰਫੁੱਲਤਾ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਵੱਖ-ਵੱਖ ਪ੍ਰੋਗਰਾਮਾਂ ਅਤੇ ਪਹਿਲਕਦਮੀਆਂ ਰਾਹੀਂ ਕਿਸਾਨਾਂ ਦੀ ਸਹਾਇਤਾ ਲਈ ਪੂਰੀ ਤਰ੍ਹਾਂ ਸਮਰਪਿਤ ਹੈ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰੰਗਲਾ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀਆਂ ਸਹਿਯੋਗੀ ਬਣਨ ਪੰਚਾਇਤਾਂ : ਡਾ: ਬਲਜੀਤ ਕੌਰ

**ਆਜ਼ਾਦ ਸੋਚ ਬਿਊਰੋ**
**ਫਾਜ਼ਿਲਕਾ, 19 ਨਵੰਬਰ**

ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਪੰਚਾਇਤਾਂ ਨੂੰ ਸਹਿਯੋਗੀ ਬਣਨ ਦਾ ਸੱਦਾ ਦਿੰਦਿਆਂ ਕੈਬਨਿਟ ਮੰਤਰੀ ਡਾ: ਬਲਜੀਤ ਕੌਰ ਨੇ ਆਖਿਆ ਹੈ ਕਿ ਪਿੰਡਾਂ ਦੇ ਵਿਕਾਸ ਨੂੰ ਪੰਜਾਬ ਸਰਕਾਰ ਵੱਲੋਂ ਵਿਸੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਹ ਅੱਜ ਇੱਥੇ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਪੰਚਾਂ ਨੂੰ ਸਹੁੰ ਚੁਕਾਉਣ ਤੋਂ ਪਹਿਲਾਂ ਉਨ੍ਹਾਂ ਨੂੰ ਸੰਬੋਧਨ ਕਰ ਰਹੇ ਸਨ।



ਕੈਬਨਿਟ ਮੰਤਰੀ ਡਾ: ਬਲਜੀਤ ਕੌਰ ਨੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ ਹੋਈ ਸਮਾਗਮ ਦੌਰਾਨ ਆਪਣੇ ਸੰਬੋਧਨ ਵਿਚ ਐਲਾਣ ਕੀਤਾ ਕਿ ਉਨ੍ਹਾਂ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਵੱਲੋਂ ਜਿੰਨ੍ਹਾਂ ਪਿੰਡਾਂ ਵਿਚ ਐਸਸੀ ਆਬਾਦੀ 50 ਫੀਸਦੀ ਤੋਂ ਵੱਧ ਹੈ, ਨੂੰ ਪ੍ਰਤੀ ਪਿੰਡ 20 ਲੱਖ ਰੁਪਏ ਦੀ ਵਿਸੇਸ਼ ਗ੍ਰਾਂਟ ਵਿਕਾਸ ਕਾਰਜਾਂ ਲਈ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਇਸ ਸਕੀਮ ਤਹਿਤ ਫਾਜ਼ਿਲਕਾ ਦੇ 40 ਪਿੰਡ ਆਉਂਦੇ ਹਨ ਅਤੇ ਇਸ ਤਹਿਤ ਗ੍ਰਾਂਟ ਦੀ ਪਹਿਲੀ ਕਿਸਤ ਜਲਦੀ ਜਾਰੀ ਕਰ ਦਿੱਤੀ ਜਾਵੇਗੀ। ਇਸ ਤੋਂ ਬਿਨ੍ਹਾਂ ਜਿੰਨ੍ਹਾਂ ਪਿੰਡਾਂ ਵਿਚ ਸਰਵਸੰਮਤੀ ਨਾਲ ਚੋਣਾਂ ਹੋਈਆਂ ਹਨ ਉਨ੍ਹਾਂ ਨੂੰ ਵੀ ਵਿਸੇਸ਼ ਗ੍ਰਾਂਟ ਮਿਲੇਗੀ। ਨਾਲ ਹੀ ਉਨ੍ਹਾਂ ਨੇ ਪਿੰਡਾਂ ਵਿਚ ਭਾਈਚਾਰਾ ਮਜਬੂਤ ਕਰਨ ਅਤੇ ਜਾਤਪਾਤ ਖਤਮ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਜਿਹੜੇ ਪਿੰਡ ਸਾਂਝਾ ਸਮਸ਼ਾਨ ਘਾਟ ਬਣਾਉਣਗੇ ਉਨ੍ਹਾਂ ਪਿੰਡਾਂ ਨੂੰ ਵੀ 5 ਲੱਖ ਰੁਪਏ ਦੀ ਗ੍ਰਾਂਟ ਉਨ੍ਹਾਂ ਦੇ ਵਿਭਾਗ ਵੱਲੋਂ ਦਿੱਤੀ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਪੰਚਾਇਤਾਂ ਨੂੰ ਫੰਡ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਪਰ ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਲੋਕਾਂ ਦਾ ਪੈਸਾ ਲੋਕਾਂ ਤੇ ਲੱਗੇ।

ਉਨ੍ਹਾਂ ਨੇ ਨਵੇਂ ਚੁਣੇ ਪੰਚਾਂ ਸਰਪੰਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਦੇ ਵਿਕਾਸ ਵਿਚ ਪੰਚ ਸਰਪੰਚ ਦੀ ਸਭ ਤੋਂ ਵੱਡੀ ਭੂਮਿਕਾ ਹੁੰਦੀ ਹੈ ਅਤੇ ਲੋਕਾਂ ਨੇ ਤੁਹਾਡੇ ਤੇ ਵਿਸਵਾਸ਼ ਜਤਾਇਆ ਹੈ ਤਾਂ ਹੁਣ ਤੁਹਾਡੀ ਜਿੰਮੇਵਾਰੀ ਹੈ ਕਿ ਲੋਕਾਂ ਦੇ ਵਿਸਵਾਸ਼ ਤੇ ਖਰਾ ਉਤਰੋ। ਉਨ੍ਹਾਂ ਨੇ ਇਸ ਮੌਕੇ ਪੰਚ ਸਰਪੰਚ ਬਣੀਆਂ ਔਰਤਾਂ ਨੂੰ ਵਿਸੇਸ਼ ਤੌਰ ਤੇ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਪੰਚਾਇਤ ਦੇ ਕੰਮਾਂ ਵਿਚ ਸਰਗਰਮੀ ਨਾਲ ਭਾਗ ਲੈਣ। ਇਸ ਮੌਕੇ ਜ਼ਿਲ੍ਹੇ ਦੇ ਪੰਜਾਂ ਬਲਾਕਾਂ ਦੇ ਪੰਚਾਂ ਨੂੰ ਕੈਬਨਿਟ ਮੰਤਰੀ ਨੇ ਸਹੁੰ ਚੁੱਕਾਈ ਜਦ ਕਿ ਸਰਪੰਚਾਂ ਨੂੰ ਪਿੱਛਲੇ ਦਿਨੀਂ ਹੋਏ ਸਮਾਗਮ ਵਿਚ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਨੇ ਸਹੁੰ ਚੁੱਕਾਈ ਸੀ।

ਇਸ ਤੋਂ ਪਹਿਲਾਂ ਬੋਲਦਿਆਂ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਸਭ ਨੂੰ ਜੀ ਆਇਆਂ ਨੂੰ ਆਖਿਆ ਤੇ ਪੰਚਾਂ ਤੇ ਸਰਪੰਚਾਂ ਨੂੰ ਸੁਭਕਾਮਨਾਵਾਂ ਦਿੱਤੀਆਂ। ਸ੍ਰੀ ਅਰੁਣ ਨਾਰੰਗ ਸਾਬਕਾ ਵਿਧਾਇਕ ਅਬੋਹਰ ਨੇ ਕਿਹਾ ਕਿ ਪੰਚਾਇਤਾਂ ਦੀ ਭੂਮਿਕਾ ਮਹੱਤਵਪੂਰਨ ਹੈ। ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਅੱਜ ਤੋਂ ਪੰਚਾਇਤਾਂ ਦਾ ਅਧਿਕਾਰਤ ਕੰਮ ਸ਼ੁਰੂ ਹੋਣ ਜਾ ਰਿਹਾ ਹੈ ਅਤੇ ਸਰਕਾਰ ਵੱਲੋਂ ਗ੍ਰਾਂਟਾਂ ਦੀ ਘਾਟ ਨਹੀਂ ਆਵੇਗੀ ਅਤੇ ਪੰਚਾਇਤਾਂ ਇਹ ਗ੍ਰਾਂਟ ਪਿੰਡਾਂ ਵਿਚ ਤਨਦੇਹੀ ਨਾਲ ਖਰਚ ਕਰਨ। ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਨੇ ਪਿੰਡਾਂ ਦੇ ਵਿਕਾਸ ਦਾ ਜੋ ਸੁਪਨਾ ਲਿਆ ਹੈ ਉਸਨੂੰ ਹਕੀਕੀ ਰੂਪ ਦੇਣ ਵਿਚ ਪੰਚਾਇਤਾਂ ਦੀ ਅਹਿਮ ਭੂਮਿਕਾ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਆਈਏਐਸ, ਐਸਐਸਪੀ ਸ: ਵਰਿੰਦਰ ਸਿੰਘ ਬਰਾੜ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰੀ ਸੁਨੀਲ ਸਚਦੇਵਾ, ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾ: ਮਨਦੀਪ ਕੌਰ, ਐਸਪੀ ਰਮਨੀਸ਼ ਚੌਧਰੀ, ਐਸਡੀਐਮ ਸ੍ਰੀ ਕੰਵਰਜੀਤ ਸਿੰਘ ਮਾਨ, ਡੀਡੀਪੀਓ ਸ੍ਰੀ ਗੁਰਦਰਸ਼ਨ ਲਾਲ ਕੁੰਡਲ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਮਾਜ ਦੇ ਪਤਵੰਤੇ ਹਾਜਰ ਸਨ।

## ਹਰਿਆਣਾ ਦੇ 11 ਜ਼ਿਲ੍ਹਿਆਂ 'ਚ ਬਾਰ੍ਹਵੀਂ ਜਮਾਤ ਤਕ ਸਕੂਲ ਬੰਦ

ਚੰਡੀਗੜ੍ਹ, 19 ਨਵੰਬਰ (ਆਜ਼ਾਦ ਸੋਚ ਬਿਊਰੋ):ਹਰਿਆਣਾ ਵਿਚ ਹਵਾ ਪ੍ਰਦੂਸ਼ਣ ਵਧਣ ਦੇ ਮੱਦੇਨਜ਼ਰ 11 ਜ਼ਿਲ੍ਹਿਆਂ ਵਿਚ ਸਕੂਲ ਬਾਰ੍ਹਵੀਂ ਜਮਾਤ ਤਕ ਬੰਦ ਕਰ ਦਿੱਤੇ ਗਏ ਹਨ। ਇਸ ਫੈਸਲਾ ਡਿਪਟੀ ਕਮਿਸ਼ਨਰਾਂ ਵੱਲੋਂ ਆਪਣੇ ਪੱਧਰ 'ਤੇ ਲਿਆ ਗਿਆ ਹੈ। ਇਸ ਤੋਂ ਪਹਿਲਾਂ ਅੱਜ ਸੂਬਾ ਸਰਕਾਰ ਨੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਪ੍ਰਦੂਸ਼ਣ ਵਧਣ ਤੋਂ ਬਾਅਦ ਆਪਣੇ ਪੱਧਰ 'ਤੇ ਸਕੂਲ ਬੰਦ ਕਰਨ ਦੇ ਅਧਿਕਾਰ ਸੌਂਪ ਦਿੱਤੇ ਹਨ। ਇਨ੍ਹਾਂ ਗਿਆਰਾਂ ਜ਼ਿਲ੍ਹਿਆਂ ਵਿਚ ਫਰੀਦਾਬਾਦ, ਗੁਰੂਗ੍ਰਾਮ, ਰੋਹਤਕ, ਰਿਵਾੜੀ, ਨੂੰਹ, ਝੱਜਰ, ਭਿਵਾਨੀ, ਮਹਿੰਦਰਗੜ੍ਹ, ਚਰਖੀ ਦਾਦਰੀ, ਪਾਣੀਪਤ ਤੇ ਸੋਨੀਪਤ ਸ਼ਾਮਲ ਹਨ। ਇਸ ਤੋਂ ਇਲਾਵਾ ਜੀਂਦ ਵਿਚ ਸਕੂਲ ਪੰਜਵੀਂ ਜਮਾਤ ਤਕ ਬੰਦ ਕਰ ਦਿੱਤੇ ਗਏ ਹਨ।

## ਸਪੀਕਰ ਸੰਧਵਾਂ ਨੇ ਜ਼ਿਲ੍ਹਾ ਫਰੀਦਕੋਟ ਦੇ 1653 ਨਵੇਂ ਚੁਣੇ ਪੰਚਾਂ ਨੂੰ ਸਹੁੰ ਚੁਕਾਈ

### ਕਿਹਾ, ਪਿੰਡਾਂ ਦਾ ਵਿਕਾਸ ਪਾਰਦਰਸ਼ੀ ਢੰਗ ਨਾਲ ਕਰਨਾ ਯਕੀਨੀ ਬਣਾਓ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 19 ਨਵੰਬਰ**

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕਿ ਪਿੰਡਾਂ ਦਾ ਵਿਕਾਸ ਪਾਰਦਰਸ਼ੀ ਢੰਗ ਨਾਲ ਕਰਨਾ ਯਕੀਨੀ ਬਣਾਓ ਤਾਂ ਜੋ ਲੋਕ ਬਿਨ੍ਹਾਂ ਪੱਖਪਾਤ ਅਤੇ ਧੜ੍ਹੇਬੰਦੀ ਤੋਂ ਨਵੀਂਆਂ ਪੰਚਾਇਤਾਂ ਦਾ ਸਹਿਯੋਗ ਕਰਨ ਅਤੇ ਪਿੰਡਾਂ ਦੇ ਵਿਕਾਸ 'ਚ ਆਪਣਾ ਯੋਗਦਾਨ ਪਾਉਣ।





ਇਸ ਮੌਕੇ ਸ. ਸੰਧਵਾਂ ਨੇ ਜ਼ਿਲ੍ਹੇ ਦੀਆਂ ਕੁੱਲ 241 ਗ੍ਰਾਮ ਪੰਚਾਇਤਾਂ ਦੇ ਕੁੱਲ 1653 ਪੰਚਾਂ ਨੂੰ ਸਹੁੰ ਚੁਕਾਈ, ਜਿਨ੍ਹਾਂ ਵਿੱਚ ਬਲਾਕ ਫਰੀਦਕੋਟ ਦੇ 788, ਬਲਾਕ ਕੋਟਪੂਰਾ ਦੇ 375 ਅਤੇ ਬਲਾਕ ਜੈਤੋਂ ਦੇ 490 ਪੰਚਾਇਤ ਮੈਂਬਰ ਸ਼ਾਮਲ ਸਨ।

ਅੱਜ ਇੱਥੇ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਨਵੇਂ ਚੁਣੇ ਪੰਚਾਇਤ ਮੈਂਬਰਾਂ ਨੂੰ ਸਹੁੰ ਚੁਕਾਉਣ ਮੌਕੇ ਸ. ਸੰਧਵਾਂ ਨੇ ਕਿਹਾ ਕਿ ਨਵੀਆਂ ਪੰਚਾਇਤਾਂ ਪਿੰਡਾਂ ਦੀ ਦਸ਼ਾ ਤੇ ਦਿਸ਼ਾ ਬਦਲ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਨਵੀਆਂ ਪੰਚਾਇਤਾਂ ਦੇ ਮੈਂਬਰ ਪਿੰਡ ਵਾਸੀਆਂ ਨਾਲ ਸਲਾਹ ਮਸ਼ਵਰਾ ਕਰਕੇ ਅਤੇ ਉਪਲੰਬਧ ਫੰਡਾਂ ਦੀ ਸਹੀ ਢੰਗ ਨਾਲ ਵਰਤੋਂ ਕਰਕੇ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨਾ ਯਕੀਨੀ ਬਣਾਉਣ।

ਪਿੰਡਾਂ ਦੀਆਂ ਧੜ੍ਹੇਬੰਦੀਆਂ ਨੂੰ ਖਤਮ ਕਰਨ ਦੀ ਸਲਾਹ ਦਿੰਦਿਆਂ ਸ. ਸੰਧਵਾਂ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡਾਂ ਦੇ ਸਾਂਝੇ ਕੰਮ ਕੀਤੇ ਜਾਣ ਅਤੇ ਆਮ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਕੰਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲੋਕਾਂ ਦੇ ਪੈਸੇ ਦੀ ਸਮਝਦਾਰੀ ਨਾਲ ਵਰਤੋਂ ਕੀਤੀ ਜਾਵੇ।

ਨਵੇਂ ਚੁਣੇ ਪੰਚਾਇਤ ਮੰਬਰਾਂ ਨੂੰ ਪਿੰਡਾਂ ਨੂੰ 'ਆਦਰਸ਼ ਪਿੰਡ' ਬਣਾਉਣ ਲਈ ਕੰਮ ਕਰਨ ਦਾ ਸੱਦਾ ਦਿੰਦਿਆਂ ਸ. ਸੰਧਵਾਂ ਨੇ ਕਿਹਾ ਕਿ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਨਿਭਾਓ ਅਤੇ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ 'ਚ ਅਹਿਮ ਭੂਮਿਕਾ ਨਿਭਾਓ ਤਾਂ ਜੋ ਅਗਲੀਆਂ ਪੀੜ੍ਹੀਆਂ ਤੁਹਾਡੇ ਵੱਲੋਂ ਕੀਤੇ ਕੰਮਾਂ ਦੀਆਂ ਉਦਾਹਰਨਾਂ ਦੇਣ।ਸ. ਸੰਧਵਾਂ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਤਰੱਕੀ ਦਾ ਧੁਰਾ ਦੱਸਦਿਆਂ ਕਿਹਾ ਕਿ ਜੇਕਰ ਪਿੰਡ ਖੁਸ਼ਹਾਲ ਹੋਣਗੇ ਤਾਂ ਹੀ ਸੂਬਾ ਤਰੱਕੀ ਕਰ ਸਕੇਗਾ ਅਤੇ ਲੋਕਾਂ 'ਚ ਖੁਸ਼ਹਾਲੀ ਆਵੇਗੀ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਵਿਧਵਾਵਾਂ, ਲੋੜਵੰਦਾਂ ਤੇ ਵਿਕਲਾਂਗਾਂ ਨੂੰ ਮਹੀਨੇਵਾਰ ਪੈਨਸ਼ਨ ਦੇ ਚੈੱਕ ਵੰਡੇ

### ਡਾ. ਐਸ.ਪੀ ਸਿੰਘ ਉਬਰਾਏ ਗੁਰੂ ਨਾਨਕ ਦੇਵ ਜੀ ਦੇ ਫ਼ਲਸਫੇ ਤੇ ਚੱਲ ਰਹੇ ਹਨ: ਇੰਜ. ਗੁਰਜਿੰਦਰ ਸਿੰਘ ਸਿੱਧੂ



**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 19 ਨਵੰਬਰ**

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 180 ਦੇ ਕਰੀਬ ਲੋੜਵੰਦ ਗਰੀਬਾਂ ਤੇ ਅਪੰਗ ਵਿਅਕਤੀਆਂ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੀਬੀ ਪ੍ਰਧਾਨ ਕੌਰ ਜੀ ਬਰਨਾਲਾ ਵਿੱਖੇ ਮਹੀਨੇ ਵਾਰੀ ਪੈਨਸ਼ਨ ਦੇ ਚੈੱਕ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਕਾਸ਼ ਗੁਰਪੁਰਬ ਦਿਹਾੜੇ 'ਤੇ ਵੰਡੇ ਗਏ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਜਿਲ੍ਹਾ ਪ੍ਰਧਾਨ ਇੰਜ. ਗੁਰਜਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਉਕਤ ਸੰਸਥਾ ਦੇ ਚੇਅਰਮੈਨ ਡਾ. ਐਸ.ਪੀ ਸਿੰਘ ਉਬਰਾਏ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫੇ ਤੇ ਚੱਲ ਰਹੇ ਹਨ।ਉਹਨਾਂ ਦੱਸਿਆ ਕਿ ਡਾ. ਐਸ.ਪੀ ਸਿੰਘ ਉਬਰਾਏ ਇਕੱਲੇ ਪੰਜਾਬ ਵਿੱਚ ਹੀ ਨਹੀਂ, ਬਲਕਿ ਸਮੁੱਚੇ ਭਾਰਤ ਦੇਸ਼ ਅਤੇ ਬਾਹਰਲੇ ਮੁੱਲਕਾਂ ਵਿੱਚ ਵੀ ਦੀਨ ਦੁੱਖੀਆਂ ਦੀ ਬਾਂਹ ਫ਼ੜਦੇ ਹਨ।

ਇੰਜ. ਸਿੱਧੂ ਨੇ ਦਸਿਆ ਕਿ ਬਰਨਾਲਾ ਜਿਲ੍ਹੇ ਅੰਦਰ ਉਹਨਾਂ ਦੀ ਸਮੁੱਚੀ ਟੀਮ ਮੇਰੀ (ਇੰਜ. ਗੁਰਜਿੰਦਰ ਸਿੰਘ ਸਿੱਧੂ) ਅਗਵਾਈ ਹੇਠ ਦਿਨ ਰਾਤ ਦੀਨ ਦੁੱਖੀਆਂ ਦੀ ਮਦਦ ਕਰ ਰਹੀ ਹੈ।

ਇਸ ਮੌਕੇ ਕੁਲਵਿੰਦਰ ਸਿੰਘ ਕਾਲਾ, ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ, ਗੁਰਮੀਤ ਸਿੰਘ ਧੌਲਾ, ਗੁਰਮੀਤ ਸਿੰਘ ਕੋਟਦੂਨਾ, ਸੂਬੇਦਾਰ ਗੁਰਜੰਟ ਸਿੰਘ, ਜਥੇਦਾਰ ਸੁਖਦਰਸ਼ਨ ਸਿੰਘ, ਗੁਰਜੰਟ ਸਿੰਘ ਸੋਨਾ, ਹੌਲਦਾਰ ਬਸੰਤ ਸਿੰਘ, ਗੁਰਦੇਵ ਸਿੰਘ ਮੱਕੜ, ਲਖਵਿੰਦਰ ਸਿੰਘ ਤੋਂ ਇਲਾਵਾ ਹੋਰ ਮੈਂਬਰ ਸਹਿਬਾਨ ਆਦਿ ਮੌਜੂਦ ਸਨ।

# ਸੁਖਬੀਰ ਸਿੰਘ ਬਾਦਲ ਸਿਆਸੀ ਡਰਾਮੇਬਾਜ਼ੀ ਬੰਦ ਕਰਨ : ਮਨਜੀਤ ਸਿੰਘ ਭੋਮਾ

**ਆਜ਼ਾਦ ਸੋਚ**
**ਸੁਖਰਾਜ ਸਿੰਘ**
**ਨਵੀਂ ਦਿੱਲੀ, 19 ਨਵੰਬਰ**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਸ. ਮਨਜੀਤ ਸਿੰਘ ਭੋਮਾ ਨੇ ਸ. ਸੁਖਬੀਰ ਸਿੰਘ ਬਾਦਲ ਦੇ ਅਸਤੀਫੇ ਨੂੰ ਵਿੰਗੇ-ਟਰਿੰਗੇ ਢੰਗ ਨਾਲ ਪ੍ਰਵਾਨ ਨਾ ਕਰਨ ਤੇ ਵਰਕਿੰਗ ਕਮੇਟੀ ਨੂੰ ਸੁਖਬੀਰ ਸਿੰਘ ਬਾਦਲ ਦੀ ਸੋਚੀ ਸਮਝੀ ਚਾਲ ਤਹਿਤ ਸਕ੍ਰਿਪਟ ਕੀਤਾ ਡਰਾਮਾ ਕਰਾਰ ਦਿੰਦਿਆਂ ਕਿਹਾ ਕਿ ਸੁਖਬੀਰ ਬਾਦਲ ਆਪਣੇ ਪਿਤਾ ਸ. ਪ੍ਰਕਾਸ਼ ਸਿੰਘ ਬਾਦਲ ਦੀ ਤਰ੍ਹਾਂ ਉਹੀ ਸਿਆਸੀ ਡਰਾਮੇ ਖੇਡ ਰਿਹਾ ਹੈ, ਜਿਹੜਾ ਡਰਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਐਕਟਿੰਗ ਜਥੇਦਾਰ ਪ੍ਰੋਫੈਸਰ ਮਨਜੀਤ ਸਿੰਘ ਦੇ ਸਮੇਂ ਸ੍ਰੀ ਅਕਾਲ ਤਖਤ ਸਾਹਿਬ 'ਤੇ ਕਰਵਾਈ ਜਾ ਰਹੀ ਸਾਰੇ ਅਕਾਲੀ ਦਲਾਂ ਦੀ ਏਕਤਾ ਨੂੰ ਤਾਰਪੀਡੋ ਕਰਨ ਲਈ ਪ੍ਰਕਾਸ਼ ਸਿੰਘ ਬਾਦਲ ਨੇ ਖੇਡਿਆ ਸੀ।ਜਿਸ ਤਰ੍ਹਾਂ ਪ੍ਰਕਾਸ਼ ਸਿੰਘ ਬਾਦਲ ਆਪਣੇ ਅਕਾਲੀ ਦਲ ਦੀ ਪੰਜ ਮੈਂਬਰੀ ਪ੍ਰਜੀਡੀਅਮ ਬਣਾ ਕੇ ਆਪ ਅਸਤੀਫਾ ਦੇ ਕੇ ਅਗਿਆਤਵਾਸ ਹੋ ਗਏ ਸਨ।ਅੱਜ ਉਹੀ ਸਿਆਸੀ ਡਰਾਮਾ ਆਪਣੀ ਪ੍ਰਧਾਨਗੀ ਬਚਾਉਣ ਲਈ ਸੁਖਬੀਰ ਬਾਦਲ ਖੇਡ ਰਿਹਾ ਹੈ।ਜਿਸ ਨੂੰ ਪੰਥ ਤੇ ਪੰਜਾਬ ਦੇ ਲੋਕ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰਨਗੇ। ਮਨਜੀਤ ਸਿੰਘ ਭੋਮਾ ਨੇ ਕਿਹਾ ਕਿ ਜੇਕਰ ਸੁਖਬੀਰ ਸਿੰਘ ਬਾਦਲ ਨੇ ਆਪਣੀ ਪ੍ਰਧਾਨਗੀ ਛੱਡਣੀ ਨਹੀਂ ਸੀ ਤੇ ਫਿਰ



ਅਸਤੀਫਾ ਦੇਣ ਦਾ ਡਰਾਮਾ ਕਰਨ ਕੀ ਲੋੜ ਸੀ? ਜਿਹੜੇ ਪੰਥਕ ਲੋਕ ਸੁਖਬੀਰ ਬਾਦਲ ਦੇ ਆਲੇ ਦੁਆਲੇ ਕਾਵਾਂ ਰੌਲੀ ਪਾ ਰਹੇ ਹਨ ਉਹ ਲੋਕ ਹੀ ਸੁਖਬੀਰ ਦਾ ਬੇੜਾ ਡੋਬਣ ਵਾਲੇ ਹਨ।ਇਹ ਲੋਕ ਸੁਖਬੀਰ ਬਾਦਲ ਵਾਂਗ ਅੱਜ ਤੱਕ ਰੱਬ ਨੂੰ ਟੱਬ ਹੀ ਦੱਸਦੇ ਰਹੇ ਹਨ ਅਤੇ ਹੁਣ ਵੀ ਇਹ ਲੋਕ ਵਰਕਿੰਗ ਕਮੇਟੀ ਤੇ ਆਪਣੇ ਅਸਤੀਫਿਆਂ ਰਾਹੀ ਦਬਾਅ ਪਾ ਕੇ ਸੁਖਬੀਰ ਦੀਆਂ ਨਜ਼ਰਾਂ ਵਿੱਚ ਟਿਕਟਾਂ ਲੈਣ ਦੀ ਖ਼ਾਤਰ ਉਸ ਦੀ ਹਮਦਰਦੀ ਲੈਣ ਤੇ ਪੰਜਾਬ ਦੇ ਲੋਕਾਂ ਨੂੰ ਮੂਰਖ ਬਣਾਉਣ ਵਿੱਚ ਲੱਗੇ ਹੋਏ ਹਨ।ਸ. ਭੋਮਾ ਨੇ ਕਿਹਾ ਕਿ ਇਹਨਾਂ ਲੋਕਾਂ ਨੂੰ ਸ਼ਾਇਦ ਇਹ ਯਾਦ ਨਹੀਂ ਕਿ ਪੰਜਾਬ ਤੇ ਪੰਥ ਸੁਖਬੀਰ ਬਾਦਲ ਦੇ ਬਜ਼ਰ ਗੁਨਾਹਾਂ ਦੀ ਸਜ਼ਾ ਉਸ ਨੂੰ ਪਿਛਲੀਆਂ ਕਈ ਚੋਣਾ ਵਿੱਚ ਦੇ ਚੁੱਕਾ ਹੈ।ਉਹਨਾਂ ਕਿਹਾ ਇਸ ਸ਼੍ਰੋਮਣੀ ਅਕਾਲੀ ਦਲ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲਿਆਂ ਨੂੰ ਸ਼ਰੇਆਮ ਲਲਕਾਰ ਕੇ ਚੈਲੰਜ ਕਰ ਰਹੇ ਹਨ।ਇਸ ਸਮੇਂ ਲੜਾਈ ਬਾਦਲ ਪਰਿਵਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਿਚਕਾਰ ਚੱਲ ਰਹੀ ਹੈ।ਸ. ਭੋਮਾ ਨੇ ਕਿਹਾ ਸੁਖਬੀਰ ਬਾਦਲ ਅਕਾਲ ਤਖ਼ਤ ਸਾਹਿਬ ਵਲੋਂ ਤਨਖ਼ਾਹੀਆ ਕਰਾਰ ਦੇਣ ਤੋਂ ਬਾਅਦ ਇਸ ਸਜ਼ਾ ਨੂੰ ਤਾਰਪੀਡੋ ਕਰਨ ਲਈ ਕਈ ਤਰ੍ਹਾਂ ਦੀਆਂ ਧਮਕੀਆਂ ਦੇਣ ਤੇ ਪਲ?ਸਣ ਦੇ ਪਾਪੜ ਵੇਲੇ ਜਾ ਰਹੇ ਹਨ।ਜਦੋਂ ਸਾਰਾ ਪੰਥ ਤੇ ਪੰਜਾਬ ਸੁਖਬੀਰ ਬਾਦਲ ਨੂੰ ਸਜ਼ਾ ਸੁਣਾ ਚੁੱਕਾ ਹੈ ਤੇ ਪੰਜ ਸਿੰਘ ਸਾਹਿਬਾਨ ਲੋਕਾਂ ਦੇ ਫੈਸਲੇ 'ਤੇ ਮੋਹਰ ਲਾ ਕੇ ਉਸ ਨੂੰ ਤਨਖ਼ਾਹੀਆ ਕਰਾਰ ਦੇ ਚੁੱਕੇ ਹਨ ਤੇ ਸਿਰਫ਼ ਸਜ਼ਾ ਸੁਣਾਉਣੀ ਬਾਕੀ ਹੈ।ਪੰਥ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਖਬੀਰ ਸਿੰਘ ਬਾਦਲ ਨੂੰ ਕੀ ਸਜ਼ਾ ਸੁਣਾਈ ਜਾਂਦੀ ਹੈ ਉਸ ਦੀ ਉਡੀਕ ਕਰ ਰਿਹਾ ਹੈ।

# ਸਰਕਾਰੀ ਕਾਲਜ 'ਚ ਐੱਨ.ਸੀ.ਸੀ ਦਿਵਸ ਨੂੰ ਸਮਰਪਿਤ ਸਵੱਛਤਾ ਅਭਿਆਨ ਤਹਿਤ ਸਫ਼ਾਈ ਮੁਹਿੰਮ ਚਲਾਈ




**ਆਜ਼ਾਦ ਸੋਚ**
**ਸ਼ਾਹਿਦ ਜ਼ੂਬੈਰੀ**
**ਮਲੇਰਕੋਟਲਾ , 19 ਨਵੰਬਰ**

ਸਥਾਨਕ ਸਰਕਾਰੀ ਕਾਲਜ ਮਲੇਰਕੋਟਲਾ ਵਿਖੇ ਲੈਫਟੀਨੈਂਟ ਕਰਨਲ ਫੈਜਾਨ ਜ਼ਹੂਰ ਪੰਜਾਬ ਬਟਾਲੀਅਨ ਐੱਨ ਸੀ ਸੀ ਲੁਧਿਆਣਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪ੍ਰਿੰਸੀਪਲ ਡਾ .ਬਲਵਿੰਦਰ ਸਿੰਘ ਵੜੈਚ ਦੀ ਸਰਪ੍ਰਸਤੀ ਅਧੀਨ ਸਵੱਛਤਾ ਅਭਿਆਨ ਤਹਿਤ ਸਫ਼ਾਈ ਮੁਹਿੰਮ ਐੱਨ ਸੀ ਸੀ ਦਿਵਸ ਨੂੰ ਸਮਰਪਿਤ ਕਰਕੇ ਚਲਾਈ ਗਈ। ਇਸ ਸਵੱਛਤਾ ਮੁਹਿੰਮ ਦਾ ਆਗਾਜ਼ ਲੈਫਟੀਨੈਂਟ ਗੁਰਤੇਜ ਸਿੰਘ ਦੀ ਦੇਖ-ਰੇਖ ਵਿੱਚ ਪ੍ਰਿੰਸੀਪਲ ਦਫ਼ਤਰ ਤੋਂ ਸਫਾਈ ਕਰਦਿਆਂ ਕੀਤਾ ਗਿਆ। ਐੱਨ ਸੀ ਸੀ ਕੈਡਿਟ ਵੱਲੋਂ ਸਮੁੱਚੇ ਕਾਲਜ ਨੂੰ ਪਲਾਸਟਿਕ, ਪਲਾਸਟਿਕ ਬੋਤਲ ਅਤੇ ਪੋਲੀਥੀਨ ਬੈਗ ਸਮੇਤ ਈ-ਕਚਰਾ ਮੁਕਤ ਕੁਝ ਹੀ ਘੰਟਿਆਂ ਵਿੱਚ ਕਰ ਦਿੱਤਾ ਗਿਆ। ਇਸ ਸਵੱਛਤਾ ਅਭਿਆਨ ਤਹਿਤ ਸਫ਼ਾਈ ਮੁਹਿੰਮ ਨੂੰ ਕੈਡਿਟਸ ਨੇ ਬੜੇ ਉਤਸ਼ਾਹ ਪੂਰਵਕ ਨੇਪਰੇ ਚਾੜਿਆ। ਐੱਨ ਸੀ ਸੀ ਵਿਭਾਗ ਦੇ ਤੀਹ ਕੈਡਿਟਸ ਨੇ ਇਸ ਸਫ਼ਾਈ ਮੁਹਿੰਮ ਵਿੱਚ ਭਾਗ ਲਿਆ।

ਅਖੀਰ ਵਿੱਚ ਕਾਲਜ ਪ੍ਰਿੰਸੀਪਲ ਡਾ. ਵੜੈਚ ਨੇ ਸਵੱਛਤਾ ਹੀ ਸੇਵਾ ਦੇ ਸੰਦਰਭ ਵਿਚ ਐੱਨ ਸੀ ਸੀ ਕੈਡਿਟ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਤੁਸੀਂ ਸਭ ਵਧਾਈ ਦੇ ਹੱਕਦਾਰ ਹੋ ਜਿੰਨਾ ਨੇ ਇਸ ਸਫ਼ਾਈ ਮੁਹਿੰਮ ਵਿੱਚ ਭਾਗ ਲਿਆ ਹੈ। ਉਨ੍ਹਾਂ ਆਖਿਆ ਕਿ ਜੇਕਰ ਸਾਡਾ ਆਲਾ ਦੁਆਲਾ ਸਾਫ਼ ਸੁਥਰਾ ਹੋਵੇਗਾ ਤਾਂ ਸਾਡੀ ਸਿਹਤ ਵੀ ਰੋਗ ਰਹਿਤ ਹੋਵੇਗੀ। ਇਸ ਲਈ ਸਾਨੂੰ ਸਮੁੱਚੇ ਭਾਰਤ ਨੂੰ ਸਵੱਛਤਾ ਮੁਹਿੰਮ ਰਾਹੀਂ ਸਾਫ਼ ਸੁਥਰਾ ਰੱਖਣ ਲਈ ਹਰ ਸੰਭਵ ਕੋਸ਼ਿਸ਼ ਕਰਨੀ ਚਾਹੀਦੀ ਹੈ ਤਾਂ ਜੋ ਲੋਕ ਸਵੱਛ ਵਾਤਾਵਰਣ ਵਿੱਚ ਜੀਵਨ ਬਤੀਤ ਕਰ ਸਕਣ।

ਇਹੋ ਜਿਹੇ ਕਾਰਜਾਂ ਲਈ ਤੁਹਾਡੇ ਵਰਗੇ ਨੌਜਵਾਨ ਯੋਧਿਆਂ ਦੀ ਦੇਸ਼ ਨੂੰ ਵਿਸ਼ੇਸ਼ ਜ਼ਰੂਰਤ ਹੈ ਅਤੇ ਹਮੇਸ਼ਾ ਰਹੇਗੀ। ਇਸ ਸਮੇਂ ਵਾਇਸ ਪ੍ਰਿੰਸੀਪਲ ਪ੍ਰੋ.ਅਰਵਿੰਦ ਕੌਰ ਮੰਡ ਉਚੇਚੇ 'ਤੇ ਹਾਜ਼ਰ ਸਨ। ਉਨ੍ਹਾਂ ਨੇ ਕੈਡਿਟ ਨੂੰ ਸ਼ਾਬਾਸ ਦਿੱਤੀ ਜੋ ਮਨ ਲਾ ਕੇ ਇਹ ਸਵੱਛ ਅਭਿਮਾਨ ਦਾ ਹਿੱਸਾ ਬਣੇ ਹਨ। ਅੰਤ ਵਿਚ ਸਫ਼ਾਈ ਮੁਹਿੰਮ ਵਿੱਚ ਭਾਗ ਲੈਣ ਵਾਲੇ ਐੱਨ ਸੀ ਸੀ ਕੈਡਿਟ ਨੂੰ ਪ੍ਰਿੰਸੀਪਲ ਸਾਹਿਬ ਵੱਲੋਂ ਰਿਫਰੈਸ਼ਮੈਂਟ ਵੀ ਦਿੱਤੀ ਗਈ।

# ਜ਼ੀ ਪੰਜਾਬੀ ਦੇ ਸਿਤਾਰੇ ਛਾਏ ਅੰਤਰਰਾਸ਼ਟਰੀ ਆਈਕੋਨਿਕ ਸਰਬੋਤਮ ਐਵਾਰਡ ਦੇ ਵਿੱਚ, ਜਸਮੀਤ ਕੌਰ ਅਤੇ ਰਮਨਦੀਪ ਸਿੰਘ ਸੂਰ ਨੇ ਸਰਵੋਤਮ ਜੋੜੀ ਦਾ ਅਤੇ ਯਾਸਮੀਨ ਨੇ ਸਭ ਤੋਂ ਮਨਪਸੰਦ ਅਭਿਨੇਤਰੀ ਦਾ ਖਿਤਾਬ ਜਿੱਤਿਆ




ਜ਼ੀ ਪੰਜਾਬੀ ਮਾਣ ਦਾ ਪਲ ਮਨਾ ਰਿਹਾ ਹੈ ਕਿਉਂਕਿ ਦੋ ਪ੍ਰਸਿੱਧ ਸ਼ੋਅ ÷ਸਹਿਜਵੀਰ÷ ਅਤੇ ÷ਗੱਲ ਮਿੱਠੀ ਮਿੱਠੀ÷ ਨੂੰ ਵੱਕਾਰੀ ਇੰਟਰਨੈਸ਼ਨਲ ਆਈਕੋਨਿਕ ਅਵਾਰਡਾਂ ਵਿੱਚ ਸਨਮਾਨਿਤ ਕੀਤਾ ਗਿਆ ਸੀ। ÷ਸਹਿਜ÷ ਅਤੇ ÷ਕਬੀਰ÷ ਦੇ ਪਿਆਰੇ ਕਿਰਦਾਰਾਂ ਨੂੰ ਸਹਿਜਵੀਰ ਵਿੱਚ ਜੀਵਨ ਵਿੱਚ ਲਿਆਉਣ ਵਾਲੀ ਜਸਮੀਤ ਕੌਰ ਅਤੇ ਰਮਨਦੀਪ ਸਿੰਘ ਸੂਰ ਨੂੰ ਪੰਜਾਬੀ ਟੈਲੀਵਿਜ਼ਨ ਇੰਡਸਟਰੀ ਦੀ ਅੰਤਰਰਾਸ਼ਟਰੀ ਆਈਕੋਨਿਕ ਸਰਵੋਤਮ ਜੋੜੀ ਨਾਲ ਸਨਮਾਨਿਤ ਕੀਤਾ ਗਿਆ। ਇਸ ਦੌਰਾਨ, ਯਾਸਮੀਨ, ਜਿਸ ਨੇ ਗੱਲ ਮਿੱਠੀ ਮਿੱਠੀ ਵਿੱਚ ÷ਰੀਤ÷ ਦਾ ਕਿਰਦਾਰ ਨਿਭਾਇਆ, ਨੇ ਪੰਜਾਬੀ ਟੈਲੀਵਿਜ਼ਨ ਦੀ ਅੰਤਰਰਾਸ਼ਟਰੀ ਆਈਕੋਨਿਕ ਸਭ ਤੋਂ ਮਨਪਸੰਦ ਅਦਾਕਾਰਾ ਦਾ ਖਿਤਾਬ ਜਿੱਤਿਆ।

ਆਪਣਾ ਧੰਨਵਾਦ ਪ੍ਰਗਟ ਕਰਦੇ ਹੋਏ, ਜਸਮੀਤ ਕੌਰ ਨੇ ਸਾਂਝਾ ਕੀਤਾ, "ਇਹ ਅਵਾਰਡ ਸਹਿਜ ਅਤੇ ਕਬੀਰ ਦੁਆਰਾ ਦਰਸ਼ਕਾਂ ਨਾਲ ਬਣਾਏ ਗਏ ਬੰਧਨ ਦਾ ਜਸ਼ਨ ਹੈ।ਅਸੀਂ ਇੱਕ ਮਨਪਸੰਦ ਆਨ-ਸਕਰੀਨ ਜੋੜੀ ਵਜੋਂ ਪਛਾਣੇ ਜਾਣ 'ਤੇ ਸੱਚਮੁੱਚ ਧੰਨ ਮਹਿਸੂਸ ਕਰਦੇ ਹਾਂ, ਅਤੇ ਅਸੀਂ ਆਪਣੇ ਪ੍ਰਸ਼ੰਸਕਾਂ ਦੇ ਉਨ੍ਹਾਂ ਦੇ ਬੇਅੰਤ ਸਮਰਥਨ ਲਈ ਧੰਨਵਾਦੀ ਹਾਂ। ਰਮਨਦੀਪ ਸਿੰਘ ਸੂਰ ਨੇ ਅੱਗੇ ਕਿਹਾ, ÷ਕਬੀਰ ਦੀ ਭੂਮਿਕਾ ਨਿਭਾਉਣਾ ਇੱਕ ਸ਼ਾਨਦਾਰ ਸਫ਼ਰ ਰਿਹਾ ਹੈ, ਅਤੇ ਇੱਕ ਜੋੜੀ ਵਜੋਂ ਇਹ ਪੁਰਸਕਾਰ ਪ੍ਰਾਪਤ ਕਰਨਾ ਸਿਖਰ 'ਤੇ ਚੈਰੀ ਹੈ। ਇਹ ਸਾਨੂੰ ਆਪਣਾ ਸਰਵੋਤਮ ਦੇਣਾ ਜਾਰੀ ਰੱਖਣ ਲਈ ਪ੍ਰੇਰਿਤ ਕਰਦਾ ਹੈ।

ਆਪਣੀ ਪ੍ਰਾਪਤੀ ਤੋਂ ਖੁਸ਼ ਯਾਸਮੀਨ ਨੇ ਕਿਹਾ, "ਸਭ ਤੋਂ ਪਸੰਦੀਦਾ ਅਭਿਨੇਤਰੀ ਵਜੋਂ ਜਾਣਿਆ ਜਾਣਾ ਇੱਕ ਸੁਪਨਾ ਸਾਕਾਰ ਹੋਣਾ ਹੈ। ਰੀਤ ਦਾ ਕਿਰਦਾਰ ਮੇਰੇ ਦਿਲ ਵਿੱਚ ਇੱਕ ਖਾਸ ਥਾਂ ਰੱਖਦਾ ਹੈ, ਅਤੇ ਮੈਂ ਉਨ੍ਹਾਂ ਦਰਸ਼ਕਾਂ ਦਾ ਧੰਨਵਾਦੀ ਹਾਂ ਜਿਨ੍ਹਾਂ ਨੇ ਉਸ ਦੀ ਕਹਾਣੀ ਨਾਲ ਜੁੜਿਆ ਹੈ।

ਜ਼ੀ ਪੰਜਾਬੀ ਨੂੰ ਕਲਾਕਾਰਾਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਦਰਸ਼ਕਾਂ ਨਾਲ ਡੂੰਘਾਈ ਨਾਲ ਜੁੜਨ, ਕਹਾਣੀਆਂ ਅਤੇ ਪ੍ਰਦਰਸ਼ਨਾਂ ਦਾ ਪਾਲਣ ਪੋਸ਼ਣ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ 'ਤੇ ਮਾਣ ਹੈ ਜੋ ਪੰਜਾਬੀ ਭਾਈਚਾਰੇ ਦੇ ਪ੍ਰਸ਼ੰਸਕਾਂ ਨਾਲ ਗੂੰਜਦੇ ਹਨ।

**ਹਰਜਿੰਦਰ ਸਿੰਘ ਜਵੰਦਾ**

# ਥਾਈਲੈਂਡ ਵਿੱਚ ਏਅਰ ਇੰਡੀਆ ਦੀ ਉਡਾਣ ਰਾਹੀਂ ਭਾਰਤ ਆ ਰਹੇ ਯਾਤਰੀ ਫਸੇ

### ਤਿੰਨ ਦਿਨ ਤੋਂ ਯਾਤਰੀਆਂ ਨੂੰ ਪ੍ਰੇਸ਼ਾਨ ਕਰਨ ਦੇ ਦੋਸ਼; 70 ਯਾਤਰੀ ਜਲਦੀ ਹੀ ਭਾਰਤ ਪੁੱਜ ਜਾਣਗੇ: ਏਅਰ ਇੰਡੀਆ

ਨਵੀਂ ਦਿੱਲੀ, 19 ਨਵੰਬਰ (ਆਜ਼ਾਦ ਸੋਚ ਬਿਊਰੋ) : ਥਾਈਲੈਂਡ ਦੇ ਫੂਕੇਟ ਵਿਚ ਸੌ ਦੇ ਕਰੀਬ ਭਾਰਤੀ ਯਾਤਰੀ ਫਸ ਗਏ ਹਨ, ਇਹ ਯਾਤਰੀ ਤਿੰਨ ਦਿਨ ਤੋਂ ਉਡਾਣ ਕਈ ਵਾਰ ਲੇਟ ਹੋਣ ਕਾਰਨ ਫਸੇ ਹੋਏ ਹਨ। ਯਾਤਰੀਆਂ ਨੇ ਦੋਸ਼ ਲਾਇਆ ਹੈ ਕਿ ਉਨ੍ਹਾਂ ਨੂੰ ਕਈ ਵਾਰ ਉਡਾਣ ਵਿਚ ਬਿਠਾਇਆ ਗਿਆ ਤੇ ਬਾਅਦ ਵਿਚ ਉਡਾਣ ਰੱਦ ਕਰ ਦਿੱਤੀ ਗਈ। ਦੂਜੇ ਪਾਸੇ ਏਅਰ ਇੰਡੀਆ ਨੇ ਦਾਅਵਾ ਕੀਤਾ ਹੈ ਕਿ ਤਕਨੀਕੀ ਕਾਰਨਾਂ ਕਰ ਕੇ ਇਹ ਸਮੱਸਿਆ ਆਈ ਹੈ ਪਰ 70 ਯਾਤਰੀ ਭਾਰਤ ਆਉਣ ਲਈ ਉਡਾਣ ਵਿਚ ਬੈਠ ਚੁੱਕੇ ਹਨ। ਦੂਜੇ ਪਾਸੇ 30 ਯਾਤਰੀ ਹਾਲੇ ਵੀ ਥਾਈਲੈਂਡ ਵਿਚ ਫਸੇ ਹੋਏ ਹਨ। ਜਾਣਕਾਰੀ ਅਨੁਸਾਰ ਏਅਰ ਇੰਡੀਆ ਦੀ ਉਡਾਣ ਨੰਬਰ 19377 16 ਨਵੰਬਰ ਨੂੰ ਫੂਕੇਟ ਤੋਂ ਨਵੀਂ ਦਿੱਲੀ ਆ ਰਹੀ ਸੀ ਪਰ ਤਕਨੀਕੀ ਖਰਾਬੀ ਆਉਣ ਕਾਰਨ ਉਸ ਨੂੰ ਰੱਦ ਕਰ ਦਿੱਤਾ ਗਿਆ। ਯਾਤਰੀਆਂ ਨੇ ਦੋਸ਼ ਲਾਇਆ ਕਿ ਉਨ੍ਹਾਂ ਦੀ ਉਡਾਣ ਤਿੰਨ ਵਾਰ ਰੱਦ ਕੀਤੀ ਗਈ ਜਿਸ ਖ਼ ?ਲਾਫ਼ ਯਾਤਰੀਆਂ ਨੇ ਸੋਸ਼ਲ ਮੀਡੀਆ 'ਤੇ ਵੀ ਆਪਣੀ ਭੜਾਸ ਕੱਢੀ ਹੈ।

ਏਅਰ ਇੰਡੀਆ ਨੇ ਕਿਹਾ ਕਿ ਉਨ੍ਹਾਂ ਨੂੰ ਇਸ 'ਤੇ ਅਫਸੋਸ ਹੈ ਕਿ ਯਾਤਰੀ ਪ੍ਰੇਸ਼ਾਨ ਹੋਏ ਹਨ। ਸੂਤਰਾਂ ਨੇ ਦੱਸਿਆ ਕਿ ਉਸ ਫਲਾਈਟ 'ਚ 144 ਯਾਤਰੀ ਸਨ ਅਤੇ ਉਨ੍ਹਾਂ 'ਚੋਂ ਜ਼ਿਆਦਾਤਰ ਵਾਪਸ ਆ ਗਏ ਹਨ। ਇਹ ਵੀ ਪਤਾ ਲੱਗਿਆ ਹੈ ਕਿ ਹਵਾਈ ਜਹਾਜ਼ ਵਿਚ ਤਕਨੀਕੀ ਸਮੱਸਿਆ ਨੂੰ ਠੀਕ ਕਰ ਲਿਆ ਗਿਆ ਹੈ।

# ਸਵਾਸਥਿਕ ਵਿਹਾਰ ਵੈਲਫੇਅਰ ਐਸੋਸੀਏਸ਼ਨ ਦੀ ਹੋਈ ਚੋਣ

### ਰਾਹੁਲ ਰਾਣਾ ਨੂੰ ਪ੍ਰਧਾਨ ਅਤੇ ਵੇਦ ਪ੍ਰਕਾਸ਼ ਗੋਇਲ ਨੂੰ ਚੁਣਿਆ ਸੀਨੀ ਉਪ ਪ੍ਰਧਾਨ



**ਆਜ਼ਾਦ ਸੋਚ**
**ਅਵਤਾਰ ਸੈਣੀ/ਜੀਰਕਪੁਰ , 19 ਨਵੰਬਰ**

ਜੀਰਕਪੁਰ ਪਟਿਆਲਾ ਸੜਕ ਤੇ ਸਥਿਤ ਸਵਾਸਥਿਕ ਵਿਹਾਰ ਕਲੋਨੀ ਵਿਖੇ ਅੱਜ ਵੈਲਫੇਅਰ ਐਸੋਸੀਏਸ਼ਨ ਦੀ ਸਰਬਸੰਮਤੀ ਨਾਲ ਚੋਣ ਹੋਈ ਇਹ ਚੋਣ ਲੇਖਰਾਜ ਦੀ ਚੇਅਰਮੈਨਸ਼ਿਪ ਹੇਠ ਹੋਈ। ਇਸ ਦੌਰਾਨ ਸਰਬਸੰਮਤੀ ਨਾਲ ਰਾਹੁਲ ਰਾਣਾ ਨੂੰ ਪ੍ਰਧਾਨ ਅਤੇ ਵੇਦ ਪ੍ਰਕਾਸ਼ ਗੋਇਲ ਨੂੰ ਸੀਨੀ ਉਪ ਪ੍ਰਧਾਨ ਚੁਣਿਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਸੋਸਾਇਟੀ ਦੇ ਨਵਨਿਯੁਕਤ ਪ੍ਰਧਾਨ ਰਾਹੁਲ ਰਾਣਾ ਨੇ ਦਸਿਆ ਕਿ ਉਨ੍ਹਾਂ ਨੂੰ ਦਿਤੀ ਜਿੰਮੇਵਾਰੀ ਨੂੰ ਉਹ ਤਨ ਮਨ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਦਸਿਆ ਕਿ ਚੋਣ ਦੌਰਾਨ ਆਰਐੱਸ ਅਹਲਾਵਤ ਨੂੰ ਉਪ ਪ੍ਰਧਾਨ, ਗੁਲਸ਼ਨ ਕੁਮਾਰ ਭਾਸ਼ੀਨ ਨੂੰ ਜਨਰਲ ਸੇਕ੍ਰੇਟਰੀ, ਸਚਿਨ ਰਾਣਾ ਨੂੰ ਫ਼ਨਾਸ ਸੇਕ੍ਰੇਟਰੀ, ਅਸ਼ਵਨੀ ਕੁਮਾਰ ਗਰਗ ਨੂੰ ਜੋਆਇੰਟ ਸੇਕ੍ਰੇਟਰੀ, ਹਰੀ ਸਿੰਘ ਦਰਹੇਲ ਨੂੰ ਅਡਵਾਈਜ਼ਰ, ਹਿਮਾਂਸ਼ੂ ਜੈਨ ਨੂੰ ਲੀਗਲ ਅਡਵਾਈਜ਼ਰ, ਅਸ਼ੋਕ ਕੁਮਾਰ ਨੂੰ ਔਡੀਟਰ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਸੁਸਾਇਟੀ ਦੀਆਂ ਸਮੱਸਿਆਵਾਂ ਨੂੰ ਸਰਕਾਰੇ ਦਰਬਾਰੇ ਪਹੁੰਚਾ ਕੇ ਉਹਨਾਂ ਨੂੰ ਹੱਲ ਕਰਾਉਣ ਦਾ ਯਤਨ ਕਰਨਗੇ।

# ਪ੍ਰਸਿੱਧ ਲੋਕ ਤੇ ਸੂਫ਼ੀ ਗਾਇਕ ਸੁਰਿੰਦਰ ਸਾਗਰ ਨੇ ਪ੍ਰਗਤੀ ਮੈਦਾਨ ਦਿੱਲੀ ਵਿੱਖੇ ਬਨਿਆਂ ਰੰਗ



**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 19 ਨਵੰਬਰ**

ਪ੍ਰਗਤੀ ਮੈਦਾਨ ਵਿੱਚ 43ਵੇਂ ਅੰਤਰਰਾਸਟਰੀ ਵਿਉਪਾਰ ਮੇਲੇ ਦੇ ਉਦਘਾਟਨੀ ਸਮਾਰੋਹ ਮੌਕੇ ਸੱਭਿਆਚਾਰਿਕ ਪ੍ਰੋਗਰਾਮ ਵਿੱਚ ਪੰਜਾਬੀ ਪ੍ਰਸਿੱਧ ਲ?ਕ ਗਾਇਕ ਤੇ ਸੂਫ਼ੀ ਗਾਇਕ ਸੁਰਿੰਦਰ ਸਾਗਰ ਨੇ ਆਪਣੀ ਮਿੱਠੀ ਤੇ ਸੁਰੀਲੀ ਆਵਾਜ਼ ਨਾਲ ਸਰੋਤਿਆਂ ਨੂੰ ਝੂਮਣ ਲਾ ਦਿੱਤਾ ਵੱਖ-ਵੱਖ ਸੂਬਿਆਂ ਤੋਂ ਆਏ ਸਰੋਤਿਆਂ ਤੋਂ ਇਲਾਵਾ ਵਿਦੇਸ਼ੀ ਡੈਲੀਗੇਟਸ ਨੇ ਸਾਗਰ ਦੀ ਲੋਕ ਗਾਇਕੀ ਤੇ ਸੂਫ਼ੀ ਗਾਇਕੀ ਦਾ ਖੂਬ ਅਨੰਦ ਮਾਣਿਆ।ਇਸ ਮੌਕੇ ਸੁਰਿੰਦਰ ਸਾਗਰ ਦਾ ਗਾਇਆ ਹਰ ਗੀਤ ਬਹੁਤ ਹੀ ਵਧੀਆ ਸੀ ਪਰ ਸਾਗਰ ਦੁਆਰਾ ਗਾਇਆ ਬਾਬਾ ਬੁੱਲ੍ਹੇਸ਼ਾਹ, ਸੁਲਤਾਨ ਬਾਹੂ ਦਾ ਸੂਫ਼ੀ ਕਲਾਮ ਘੁੰਡ ਚੁੱਕ ਓਏ ਸੱਜਣਾ, ਬਾਹੁੜੀ ਵੇ ਤਬੀਬਾ, ਦਮਾ ਦਮ ਮਸਤ ਕਲੰਦਰ ਤੋਂ ਇਲਾਵਾ ਲ?ਕ ਗ਼ੀਤ ਜੱਗਾ, ਮਿਰਜ਼ਾ, ਛੱਲਾ ਬਾਕਮਾਲ ਸੀ।ਇਸ ਪ੍ਰੋਗਰਾਮ ਦਾ ਆਯੋਜਨ ਇੰਡਿਆ ਟਰੇਡ ਪ੍ਰਮੋਸ਼ਨ ਆਰਗਨਾਈਜੇਸ਼ਨ (ਆਈ.ਟੀ.ਪੀ.ਓ) ਵਲੋਂ ਕਰਵਾਇਆ ਗਿਆ।ਸੱਭਿਆਚਾਰਿਕ ਵਿਭਾਗ ਤੋਂ ਸ੍ਰੀ ਅਕਸ਼ੇ ਲੋਹਿਟ ਤੇ ਸਾਬਕਾ ਮੈਨੇਜਰ ਸ੍ਰੀ ਜੈ ਰਾਜ ਨੇ ਵੀ ਹਾਜ਼ਰੀ ਭਰੀ।ਸੱਭਿਆਚਾਰਿਕ ਪ੍ਰੋਗਰਾਮ ਦਾ ਅਨੰਦ ਮਾਨਣ ਵਾਲਿਆਂ ਵਿੱਚ ਮਿਉਜ਼ਿਕ ਡਾਇਰਕਟਰ ਗੁਰਦੀਪ ਸਿੰਘ ਸੇਅਰਾ, ਈਸਟ 89 ਸਟੂਡੀਓ ਤੋਂ ਪ੍ਰਡਿਊਸਰ ਸ. ਸੁੱਖਵਿੰਦਰ ਸਿੰਘ ਦੀਨੇਵਾਲੀਆ ਤੋਂ ਇਲਾਵਾ ਮਿਊਜਿਕ ਨਾਲ ਜੁੜੀਆਂ ਕਈ ਹੋਰ ਹਸਤੀਆਂ ਵੀ ਨੇ ਸ਼ਿਰਕਿਤ ਕੀਤੀ।

# ਜ਼ਿਮਨੀ ਚੋਣਾਂ 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤਣਗੇ : ਵਿਧਾਇਕ ਜੌੜਾਮਾਜਰਾ





**ਆਜ਼ਾਦ ਸੋਚ**
**ਰਜਿੰਦਰ ਫ਼ਤਿਹਪੁਰ/ਸੰਜੇ ਬਾਂਸਲ**
**ਸਮਾਣਾ , 19 ਨਵੰਬਰ**

ਪੰਜਾਬ ਅੰਦਰ 20 ਨਵੰਬਰ ਨੂੰ ਚਾਰ ਵਿਧਾਨ ਸਭਾ ਹਲਕਿਆਂ ਦੀਆਂ ਹੋਣ ਜਾ ਰਹੀਆਂ ਜ਼ਿਮਨੀ ਚੋਣਾਂ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤ ਦਰਜ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸਮਾਣਾ ਵਿਧਾਇਕ ਸਰਦਾਰ ਚੇਤਨ ਸਿੰਘ ਜੌੜਾਮਾਜਰਾ ਨੇ ਬਰਨਾਲਾ ਵਿਖੇ ਆਪ ਪਾਰਟੀ ਦੇ ਉਮੀਦਵਾਰ ਹਰਿੰਦਰ ਸਿੰਘ ਧਾਲੀਵਾਲ ਦੇ ਹੱਕ ਚ ਚੋਣ ਪ੍ਰਚਾਰ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ , ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਦੀ ਅਗਵਾਈ ਵਾਲੀ 'ਆਪ' ਸਰਕਾਰ ਤੋਂ ਖ਼ੁਸ਼ ਹਨ, ਜਿਸ ਦਾ ਸਬੂਤ ਉਨ੍ਹਾਂ ਨੇ ਲੰਘੀਆਂ ਪੰਚਾਇਤੀ ਚੋਣਾਂ ਵਿਚ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਚੋਣਾਂ 'ਚ ਖੜ੍ਹੇ ਉਮੀਦਵਾਰਾਂ ਨੂੰ ਜਿੱਤਾਂ ਦਰਜ ਕਰਵਾ ਕੇ ਦੇ ਦਿੱਤਾ ਹੈ ਅਤੇ ਲੋਕ ਹੁਣ ਜ਼ਿਮਨੀ ਚੋਣਾਂ ਵਿਚ ਵੀ 'ਆਪ' ਦੇ ਉਮੀਦਵਾਰਾਂ ਨੂੰ ਵੱਡੇ ਫ਼ਰਕ ਨਾਲ ਜਿੱਤ ਦਰਜ ਕਰਵਾਉਣ ਲਈ ਉਤਾਵਲੇ ਹਨ ।

ਉਨ੍ਹਾਂ ਲੋਕਾਂ ਨੂੰ ਅਪੀਲ ਵੀ ਕੀਤੀ ਕਿ ਉਹ 'ਆਪ' ਦੇ ਉਮੀਦਵਾਰਾਂ ਨੂੰ ਜਿੱਤਾ ਕੇ ਕੇ ਵਿਧਾਨ ਸਭਾ ਵਿਚ ਭੇਜਣ ਅਤੇ ਸਰਕਾਰ ਵਿੱਚ ਆਪਣਾ ਹਿੱਸਾ ਪਾਉਣ, ਇਸ ਮੌਕੇ ਪੀ ਏ ਗੁਰਦੇਵ ਸਿੰਘ ਟਿਵਾਣਾ, ਬਲਾਕ ਪ੍ਰਧਾਨ ਗੋਪਾਲ ਕ੍ਰਿਸ਼ਨ ਗਰਗ, ਸਰਪੰਚ ਸੰਦੀਪ ਸਿੰਘ ਝਿੰਜਰ ਬੰਮਣਾ, ਸਰਪੰਚ ਸੁਖਵਿੰਦਰ ਸਿੰਘ ਲਾਡੀ ਗੁਰਾਇਆ, ਦੀਪਕ ਵਧਵਾ, ਰਵਿੰਦਰ ਬੱਲੀ ਅਤੇ ਰਣਬੀਰ ਸਿੰਘ ਕਾਲੇਕਾ ਆਦਿ ਆਪ ਆਗੂ ਵੀ ਮੌਜੂਦ ਰਹੇ।

# ਕੈਬਨਿਟ ਮੰਤਰੀ ਗੋਇਲ ਦੀ ਨਵੇਂ ਚੁਣੇ ਪੰਚ-ਸਰਪੰਚਾਂ ਨੂੰ ਅਪੀਲ ਪਿੰਡਾਂ ਦੇ ਵਿਕਾਸ ਧੜੇਬੰਦੀ ਤੋ ਉਪਰ ਉੱਠਕੇ ਕਰਨ

**ਆਜ਼ਾਦ ਸੋਚ**
**ਸ਼ਾਹਿਦ ਜ਼ੁਬੈਰੀ/ਕੁਲਵੰਤ ਸਿੰਘ ਮੁਹਾਲੀ**
**ਮਾਲੇਰਕੋਟਲਾ, 19 ਨਵੰਬਰ**

ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ, ਭੂਮੀ ਸੰਭਾਲ ਅਤੇ ਜਲ ਮੰਤਰੀ,ਪੰਜਾਬ ਬਰਿੰਦਰ ਕੁਮਾਰ ਗੋਇਲ ਨੇ ਨਵੀਆਂ ਚੁਣੀਆਂ ਗ੍ਰਾਮ ਸੰਭਾਵਾਂ ਦੇ ਨੁਮਾਇਦਿਆਂ ਨੂੰ ਪਿੰਡਾਂ ਦੇ ਵਿਕਾਸ ਦੀ ਯੋਜਨਾਂ ਨੂੰ ਧੜੇਬੰਦੀ ਤੋ ਉਪਰ ਉੱਠਕੇ ਆਮ ਲੋਕਾਂ ਦੀ ਸਲਾਹ ਤੇ ਲੋੜ ਅਨੁਸਾਰ ਨਿਰਪੱਖ ਤੇ ਪਾਰਦਰਸ਼ੀ ਤਰੀਕੇ ਨਾਲ ਉਲੀਕਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਸਾਨੂੰ ਪਿੰਡਾਂ ਵਿੱਚੋਂ ਧੜੇਬੰਦੀ ਨੂੰ ਖ਼ਤਮ ਕਰਨ ਨੂੰ ਪਹਿਲ ਦੇਣੀ ਚਾਹੀਦੀ ਹੈ ਅਤੇ ਪਿੰਡਾਂ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਮਜ਼ਬੂਤ ਕਰਨ ਲਈ ਸਖ਼ਤ ਮਿਹਨਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿੱਤੇ ਸੱਦੇ ਅਨੁਸਾਰ ਗ੍ਰਾਮ ਸਭਾਵਾਂ ਦੇ ਇਜਲਾਸ ਕਰਵਾਏ ਜਾਣ ਅਤੇ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਹਰੇਕ ਫੈਸਲਾ ਸਾਰੇ ਲੋਕਾਂ ਦੀ ਹਾਜ਼ਰੀ ਵਿੱਚ ਲਿਆ ਜਾਵੇ। ਪਿੰਡਾਂ ਦੇ ਚੋਹਤਰਫੇ ਵਿਕਾਸ ਲਈ ਪੈਸੇ ਦੀ ਦੁਰਵਰਤੋਂ ਨੂੰ ਰੋਕਣਾ ਅਤੇ ਸਮਝਦਾਰੀ ਨਾਲ ਖਰਚ ਕਰਨਾ ਯਕੀਨੀ ਬਣਾਉਣਾ ਗ੍ਰਾਮ ਸਭਾਵਾਂ ਦੀ ਨੈਤਿਕ ਜਿੰਮੇਵਾਰੀ ਹੈ।ਉਹ ਪਿੰਡਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਭਾਈਚਾਰਕ ਸਾਂਝ ਅਤੇ ਸ਼ਾਂਤੀ ਨੂੰ ਵੀ ਕਾਇਮ ਰੱਖਣ ਲਈ ਪੰਜਾਬ ਸਰਕਾਰ ਨਾਲ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖ਼ੁਸ਼ਹਾਲੀ ਲਈ ਵਚਨਬੱਧ ਹੈ। ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਫੰਡਜ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਜੇਕਰ ਗ੍ਰਾਮ ਸੰਭਾਵਾਂ ਦੇ ਨੁਮਾਇੰਦੇ ਆਪਣੀ ਸਮਾਜਿਕ ਅਤੇ ਨੈਤਿਕ ਜਿੰਮੇਵਾਰੀ ਨੂੰ ਸਮਝਦੇ ਹੋਏ ਨਿਭਾਉਣ ਤਾਂ ਉਹ ਆਮ ਆਦਮੀ ਅਤੇ ਆਪਣੇ ਪਿੰਡਾਂ ਦੀ ਤਕਦੀਰ ਬਦਲ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਉਨ੍ਹਾਂ ਨੂੰ ਹਰ ਨੇਕ ਕੰਮ ਲਈ ਪੂਰਾ ਸਹਿਯੋਗ ਦੇਵੇਗੀ। ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਪੰਚਾਇਤਾਂ ਨੂੰ ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਅਲਾਮਤ ਤੋਂ ਨਿਜਾਤ ਦਵਾਉਣ ਲਈ ਪੰਚਾਇਤਾਂ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।ਸਾਨੂੰ ਬਿਨਾਂ ਕਿਸੇ ਡਰ ਭੈਅ ਤੋਂ ਆਪਣੀ ਜਵਾਨੀ ਨੂੰ ਬਚਾਉਣ ਦੇ ਉਪਰਾਲੇ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਲੋਕ ਲਹਿਰ ਪੈਦਾ ਕਰਕੇ ਪੰਜਾਬੀਆਂ ਵਿੱਚ ਨਸ਼ੇ ਦਾ ਨਾਮੋ ਨਿਸ਼ਾਨ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਪੰਚਾਇਤੀ ਰਾਜ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਰੋਲ ਮਾਡਲ ਬਣ ਕੇ ਉੱਭਰਨ ਅਤੇ ਕੁਦਰਤੀ ਸਰੋਤਾਂ ਨੂੰ ਬਚਾਉਣ ਲਈ ਸਾਂਝੇ ਉਪਰਾਲੇ ਆਪਣੇ ਨੈਤਿਕ ਜਿੰਮੇਵਾਰੀ ਸਮਝਦੇ ਹੋਏ ਕਰਨ ਉਨ੍ਹਾਂ ਆਸ ਪ੍ਰਗਟਾਈ ਕਿ ਸਹੁੰ ਚੁੱਕਣ ਮਗਰੋਂ ਇਹ ਪੰਚ ਆਪਣੇ ਪਿੰਡਾਂ ਨੂੰ ਵਿਕਾਸ ਦੇ ਰਾਹ ਉਤੇ ਤੋਰਨਗੇ।ਵਿਧਾਇਕ ਅਮਰਗੜ੍ਹ ਪ੍ਰੋਫੈਸਰ ਜਸਵੰਤ ਸਿੰਘ ਗੱਜਣ ਮਾਜਰਾ ਨੇ ਅਵਾਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦੇ ਚਾਨਣ ਮੁਨਾਰੇ ਵਜੋਂ ਦੇਖਿਆ ਜਾਂਦਾ ਹੈ। ਇਸ ਲਈ ਲੋਕਤੰਤਰ




ਦੀ ਮਜ਼ਬੂਤੀ ਪਾਰਦਰਸੀ ਲੋਕਤੰਤਰੀ ਪ੍ਰਣਾਲੀ ਤੇ ਨਿਰਭਰ ਕਰਦੀ ਹੈ ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੇ ਭਲੇ ਲਈ ਉਨ੍ਹਾਂ ਦੀ ਸੋਚ ਅਨੁਸਾਰ ਕੰਮ ਕਰ ਰਹੀ ਹੈ ਜਿਸ ਸਦਕਾ ਸਿਹਤ,ਸਿੱਖਿਆ,ਰੋਜਗਾਰ ਆਦਿ ਵੱਲ ਵਿਸ਼ੇਸ ਧਿਆਨ ਕੇਂਦਰਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾ ਵਿੱਚ ਸੋਚ ਤੋਂ ਉੱਪਰ ਉੱਠ ਕੇ ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕਰ ਕੇ ਜਿੱਥੇ ਇਕ ਪਾਸੇ ਪਿੰਡਾਂ ਵਿੱਚ ਭਾਈਚਾਰਕ ਸਾਂਝ ਤੇ ਫਿਰਕੂ ਸਦਭਾਵਨਾ ਨੂੰ ਮਜ਼ਬੂਤ ਕੀਤਾ ਹੈ ਉੱਥੇ ਹੀ ਆਪਣੇ ਪਿੰਡਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਹੈ।

ਵਿਧਾਇਕ ਡਾ ਜਮੀਲ ਉਰ ਰਹਿਮਾਨ ਨੇ ਸਮਾਗਮ ਵਿੱਚ ਪੁੱਜੇ ਪੰਚਾ,ਸਰਪੰਚਾਂ ਅਤੇ ਹੋਰ ਸ਼ਖਸੀਅਤਾਂ ਨੂੰ ਜੀ ਆਇਆਂ ਆਖਿਆ ਤੇ ਕਿਹਾ ਕਿ ਪੰਜਾਬ ਨੂੰ ਮੁੜ ਤੋਂ ਹੱਸਦਾ, ਵਸਦਾ, ਸਿਹਤਯਾਬ, ਬਣਾਉਣ ਲਈ ਚੰਗਾ ਪ੍ਰਦਰਸ਼ਨ ਕਰਨਾ ਹੋਵੇਗਾ ਅਤੇ ਆਪਣੇ ਪਿੰਡਾਂ ਨੂੰ ਆਦਰਸ਼ ਪਿੰਡਾਂ ਵਿੱਚ ਬਦਲਣਾ ਪਵੇਗਾ।ਇਸ ਮੌਕੇ ਡਿਪਟੀ ਕਮਿਸ਼ਨਰ ਡਾ ਪੱਲਵੀ, ਐਸ.ਐਸ.ਪੀ.ਗਗਨ ਅਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ, ਐਸ ਪੀ (ਐਚ) ਮੈਡਮ ਸਵਰਨਜੀਤ ਕੌਰ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਾਕਿਬ ਅਲੀ ਰਾਜਾ, ਸ ਕੇਵਲ ਸਿੰਘ ਜਾਗੋਵਾਲ ਚੇਅਰਮੈਨ ਇਮਪਰੂਵਮੈਂਟ ਟਰੱਸਟ ਮਾਲੇਰਕੋਟਲਾ, ਵਿਧਾਇਕ ਮਾਲੇਰਕੋਟਲਾ ਦੇ ਸ਼ਰੀਕ-ਏ-ਹਯਾਤ ਫਰਿਆਲ ਰਹਿਮਾਨ, ਐਸ.ਡੀ.ਐਮ.ਹਰਬੰਸ ਸਿੰਘ, ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ, ਡੀ.ਡੀ.ਪੀ.ਓ ਰਿੰਪੀ ਗਰਗ, ਡੀ ਐਸ ਪੀ ਸ੍ਰੀ ਰਾਜਨ ਸ਼ਰਮਾ, ਤੋਂ ਇਲਾਵਾ ਹੋਰ ਪ੍ਰਮੁੱਖ ਸਖ਼ਸੀਅਤਾਂ ਮੌਜੂਦ ਸਨ।

# ਸੂਬੇਦਾਰ ਬਾਪੂ ਕਰਤਾਰ ਸਿੰਘ ਧਾਲੀਵਾਲ ਨੂੰ ਵੱਖ ਵੱਖ ਸਖਸ਼ੀਅਤਾਂ ਵਲੋਂ ਸ਼ਰਧਾਂਜਲੀ

**ਆਜ਼ਾਦ ਸੋਚ**
**ਹਰਵਿੰਦਰ ਲਾਲੀ/ਹਰਜਿੰਦਰ ਜਵੰਦਾ/ਰਜਿੰਦਰ ਫ਼ਤਿਹਪੁਰ**
**ਪਟਿਆਲਾ , 19 ਨਵੰਬਰ**

ਸੂਬੇਦਾਰ ਬਾਪੂ ਕਰਤਾਰ ਸਿੰਘ ਧਾਲੀਵਾਲ ਮਾਨਵਤਾ ਦੇ ਪੁੰਜ ਸਨ ਜਿਨ੍ਹਾਂ ਨੇ ਰੱਖੜਾ ਧਾਲੀਵਾਲ ਪਰਿਵਾਰ ਨੂੰ ਮਾਨਵਤਾ ਦੀ ਸੇਵਾ ਵੱਲ ਤੋਰਿਆ ਹੈ ਜਿੱਥੇ ਸੰਸਾਰ ਭਰ ਵਿੱਚ ਵਪਾਰਕ ਖੇਤਰ ਵਿੱਚ ਇਸ ਪਰਿਵਾਰ ਨੇ ਆਪਣੀ ਨਵੇਕਲੀ ਪਹਿਚਾਨ ਬਣਾਈ ਉੱਥੇ ਹੀ ਸਮਾਜ ਸੇਵਾ ਦੇ ਖੇਤਰ ਵਿੱਚ ਜੁੜ ਕੇ ਉਹਨਾਂ ਨੇ ਸਮਾਜਿਕ ਕਲਿਆਣਕਾਰੀ ਕੰਮਾਂ ਨੂੰ ਵੀ ਜਾਰੀ ਰੱਖਿਆ ਹੋਇਆ ਹੈ। ਇਸੇ ਸੇਵਾ ਕਰਕੇ ਜਦੋਂ ਰੱਖੜਾ ਪਰਿਵਾਰ ਦੀ ਕਿਤੇ ਗੱਲ ਚੱਲਦੀ ਹੈ ਤਾਂ ਸ਼ਹੀਦ ਸੂਬੇਦਾਰ ਬਾਪੂ ਕਰਤਾਰ ਸਿੰਘ ਨੂੰ ਲੋਕ ਯਾਦ ਕਰਦੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸੂਬੇਦਾਰ ਕਰਤਾਰ ਸਿੰਘ ਦੀ ਬਰਸੀ ਮੌਕੇ ਵੱਖ-ਵੱਖ ਰਾਜਨੀਤਿਕ ਤੇ ਧਾਰਮਿਕ ਤੇ ਸਮਾਜਿਕ ਲੀਡਰਾਂ ਵੱਲੋਂ ਸਟੇਜ ਤੋ ਬੋਲਦਿਆਂ ਕੀਤਾ ਗਿਆ। ਉਹਨਾਂ ਦੀ ਬਰਸੀ ਪਿੰਡ ਰੱਖੜਾ ਕਰਤਾਰ ਵਿਲਾ ਫਾਰਮ ਹਾਊਸ ਵਿੱਚ ਮਨਾਈ ਗਈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਹਜ਼ਾਰਾਂ ਸੰਗਤਾਂ ਨਮਨਸਤਕ ਹੋਈਆਂ ਉਹਨਾਂ ਦੀ ਬਰਸੀ ਸਮਾਗਮ ਵਿੱਚ ਪਹੁੰਚੇ ਹੋਏ ਰਾਜਨੀਤਿਕ ਲੀਡਰਾਂ ਵਿੱਚੋਂ ਬੀਬੀ ਜੰਗੀਰ ਕੌਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ ਜਸਵੀਰ ਸਿੰਘ ਰੋੜੇ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਤੇ ਹੋਰ ਨਾ ਬੁਲਾਰਿਆਂ ਨੇ ਕਿਹਾ ਕਿ ਜਿੱਥੇ ਬਾਪੂ ਜੀ ਨੇ ਦੇਸ਼ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਇਆ ਉੱਥੇ ਹੀ ਆਪਣੇ ਪਰਿਵਾਰ ਨੂੰ ਚੰਗੀ ਤਲੀਮ ਦੇ ਕੇ ਮਾਨਵਤਾ ਦੀ ਸੇਵਾ ਵੱਲ ਵੀ ਤੋਰਿਆ ਧਾਲੀਵਾਲ ਪਰਿਵਾਰ ਵਿੱਚ ਦਰਸ਼ਨ ਸਿੰਘ ਧਾਲੀਵਾਲ ਨੇ ਵੀ ਸਮਾਜਿਕ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਈ ਹੈ ਅਤੇ ਜਿੱਥੇ ਵਪਾਰਕ ਖੇਤਰ ਦੇ ਵਿੱਚ ਵੱਡਾ ਨਾਮ ਹੈ ਉੱਥੇ ਹੀ ਸਮਾਜਿਕ ਖੇਤਰ ਵਿੱਚ ਦਾਨ ਪੁੰਨ ਕਰਨ ਤੇ ਸਮਾਜਿਕ ਕਾਰਜਾਂ ਵਿੱਚ ਹਮੇਸ਼ਾ ਹੀ ਦਰਿਆ ਦਿਲੀ ਵਿਖਾਈ ਹੈ ਸੁਰਜੀਤ ਸਿੰਘ ਰਖੜਾ ਨੇ ਰਾਜਨੀਤੀ ਖੇਤਰ ਵਿੱਚ ਜਿੱਥੇ ਨਿਮਾਣਾ ਖੱਟਿਆ ਹੈ ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵਿੱਚ ਵਜ਼ੀਰ ਹੁੰਦੇ ਕਦੀ ਵੀ ਆਪਣੇ ਆਪ ਨੂੰ ਮੰਤਰੀ ਨਹੀਂ ਸਮਝਿਆ ਬਲਕਿ ਇੱਕ ਸੇਵਕ ਵਜੋਂ ਪੰਥ ਨੂੰ ਸੇਵਾ ਦਾ ਮੌਕਾ ਦਿੱਤਾ ਵੱਖ-ਵੱਖ ਲੀਡਰਾਂ ਨੇ ਉਹਨਾਂ ਦੇ ਪਰਿਵਾਰ ਵੱਲੋਂ ਨਿਭਾਈਆਂ ਗਈਆਂ ਸਮਾਜ ਸੇਵੀ ਖੇਤਰ ਦੀਆਂ ਗਤੀਵਿਧੀਆਂ ਦਾ ਜ਼ਿਕਰ ਕੀਤਾ ਉੱਥੇ ਕੀ ਬਾਪੂ ਕਰਤਾਰ ਸਿੰਘ ਧਾਲੀਵਾਲ ਦੀ ਮਿਸਾਲ ਦੇ ਕੇ ਪਰਿਵਾਰਾਂ ਨੂੰ ਉਹਨਾਂ ਤੋਂ ਸੇਧ ਲੈਣ ਲਈ ਵੀ ਪ੍ਰੇਰਿਆ ਅਖੀਰ ਵਿੱਚ ਸੁਰਜੀਤ ਸਿੰਘ ਰੱਖੜਾ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਬਰਸੀ ਸਮਾਗਮ ਵਿੱਚ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ, ਹਜ਼ੂਰ ਜਸਦੀਪ ਸਿੰਘ ਗਿੱਲ, ਸੁਖਦੇਵ ਸਿੰਘ ਢੀਂਡਸਾ ਢੀਡਸਾ, ਬੀਬੀ ਜੰਗੀਰ ਕੌਰ, ਹਰਿੰਦਰ ਪਾਲ ਸਿੰਘ ਹੈਰੀਮਾਨ, ਛੋਟੇਪੁਰ, ਸਿਕੰਦਰ ਸਿੰਘ ਮਲੂਕਾ, ਐਸਐਸ ਬੋਰਡ ਦੇ ਸਾਬਕਾ ਚੇਅਰਮੈਨ ਸੰਤਾ ਸਿੰਘ ਉਮੇਦਪੁਰੀ, ਸਤਵਿੰਦਰ ਸਿੰਘ ਟੌਹੜਾ, ਸਾਬਕਾ ਐਮਐਲਏ ਹਰਿੰਦਰ ਪਾਲ ਸਿੰਘ ਚੰਦੂ, ਜਸਪਾਲ ਸਿੰਘ ਬਿੱਟੂ, ਐਮਸੀ ਜੋਗਿੰਦਰ ਸਿੰਘ ਕਾਕੜਾ ਹਰਦੀਪ ਸਿੰਘ ਸਾਬਕਾ ਐਮਸੀ, ਸੁਰਜੀਤ ਸਿੰਘ ਅਬਲੋਵਾਲ, ਰਣਧੀਰ ਸਿੰਘ ਰੱਖੜਾ, ਮਨਜਿੰਦਰ ਸਿੰਘ ਰਾਣਾ ਸੇਖੋਂ, ਅਸ਼ੋਕ ਮੋਦਗਿੱਲ, ਸਰਪੰਚ ਗੋਸ਼ਾ, ਜਗਜੀਤ ਸਿੰਘ ਸੋਨੀ, ਬੂਟਾ ਸਿੰਘ ਕਿਸਾਨ ਯੂਨੀਅਨ, ਮਨਜਿੰਦਰ ਸਿੰਘ ਗੱਜੂਮਾਜਰਾ, ਡਿੰਪੀ ਬਾਂਸਲ ਅਤੇ ਮਨਜੀਤ ਸਿੰਘ ਭੋਲਾ ਆਦਿ ਸਮੇਤ ਵੱਡੀ ਗਿਣਤੀ ਇਲਾਕੇ ਭਰ ਤੋਂ ਲੋਕ ਪੁੱਜੇ ਹੋਏ ਸਨ।



ਇਸ ਮੌਕੇ ਪੁਲਿਸ ਤੇ ਸਿਵਲ ਪ੍ਰਸ਼ਾਸਨ ਦੇ ਕਈ ਵੱਡੇ ਅਧਿਕਾਰੀਆਂ ਨੇ ਵੀ ਇਸ ਬਰਸੀ ਵਿੱਚ ਆਪਣੀ ਹਾਜ਼ਰੀ ਲਵਾਈ।

# ਡੇਰਾ ਬਾਬਾ ਨਾਨਕ ਵਿਖੇ 900 ਡੱਬੇ ਸ਼ਰਾਬ ਦੇ ਫੜੇ ਜਾਣਾ ਨਿੰਦਣਯੋਗ ਤੇ ਚੋਣ ਨਿਯਮਾਂ ਦਾ ਘਾਣ: ਸਿਮਰਨਜੀਤ ਸਿੰਘ ਮਾਨ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 19 ਨਵੰਬਰ**

ਪੰਜਾਬ ਦੇ 4 ਵਿਧਾਨ ਸਭਾ ਹਲਕਿਆਂ ਦੀਆਂ ਜਿਮਨੀ ਚੋਣਾਂ ਹੋ ਰਹੀਆ ਹਨ ਅਤੇ ਇਨ੍ਹਾਂ ਹਲਕਿਆ ਵਿਚ ਕਾਨੂੰਨੀ ਵਿਵਸਥਾਂ ਨੂੰ ਠੀਕ ਰੱਖਣ ਤੇ ਵੋਟਾਂ ਵਿਚ ਧਾਂਦਲੀ ਹੋਣ ਤੋਂ ਰੋਕਣ ਲਈ ਚੋਣ ਕਮਿਸਨ ਪੰਜਾਬ ਦੀ ਮੁੱਖ ਜਿੰਮੇਵਾਰੀ ਹੈ, ਤਾਂ ਉਥੇ 900 ਡੱਬੇ ਸ਼ਰਾਬ ਦੇ ਫੜੇ ਜਾਣ, ਜਿਨ੍ਹਾਂ ਦੀ ਕੀਮਤ 1 ਕਰੋੜ ਰੁਪਏ ਬਣਦੀ ਹੈ ਅਤੇ ਇਹ ਡੱਬੇ ਆਮ ਆਦਮੀ ਪਾਰਟੀ ਤੋਂ ਫੜ੍ਹੇ ਗਏ ਹਨ ਤਾਂ ਹੁਣ ਚੋਣ ਕਮਿਸਨ ਪੰਜਾਬ ਤੇ ਚੋਣ ਕਮਿਸਨ ਇੰਡੀਆ ਦੀ ਇਹ ਜਿੰਮੇਵਾਰੀ ਬਣ ਜਾਂਦੀ ਹੈ ਕਿ ਮੁੱਖ ਮੰਤਰੀ ਪੰਜਾਬ, ਡਿਪਟੀ ਕਮਿਸਨਰ ਗੁਰਦਾਸਪੁਰ, ਐਸ.ਐਸ.ਪੀ ਗੁਰਦਾਸਪੁਰ, ਐਸ.ਪੀ ਹੈਡਕੁਆਰਟਰ ਤੇ ਹੋਰ ਪੁਲਿਸ ਅਧਿਕਾਰੀਆਂ ਨੂੰ ਗ੍ਰਿਫਤਾਰ ਕਰਨ ਵਿਚ ਦੇਰੀ ਕਿਉਂ ਕੀਤੀ ਜਾ ਰਹੀ ਹੈ ?ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਡੇਰਾ ਬਾਬਾ ਨਾਨਕ ਵਿਖੇ ਹੋ ਰਹੀ ਵਿਧਾਨ ਸਭਾ ਜਿਮਨੀ ਚੋਣ ਵਿਚ ਜੋ ਹਕੂਮਤ ਪਾਰਟੀ ਆਪ ਦੇ ਬੰਦਿਆ ਕੋਲੋ 900 ਡੱਬੇ ਸ਼ਰਾਬ ਦੇ ਫੜੇ ਗਏ ਉਤੇ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਹ ਅਮਲ ਤਾਂ ਆਮ ਵੋਟਰਾਂ ਨੂੰ ਲਾਲਚ ਦੇ ਕੇ ਭਰਮਾਉਣ ਅਤੇ ਚੋਣ ਨਿਯਮਾਂ ਦੀ ਘੋਰ ਉਲੰਘਣਾ ਵਾਲੇ ਹਨ।ਇਸ ਲਈ ਚੋਣ ਕਮਿਸਨ ਪੰਜਾਬ ਨੂੰ ਤੁਰੰਤ ਉਪਰੋਕਤ ਹੋਏ ਵੱਡੇ ਦੁੱਖਦਾਇਕ ਅਮਲ ਨੂੰ ਮੁੱਖ ਰੱਖਦੇ ਹੋਏ ਉਪਰੋਕਤ ਅਧਿਕਾਰੀਆ ਦੀ ਗ੍ਰਿਫਤਾਰੀ ਦੇ ਹੁਕਮ ਕਰਦੇ ਹੋਏ ਅੱਜ 20 ਨਵੰਬਰ ਨੂੰ ਪੈਣ ਵਾਲੀਆ ਵੋਟਾਂ ਨੂੰ ਸਹੀ ਢੰਗ ਨਾਲ ਪ੍ਰਬੰਧ ਕਰਨ ਲਈ ਇਨ੍ਹਾਂ ਦੀ ਗ੍ਰਿਫਤਾਰੀ ਤੁਰੰਤ ਹੋਣ ਲਈ ਅਮਲ ਹੋਣਾ ਚਾਹੀਦਾ ਹੈ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਇਸ ਵੱਡੇ ਗਬਨ ਤੇ ਚੋਣ ਨਿਯਮਾਂ ਦਾ ਘਾਣ ਕਰਨ ਵਾਲੀ ਪੰਜਾਬ ਸਰਕਾਰ ਤੇ ਪੁਲਿਸ ਅਧਿਕਾਰੀਆ ਨੂੰ ਸਹੀ ਢੰਗ ਨਾਲ ਸਜ਼ਾ ਦਿਵਾਉਣ ਲਈ ਇਸਦੀ ਤਫਤੀਸ ਨਿਰਪੱਖਤਾ ਨਾਲ ਈ.ਡੀ ਰਾਹੀ ਹੋਣੀ ਚਾਹੀਦੀ ਹੈ ਤਾਂ ਕਿ ਅਸਲ ਦੋਸ਼ੀ ਕਿਸੇ ਤਰ੍ਹਾਂ ਵੀ ਕਾਨੂੰਨੀ ਦੀ ਮਾਰ ਅਤੇ ਸਜਾਵਾਂ ਤੋ ਨਾ ਬਚ ਸਕਣ।ਸ. ਸਿਮਰਨਜੀਤ ਸਿੰਘ ਮਾਨ ਨੇ ਆਪਣੀ ਪਾਰਟੀ ਦੇ ਡੇਰਾ ਬਾਬਾ ਨਾਨਕ ਤੋਂ ਚੋਣ ਲੜ ਰਹੇ ਪੰਥਕ ਉਮੀਦਵਾਰ ਸ. ਲਵਪ੍ਰੀਤ ਸਿੰਘ ਤੂਫਾਨ ਤੇ ਉਨ੍ਹਾਂ ਦੇ ਸਹਿਯੋਗੀਆਂ ਸ. ਗੁਰਬਚਨ ਸਿੰਘ ਪਵਾਰ ਸਮੁੱਚੇ ਅਹੁਦੇਦਾਰਾਂ ਦਾ ਇਸ ਗੱਲੋਂ ਧੰਨਵਾਦ ਕੀਤਾ ਕਿ ਉਨ੍ਹਾਂ ਵੱਲੋਂ ਵਰਤੀ ਗਈ ਚੌਕਸੀ ਦੇ ਕਾਰਨ ਹਕੂਮਤ ਪਾਰਟੀ ਵੋਟਰਾਂ ਨੂੰ ਸਰਾਬ ਤੇ ਹੋਰ ਵਸਤਾਂ ਦਾ ਲਾਲਚ ਦੇ ਕੇ ਜੋ ਭਰਮਾਉਣ ਜਾ ਰਹੀ ਸੀ, ਉਸ ਸਾਜਿਸ਼ ਨੂੰ ਅਸਫਲ ਬਣਾ ਕੇ ਵੱਡੀ ਜਿੰਮੇਵਾਰੀ ਨਿਭਾਈ ਗਈ ਹੈ।ਸ. ਮਾਨ ਨੇ ਕਿਹਾ ਕਿ ਜੋ ਪੰਜਾਬ ਵਿਚ ਸਰਹੱਦਾਂ ਰਾਹੀ ਨਸ਼ਾ ਆਉਣ ਦੀ ਗੱਲ ਕੀਤੀ ਜਾ ਰਹੀ ਹੈ, ਉਹ ਤਾਂ ਕੇਵਲ ਸੱਚਾਈ ਤੇ ਘੱਟਾ ਪਾਉਣ ਵਾਲੀ ਗੱਲ ਹੈ ਜਦੋਂ ਹੁਕਮਰਾਨ ਹੀ ਇਹ ਕੰਮ ਕਰ ਰਹੇ ਹਨ ਤਾਂ ਇਨ੍ਹਾਂ ਦੋਸ਼ੀਆਂ ਨੂੰ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ, ਜਿਨ੍ਹਾਂ ਤੋ ਇਹ ਵਸਤਾਂ ਫੜੀਆਂ ਗਈਆਂ ਹਨ।



# ਸੂਬੇ ’ਚ ਪਹਿਲੀ ਵਾਰ 3000 ਪੰਚਾਇਤਾਂ ਦੀ ਸਰਬ ਸੰਮਤੀ ਨਾਲ ਹੋਈ ਚੋਣ : ਕੈਬਨਿਟ ਮੰਤਰੀ ਸੌਂਦ

## ਪਿੰਡਾਂ ਦੇ ਵਿਕਾਸ ਕਾਰਜਾਂ ਨਾਲ ਜੁੜੇ ਫੈਸਲੇ ਪਿੰਡਾਂ ਦੇ ਆਮ ਇਜਲਾਸ ਬੁਲਾ ਕੇ ਕਰਨ ਨੂੰ ਤਰਜੀਹ ਦੇਣ ਪੰਚਾਇਤਾਂ-ਸੌਂਦ

**ਆਜ਼ਾਦ ਸੋਚ**
**ਸੁਨੀਲ ਵਰਮਾ**
**ਫ਼ਤਹਿਗੜ੍ਹ ਸਾਹਿਬ, 19 ਨਵੰਬਰ**

ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਨਵੀਆਂ ਚੁਣੀਆਂ ਪੰਚਾਇਤਾਂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਲੋਕ ਹਿੱਤ ਵਿੱਚ ਫੈਸਲੇ ਲੈਣ ਨੂੰ ਤਰਜੀਹ ਦੇਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਖੇਡ ਸਟੇਡੀਅਮ, ਸਰਹਿੰਦ ਵਿਖੇ ਨਵੇਂ ਚੁਣੇ ਪੰਚਾਂ ਨੂੰ ਸਹੁੰ ਚੁਕਾਉਣ ਮੌਕੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਰੱਖੇ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਗ੍ਰਾਂਟਾ ਦੀ ਪਾਰਦਰਸ਼ੀ ਢੰਗ ਨਾਲ ਵਰਤੋਂ ਕਰਦਿਆਂ ਪਿੰਡਾਂ ਨੂੰ ਸ਼ਹਿਰਾਂ ਦੀ ਤਰਜ਼ ਤੇ ਸੁਵਿਧਾਵਾਂ ਮੁਹੱਈਆ ਕਰਵਾਈਆ ਜਾਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਦਾ ਪਿੰਡ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਅਹਿਮ ਰੋਲ ਹੁੰਦਾ ਹੈ, ਇਸ ਲਈ ਸਮੁੱਚੀ ਪੰਚਾਇਤ ਦਾ ਫ਼ਰਜ਼ ਬਣਦਾ ਹੈ ਕਿ ਲੋਕਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਹਰੇਕ ਕਾਰਜ਼ ਨੂੰ ਲੋਕਾਂ ਦੀ ਸਲਾਹ ਨਾਲ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੀ ਲਗਭਗ 70 ਫੀਸਦੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਜਿਸ ਕਾਰਨ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦੇ ਚਾਨਣ ਮੁਨਾਰੇ ਵਜੋਂ ਜਾਣਿਆ ਜਾਂਦਾ ਹੈ।

ਉਨ੍ਹਾਂ ਕਿਹਾ ਸੂਬਾ ਸਰਕਾਰ ਵੱਲੋਂ ਬਣਾਈਆ ਨੀਤੀਆਂ ਅਤੇ ਇਨ੍ਹਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨ ਵਿੱਚ ਸਰਪੰਚਾਂ-ਪੰਚਾਂ ਦੀ ਵੱਡੀ ਭੂਮਿਕਾ ਹੁੰਦੀ ਹੈ। ਉਨ੍ਹਾਂ ਸਮੂਹ ਪੰਚਾਂ ਨੂੰ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਫ਼ੰਡਾਂ ਦੀ ਕੋਈ ਘਾਟ ਨਹੀ ਆਉਣ ਦਿੱਤੀ ਜਾਵੇਗੀ, ਬਸ ਲੋੜ ਹੈ ਹਰੇਕ ਪੰਚਾਇਤ ਨੂੰ ਆਪਣੇ ਪਿੰਡ ਨੂੰ ਵਿਕਾਸ ਦੀਆਂ ਲੀਹਾਂ ਵੱਲ ਤੋਰਨ ਦੀ ਅਤੇ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰਨ ਦੀ।



ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਨੇ ਪੰਚਾਂ ਨੂੰ ਅਪੀਲ ਕੀਤੀ ਕਿ ਦਿਨੋਂ ਦਿਨ ਵੱਧ ਰਹੇ ਵਾਤਾਵਰਣ ਪ੍ਰਦੂਸ਼ਣ ਦਾ ਖਾਤਮਾ ਕਰਨ ਵਿੱਚ ਪੰਚਾਇਤਾਂ ਨੂੰ ਵਿਆਪਕ ਯੋਜਨਾ ਬਣਾਉਣੀ ਚਾਹੀਦੀ ਹੈ ਤਾਂ ਜੋ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਦੇ ਵਾਤਾਵਰਣ ਨੂੰ ਹਰਿਆ-ਭਰਿਆ ਤੇ ਪ੍ਰਦੂਸ਼ਣ ਮੁਕਤ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਅਤੇ ਖ਼ੁਸ਼ਹਾਲੀ ਦੀ ਗਤੀ ਨੂੰ ਹੋਰ ਹੁਲਾਰਾ ਦੇਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਪੰਚਾਇਤਾਂ ਸਰਕਾਰ ਅਤੇ ਪਿੰਡਾਂ ਵਿਚਕਾਰ ਪੁਲ ਦਾ ਕੰਮ ਕਰਦੀਆਂ ਹਨ ਅਤੇ ਪੰਚਾਂ ਤੇ ਸਰਪੰਚਾਂ ਨੂੰ ਪਿੰਡਾਂ ਦੇ ਵਿਕਾਸ ਵਿੱਚ ਵੱਡਾ ਰੋਲ ਅਦਾ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਪੰਚਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨ ਲਈ ਵੀ ਕਿਹਾ।

ਇਸ ਮੌਕੇ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਤੇ ਬਸੀ ਪਠਾਨਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਨਵੇਂ ਚੁਣੇ ਪੰਚਾਂ ਨੂੰ ਪਿੰਡਾਂ ਦੇ ਸਰਬਪੱਖੀ ਵਿਕਾਸ ਕਾਰਜ ਬਿਨਾਂ ਕਿਸੇ ਭੇਦ-ਭਾਵ ਤੋਂ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੰਚਾਇਤਾਂ ਸਰਕਾਰ ਦੀਆਂ ਵਿਕਾਸ ਪੱਖੀ ਸਕੀਮਾਂ ਨੂੰ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਅਦਾ ਕਰਦੀਆਂ ਹਨ।

ਇਸ ਲਈ ਸਰਕਾਰ ਦੀਆਂ ਵਿਕਾਸ ਪੱਖੀ ਤੇ ਲੋਕ ਭਲਾਈ ਸਕੀਮਾਂ ਨੂੰ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਹੇਠਲੇ ਪੱਧਰ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਪੰਚਾਇਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਿੰਡਾਂ ਦੇ ਆਪਸੀ ਝਗੜਿਆਂ ਨੂੰ ਪੰਚਾਇਤ ਵਿੱਚ ਬੈਠ ਕੇ ਹੀ ਹੱਲ ਕਰ ਲਿਆ ਜਾਵੇ।

ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਬਸੀ ਪਠਾਨਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਪਰਮਜੀਤ ਸਿੰਘ ਦਾ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ, ਜ਼ਿਲ੍ਹਾ ਪੁਲਿਸ ਮੁਖੀ ਡਾ. ਰਵਜੋਤ ਗਰੇਵਾਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਜੇ ਸਿੰਘ ਲਿਬੜਾ, ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਮਨਦੀਪ ਕੌਰ, ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਚਨਾਰਥਲ ਦੇ ਚੇਅਰਮੈਨ ਰਸ਼ਪਿੰਦਰ ਸਿੰਘ ਰਾਜਾ, ਮਾਰਕੀਟ ਕਮੇਟੀ ਅਮਲੋਹ ਦੀ ਚੇਅਰਮੈਨ ਸੁਖਵਿੰਦਰ ਕੌਰ, ਵਧੀਕ ਡਿਪਟੀ ਕਮਿਸ਼ਨਰ (ਜ) ਗੀਤਿਕਾ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਐਸ.ਪੀ. (ਜਾਂਚ) ਰਾਕੇਸ਼ ਯਾਦਵ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਅਰਵਿੰਦ ਗੁਪਤਾ, ਐਸ.ਡੀ.ਐਮ. ਬਸੀ ਪਠਾਣਾ ਹਰਬੀਰ ਕੌਰ, ਐਸ.ਡੀ.ਐਮ. ਅਮਲੋਹ ਮਨਜੀਤ ਸਿੰਘ ਰਾਜਲਾ, ਡੀ.ਡੀ.ਪੀ.ਓ. ਜਸਪ੍ਰੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਸਰਪੰਚ, ਪੰਚ ਤੇ ਹੋਰ ਪਤਵੰਤੇ ਹਾਜ਼ਰ ਸਨ।

# ਪਿੰਡ ਮੌੜ ਖੁਰਦ ਦੀ ਜੱਜ ਬਣੀ ਰਮਨਦੀਪ ਕੌਰ ਦਾ ਪਿੰਡ ਵਾਸੀਆਂ ਨੇ ਕੀਤਾ ਭਰਵਾਂ ਸਵਾਗਤ



**ਆਜ਼ਾਦ ਸੋਚ**
**ਪਰਮਜੀਤ ਸਿੰਘ ਪੰਮਾ**
**ਮੌੜ ਮੰਡੀ , 19 ਨਵੰਬਰ**

ਪਿੰਡ ਮੌੜ ਖੁਰਦ ਦੀ ਰਮਨਦੀਪ ਕੌਰ ਹਰਿਆਣਾ ਵਿੱਚ ਐੱਚ.ਸੀ.ਐੱਸ. ਜੁਡੀਸ਼ੀਅਲ ਸਰਵਿਸਿਜ਼ ਦੀ ਪ੍ਰੀਖਿਆ ਪਾਸ ਕਰਕੇ ਜੱਜ ਬਣ ਗਈ ਹੈ।ਐੱਚ.ਸੀ.ਐੱਸ. ਜੁਡੀਸ਼ੀਅਲ ਸਰਵਿਸਿਜ਼ ਦੀ ਪ੍ਰੀਖਿਆ ਦੇ ਨਤੀਜਿਆਂ ’ਚ ਉਸ ਨੇ 17 ਵਾਂ ਰੈਂਕ ਹਾਸਲ ਕੀਤਾ ਹੈ। ਰਮਨਦੀਪ ਕੌਰ ਪੁੱਤਰੀ ਮਾਸਟਰ ਜਗਜੀਤ ਸਿੰਘ ਦੇ ਪਿੰਡ ਪਹੁੰਚਣ ਤੇ ਪਿੰਡ ਵਾਸੀਆਂ ਨੇ ਭਰਵਾਂ ਸਵਾਗਤ ਕੀਤਾ। ਰਮਨਦੀਪ ਕੌਰ ਨੇ ਦੱਸਿਆ ਕਿ ਇਸ ਵਾਰ ਹਰਿਆਣਾ ਵਿਚ ਹੋਈ ਪ੍ਰੀਖਿਆ ਪਾਸ ਕਰਕੇ 17 ਵਾਂ ਰੈਂਕ ਹਾਸਲ ਕੀਤਾ ਹੈ। ਸਖ਼ਤ ਮਿਹਨਤ ਤੋਂ ਬਾਅਦ ਰਮਨਦੀਪ ਕੌਰ ਨੂੰ ਜੱਜ ਬਣਨ ਦਾ ਮੌਕਾ ਮਿਲਿਆ ਹੈ। ਜੱਜ ਬਣ ਕੇ ਪਿੰਡ ਪਰਤੀ ਰਮਨਦੀਪ ਕੌਰ ਤਾਂ ਉਸ ਦੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ।

ਰਮਨਦੀਪ ਕੌਰ ਨੇ ਆਪਣੇ ਮਨ ਵਿਚ ਫ਼ੈਸਲਾ ਕੀਤਾ ਸੀ ਕਿ ਉਹ ਆਪਣੀ ਅਤੇ ਆਪਣੇ ਪਰਿਵਾਰ ਦੀ ਵੱਖਰੀ ਪਛਾਣ ਬਣਾਵੇਗੀ। ਪਿਤਾ ਜਗਜੀਤ ਸਿੰਘ ਨੇ ਦੱਸਿਆ ਕਿ ਮੇਰੀ ਧੀ ਨੇ ਅੱਗੇ ਆਉਣ ਲਈ ਬਹੁਤ ਮਿਹਨਤ ਕੀਤੀ।ਉਹਨਾਂ ਅੱਗੇ ਦੱਸਿਆ ਕਿ ਸਾਡਾ ਮਕਸਦ ਸਿਰਫ਼ ਇਹ ਸੀ ਕਿ ਕੁੜੀ ਪੜ੍ਹ ਕੇ ਆਪਣਾ ਮੁਕਾਮ ਹਾਸਲ ਕਰੇ। ਉਸ ਦੀ ਧੀ ਨੇ ਵੀ ਉਹਨਾਂ ਦੇ ਸਪਨਿਆਂ ਨੂੰ ਸਾਕਾਰ ਕੀਤਾ ਹੈ। ਧੀ ਦੀ ਮਿਹਨਤ ਰੰਗ ਲਿਆਈ ਹੈ ਅਤੇ ਉਨ੍ਹਾਂ ਦੀ ਧੀ ਜੱਜ ਬਣ ਗਈ ਹੈ। ਪਰਿਵਾਰ ਵਿਚ ਖੁਸ਼ੀ ਦਾ ਮਾਹੌਲ ਹੈ। ਜੱਜ ਰਮਨਦੀਪ ਕੌਰ ਦਾ ਸਵਾਗਤ ਕਰਨ ਸਮੇਂ ਨਗਰ ਕੌਂਸਲ ਦੇ ਮੀਤ ਪ੍ਰਧਾਨ ਮਨਜੀਤ ਕੌਰ, ਮਨਜਿੰਦਰ ਸਿੰਘ ਰਾਣਾ, ਪਰਮਜੀਤ ਸਿੰਘ ਖਾਲਸਾ, ਜਗਸੀਰ ਸਿੰਘ ਰਿਟਾਇਰ ਰੇਂਜ ਅਫ਼ਸਰ, ਧਿਆਨ ਸਿੰਘ, ਗੁਰਚਰਨ ਸਿੰਘ ਫੌਜੀ, ਕੁਲਦੀਪ ਸਿੰਘ, ਬਲਜੀਤ ਸਿੰਘ,ਗੁਰਾ ਮੌੜ, ਮੇਲਾ ਮੌੜ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਨਸ਼ਿਆਂ ਦੇ ਖਿਲਾਫ਼ ਡੀਐਸਪੀ ਮੌੜ ਕੁਲਦੀਪ ਸਿੰਘ ਬਰਾੜ ਨੇ ਸ਼ਹਿਰ ਵਾਸੀਆਂ ਨਾਲ ਕੀਤੀ ਮੀਟਿੰਗ

## ਨਸ਼ਿਆਂ ਦੇ ਖਾਤਮੇ ਲਈ ਥਾਣਾ ਮੁਖੀ ਜਗਦੇਵ ਸਿੰਘ ਕੁਲਾਰ ਨੇ ਲੋਕਾਂ ਤੋਂ ਮੰਗਿਆ ਸਹਿਯੋਗ

**ਆਜ਼ਾਦ ਸੋਚ**
**ਪਰਮਜੀਤ ਸਿੰਘ ਪੰਮਾ**
**ਮੌੜ ਮੰਡੀ , 19 ਨਵੰਬਰ**

ਪੰਜਾਬ ਸਰਕਾਰ ਤੇ ਜ਼ਿਲ੍ਹਾ ਪੁਲਿਸ ਮੁਖੀ ਅਮਨੀਤ ਕੌਂਡਲ ਦੀਆਂ ਹਦਾਇਤਾਂ ਅਨੁਸਾਰ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਡੀਐਸਪੀ ਮੌੜ ਕੁਲਦੀਪ ਸਿੰਘ ਬਰਾੜ ਦੀ ਅਗਵਾਈ ਹੇਠ ਥਾਣਾ ਮੌੜ ਦੇ ਮੁਖੀ ਇੰਸਪੈਕਟਰ ਜਗਦੇਵ ਸਿੰਘ ਕੁਲਾਰ ਵੱਲੋਂ ਸਥਾਨਕ ਸ਼ਹਿਰ ਦੇ ਵਾਰਡ ਨੰਬਰ 1 ਵਿਖੇ ਵਾਰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਨਗਰ ਕੌਂਸਲ ਮੌੜ ਦੇ ਪ੍ਰਧਾਨ ਕਰਨੈਲ ਸਿੰਘ ਵੀ ਮੌਜੂਦ ਸਨ। ਇਸ ਮੌਕੇ ਡੀਐਸਪੀ ਕੁਲਦੀਪ ਸਿੰਘ ਬਰਾੜ ਨੇ ਨਸ਼ਿਆਂ ਨੂੰ ਰੋਕਣ ਲਈ ਸਮਾਜ ਸੇਵੀ ਮੋਹਤਬਰ ਵਿਅਕਤੀ ਅਤੇ ਵਾਰਡ ਵਾਸੀਆਂ ਤੋਂ ਸਹਿਯੋਗ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਇੱਕ ਬੇਹਤਰ ਸਮਾਜ ਦੀ ਸਿਰਜਣਾ ਲਈ ਨਸ਼ਿਆਂ ਦੇ ਰੁਝਾਨ ਨੂੰ ਰੋਕਣ ਦੀ ਸਖਤ ਜਰੂਰਤ ਹੈ। ਉਹਨਾਂ ਕਿਹਾ ਕਿ ਇੱਕ ਵਧੀਆ ਮਾਹੌਲ ਬਣਾਉਣ ਲਈ ਪੁਲਿਸ ਵੀ ਸਮਾਜ ਦਾ ਹੀ ਇੱਕ ਹਿੱਸਾ ਹੈ। ਇਸ ਲਈ ਪਬਲਿਕ ਦੇ ਸਹਿਯੋਗ ਤੋਂ ਬਿਨਾਂ ਪੁਲਿਸ ਨਸ਼ਿਆਂ ਨੂੰ ਨੱਥ ਨਹੀਂ ਪਾ ਸਕਦੀ । ਉਹਨਾਂ ਕਿਹਾ ਕਿ ਨਸ਼ੇ ਨੌਜਵਾਨਾਂ ਨੂੰ ਘੁਣ ਵਾਂਗ ਖਾ ਰਹੇ ਹਨ । ਇਸ ਭੈੜੀ ਲਾਹਨਤ ਦੇ ਖਾਤਮੇ ਲਈ ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਕਿ ਭਟਕੇ ਹੋਏ ਨੌਜਵਾਨਾਂ ਨੂੰ ਸਿੱਧੇ ਰਸਤੇ ਲਿਆਂਦਾ ਜਾਵੇ । ਥਾਣਾ ਮੁਖੀ ਜਗਦੇਵ ਸਿੰਘ ਕੁਲਾਰ ਨੇ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਹਾਲਤ ਚ ਬਖਸ਼ਿਆ ਨਹੀਂ ਜਾਵੇਗਾ ਅਤੇ ਇਸ ਦੀ ਸੂਚਨਾ ਦੇਣ ਵਾਲਿਆਂ ਦੀ ਪਹਿਚਾਣ ਪੂਰੀ ਤਰ੍ਹਾਂ ਪੁਲਿਸ ਵੱਲੋਂ ਗੁਪਤ ਰੱਖੀ ਜਾਵੇਗੀ ਉਹਨਾਂ ਕਿਹਾ ਕਿ ਪਬਲਿਕ ਦੇ ਸਹਿਯੋਗ ਤੋਂ ਬਿਨਾਂ ਪੁਲਿਸ ਨਸ਼ਿਆਂ ਨੂੰ ਨੱਥ ਨਹੀਂ ਪਾ ਸਕਦੀ। ਇਸ ਮੌਕੇ ਪ੍ਰਧਾਨ ਕਰਨੈਲ ਸਿੰਘ ਨੇ ਕਿਹਾ ਕਿ ਆਪਣਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਨਸ਼ੇ ਨੂੰ ਰੋਕਣ ਲਈ ਪੁਲਿਸ ਪ੍ਰਸ਼ਾਸਨ ਨੂੰ ਸਹਿਯੋਗ ਦੇਈਏ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਇਸ ਮੌਕੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਬੋਘਾ ਸਿੰਘ ਘੁੰਮਣ, ਬਿੱਟੂ ਮੌੜ ਕਲਾਂ, ਜਤਿੰਦਰ ਸਿੰਘ ਪੱਪੀ ਗੁਰਚਰਨ ਸਿੰਘ ਮਾਣਕੂ ,ਬਲੌਰ ਸਿੰਘ ਮਣਕੂ ,ਸੁਖਦੇਵ ਸਿੰਘ ਰਿਟਾਇਰਡ ਥਾਣੇਦਾਰ, ਗੁਰਮੇਲ ਸਿੰਘ ਰਿਟਾਇਰ ਖਜ਼ਾਨਾ ਅਫਸਰ ,ਪ੍ਰਦੀਪ ਸ਼ਰਮਾ ਰਿਟਾਇਰ ਵੈਟਰਨਰੀ ਇੰਸਪੈਕਟਰ, ਦਰਸ਼ਨ ਸਿੰਘ ਡੈਅਰੀਵਾਲਾ, ਮਦਨ ਲਾਲ ਰਿਟਾਇਰ ਮਾਸਟਰ, ਗੁਰਜੰਟ ਸਿੰਘ ,ਹਰਦੀਪ ਸਿੰਘ ਰਾਏਖਾਨਾ ,ਅਜੈਬ ਸਿੰਘ ਦਿੱਲੀ ਵਾਲੇ ,ਹਰਜੰਟ ਸਿੰਘ ਸੈਕਟਰੀ, ਸੋਨੀ ਚੀਕੂ, ਸੁਖਮੰਦਰ ਸਿੰਘ, ਅਵਤਾਰ ਸਿੰਘ ਟਿੱਕਾ ਤੋਂ ਇਲਾਵਾ ਵਾਰਡ ਵਾਸੀ ਮੌਜੂਦ ਸਨ।




# ਲਿਟਲ ਜੀਨੀਅਸ ਸਕੂਲ ਦਾ ਸਾਲਾਨਾ ਸਮਾਗਮ ਸ਼ਾਨਦਾਰ ਰਿਹਾ

**ਆਜ਼ਾਦ ਸੋਚ**
**ਰਜਿੰਦਰ**
**ਰੂਪਨਗਰ , 19 ਨਵੰਬਰ**

ਲਿਟਲ ਜੀਨੀਅਸ ਸਕੂਲ ਦਾ ਸਾਲਾਨਾ ਸਮਾਗਮ 19 ਨਵੰਬਰ ਨੂੰ ਜੀਨੀਅਸ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਧੂਮਧਾਮ ਨਾਲ ਮਨਾਇਆ ਗਿਆ। ਲਿਟਲ ਜੀਨੀਅਸ ਦੇ ਸਾਰੇ ਵਿਦਿਆਰਥੀਆਂ ਨੇ ਸਾਡੇ ਸਾਲਾਨਾ ਸਮਾਗਮ ਲੂਮੀਨਾ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਆਪਣੇ ਪ੍ਰੋਗਰਾਮ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਡਾ: ਜਗਦੀਪ ਕੌਰ (ਪ੍ਰਿੰਸੀਪਲ ਪ੍ਰੋਫ਼ੈਸਰ ਐਜੂਕੇਸ਼ਨ ਅਤੇ ਡੀਨ ਐਜੂਕੇਸ਼ਨ), ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ, ਰੂਪਨਗਰ ਅਤੇ ਡਾ.ਆਰ.ਜੇ.ਐਸ. ਗਿੱਲ ਅਤੇ ਡਾ.ਐਂਡਰੀ ਬਾਈਚਕੋਵ ??(ਐਮ.ਡੀ. ਪੀ.ਐਚ.ਡੀ. ਐਫ.ਆਰ.ਸੀ.ਪੈਥ) ਕਾਮੇਦਾ ਮੈਡੀਕਲ ਸੈਂਟਰ, ਕਾਮੋਗਾਵਾ, ਜਾਪਾਨ ਮੁੱਖ ਮਹਿਮਾਨ ਸਨ। ਸਕੂਲ ਮੈਨੇਜਮੈਂਟ ਸੂਬਾ ਭੁਪਿੰਦਰ ਸਿੰਘ ਅਤੇ ਸ਼੍ਰੀਮਤੀ ਗੁਣਵੰਤ ਕੌਰ ਅਤੇ ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਗੁਰਪ੍ਰੀਤ ਮਾਥੁਰ ਅਤੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਭੁਪਿੰਦਰ ਕੌਰ ਨੇ ਵੀ ਪ੍ਰੋਗਰਾਮ ਵਿੱਚ ਸ਼ਿਰਕਤ ਕਰਕੇ ਇਸ ਮੌਕੇ ਨੂੰ ਨਿਹਾਲ ਕੀਤਾ।



ਵਿਦਿਆਰਥੀਆਂ ਨੂੰ ਕੁਝ ਅਵਾਰਡਾਂ ਨਾਲ ਸਨਮਾਨਿਤ ਕੀਤਾ ਗਿਆ ਜੋ ਇਸ ਪ੍ਰਕਾਰ ਹਨ: ਅਕਾਦਮਿਕ ਨਤੀਜਾ: ਸ਼ਾਨਦਾਰ ਅਕੈਡਮੀ ਅਵਾਰਡ ਸਹਿਜ ਪ੍ਰੀਤ ਕੌਰ, ਹਰ ਸਾਹਿਬ ਸਿੰਘ, ਪੈਂਥੀਲ ਕਲਾਸ ਨਰਸਰੀ, ਵਿਹਾਨਾ, ਨਮੀਸ਼, ਵੇਰੋਨਿਕਾ, ਜਸਪ੍ਰੀਤ, ਸੂਰਯਾਂਸ਼ ਕਲਾਸ ਐਲ.ਕੇ.ਜੀ; ਹਰਸ਼ਿਤਾ, ਅਨੁਆਰ, ਜੈਸਮੀਨ, ਜਸ਼ਨੂਰ ਕਲਾਸ ਯ.ਕੇ.ਜੀ; ਅਨਾਹਤ ਸਿੰਘ, ਰੁਦਰਾਕਸ਼ ਆਹੂਜਾ, ਪਰਨੂਰ ਕੌਰ ਕਲਾਸ-ਪਹਿਲੀ; ਜਮਾਤ ਦੂਜੀ ਨੂੰ ਜਬੰਦ ਕੌਰ, ਤੇਜਸ ਵੋਹਰਾ, ਆਰਾਧਿਆ ਨੂੰ ਦਿੱਤਾ ਗਿਆ। ਅਰਜੁਨ, ਅੰਮ੍ਰਿਤਪਾਲ, ਮਨਰੀਤ, ਗ੍ਰੇਸੀ, ਆਰਾਧਿਆ ਨੂੰ ‘ਚੰਗੀ ਤਰ੍ਹਾਂ ਸੰਭਾਲਿਆ ਨੋਟਬੁੱਕ’ ਐਵਾਰਡ ਦਿੱਤਾ ਗਿਆ। ਅਖਿਲ ਨੂੰ 100% ਹਾਜ਼ਰੀ ਪੁਰਸਕਾਰ ਦਿੱਤਾ ਗਿਆ। ਕਲਾਸ ਦੇ ਸਭ ਤੋਂ ਮਦਦਗਾਰ ਬੱਚੇ ਦਾ ਪੁਰਸਕਾਰ ਯੁਵੰਸ਼ ਅਤੇ ਮਨਸੀਰਤ ਨੂੰ ਦਿੱਤਾ ਗਿਆ। ਮੰਨਤ ਅਤੇ ਨਵਰਾਜਦੀਪ ਨੂੰ ਵਰਸੇਟਾਈਲ ਸਟੂਡੈਂਟ ਐਵਾਰਡ ਦਿੱਤਾ ਗਿਆ।

ਡਾ: ਜਗਦੀਪ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਬਹੁਤ ਸਮਰੱਥਾ ਹੈ। ਉਨ੍ਹਾਂ ਨੂੰ ਹੁਨਰ ਵਿਕਾਸ ਵੱਲ ਲਿਜਾਣਾ ਬਹੁਤ ਜ਼ਰੂਰੀ ਹੈ। ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਡਾ: ਆਂਦਰੇ ਨੇ ਕਿਹਾ ਕਿ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਮੈਡੀਕਲ ਖੇਤਰ ਲਈ ਬਹੁਤ ਵੱਡਾ ਧਮਾਕਾ ਹੈ, ਕਿਉਂਕਿ ਇਹ ਡਾਕਟਰਾਂ ਅਤੇ ਹਰ ਕਿਸੇ ਨੂੰ ਉਹ ਜਾਣਕਾਰੀ ਦੇਣ ਦੇ ਯੋਗ ਹੋਵੇਗਾ ਜੋ ਕਿਸੇ ਨੂੰ ਨਹੀਂ ਪਤਾ ਸੀ। ਸ੍ਰੀਮਤੀ ਕਨਿਕਾ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ। ਸਕੂਲ ਦੀ ਡਾਇਰੈਕਟਰ ਸ੍ਰੀਮਤੀ ਗੁਰਪ੍ਰੀਤ ਮਾਥੁਰ ਨੇ ਕਿਹਾ ਕਿ ਵਿਦਿਆਰਥੀਆਂ ਦੇ ਵਿਕਾਸ ਵਿੱਚ ਅਧਿਆਪਕ ਅਤੇ ਮਾਪੇ ਅਹਿਮ ਭੂਮਿਕਾ ਨਿਭਾਉਂਦੇ ਹਨ। ਕਿਉਂਕਿ ਇਹ ਸਾਡਾ ਭਵਿੱਖ ਹੈ।

# ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਜਲਾਲ ਵਿਖੇ ਗੁਰਪੁਰਬ ਨੂੰ ਸਮਰਪਿਤ ਅੱਖਾਂ ਦਾ 252 ਵਾਂ ਮੁਫ਼ਤ ਲੈਂਜ ਕੈਂਪ 23 ਨੂੰ

ਭਗਤਾ ਭਾਈ, 19 ਨਵੰਬਰ (ਬਿੰਦਰ ਜਲਾਲ):ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਜਲਾਲ ਵਿਖੇ ਬ੍ਰਹਮਲੀਨ ਸੰਤ ਬਾਬਾ ਕਰਨੈਲ ਦਾਸ ਜੀ ਦੇ ਅਸ਼ੀਰਵਾਦ ਨਾਲ ਮੌਜੂਦਾ ਗੱਦੀ ਨਸ਼ੀਨ ਸ਼੍ਰੀ ਮਾਨ ਸੁਆਮੀ ਬ੍ਰਹਮਮੁਨੀ ਜੀ ਦੀ ਅਗਵਾਈ ਹੇਠ ਅਤੇ ਸੰਸਥਾ ਦੇ ਮੁੱਖ ਪ੍ਰਬੰਧਕ ਸ੍ਰੀ ਮਾਨ ਬਾਬਾ ਗੰਗਾ ਰਾਮ ਜੀ ਦੇ ਯਤਨਾਂ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 252 ਵਾਂ ਅੱਖਾਂ ਦਾ ਮੁਫਤ ਲੈਂਜ ਕੈਂਪ ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਜਲਾਲ (ਬਠਿੰਡਾ) ਜੋ ਕਿ ਗੁਰੂਸਰ ਬਸ ਸਟੈਡ ਉੱਪਰ ਸਥਿਤ ਹੈ 23 ਨਵੰਬਰ ਦਿਨ ਸਨਿਚਰਵਾਰ ਨੂੰ ਲਗਾਇਆ ਜਾ ਰਿਹਾ ਹੈ। ਇਸ ਮੌਕੇ ਬਾਬਾ ਗੰਗਾ ਰਾਮ ਜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉੱਚ ਕੋਟੀ ਦੇ ਡਾਕਟਰ ਰਵੀਕਾਂਤ ਬਮੋਤਰਾ ਐਮ ਐਸ ਆਈ ਸਰਜਨ , ਡਾ ਮਿਨਾਕਸ਼ੀ ਸਿੱਧੂ ਐਮ ਐਸ ਆਈ ਸਰਜਨ, ਡਾ ਸੁਪ੍ਰੀਤ ਕੋਰ ਵੱਲੋਂ ਮਰੀਜਾ ਦਾ ਚੈੱਕ ਅੱਪ ਕਰਕੇ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਆਪ੍ਰੇਸ਼ਨ ਯੋਗ ਮਰੀਜਾਂ ਦੇ ਮੁਫ਼ਤ ਲੈਂਜ ਪਾਏ ਜਾਣਗੇ। ਉਹਨਾਂ ਬੇਨਤੀ ਕੀਤੀ ਮਰੀਜ ਇਸ਼ਨਾਨ ਕਰਕੇ ਸਾਫ ਕੱਪੜੇ ਪਾ ਕੇ ਆਉਣ ਅਤੇ ਆਪਣੇ ਨਾਲ ਇੱਕ ਹੀ ਵਾਰਸ ਲੈ ਕੇ ਆਉਣ ਚੈੱਕਅੱਪ ਕਰਵਾਉਣ ਵਾਲੇ ਮਰੀਜ ਆਪਣੇ ਨਾਲ ਵੋਟ ਕਾਰਡ, ਪੈਨ ਕਾਰਡ ਅਤੇ ਅਧਾਰ ਕਾਰਡ ਦੀ ਫੋਟੋ ਸਟੇਟ ਕਾਪੀ ਅਤੇ ਘਰ ਦਾ ਫੋਨ ਨੰਬਰ ਨਾਲ ਜਰੂਰ ਲਿਖਵਾ ਕੇ ਲਿਉਣ ਬਾਬਾ ਗੰਗਾ ਰਾਮ ਜੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸ਼ੂਗਰ ਅਤੇ ਦਿਲ ਦੇ ਮਰੀਜਾ ਦੇ ਅਪ੍ਰੇਸ਼ਨ ਨਹੀ ਕੀਤੇ ਜਾਣਗੇ ਮਰੀਜਾਂ ਤੇ ਵਾਰਸਾਂ ਦੇ ਲਈ ਠਹਿਰਣ ਅਤੇ ਲੰਗਰ ਦਾ ਅਟੁੱਟ ਪ੍ਰਬੰਧ ਕੀਤਾ ਜਾਵੇਗਾ। ਇਸ ਮੌਕੇ ਸਤੀਸ਼ ਕੁਮਾਰ ਸ਼ਰਮਾਂ ਕਲਿਆਣ ਵਾਲੇ ਕੇਵਲ ਸਿੰਘ ਭੰਡਾਰੀ ਡਾ ਵੀਰਭਾਨ ਜਲਾਲ ਜਸਵਿੰਦਰ ਸਿੰਘ ਪੱਪੂ ਕਲਰਕ ਅਤੇ ਸਮੁੱਚਾ ਸਟਾਫ ਹਾਜਰ ਸਨ।



# ਜਗਜੀਤ ਸਿੰਘ ਸਾਹਨੇਵਾਲ ਦੀ ਅਗਵਾਈ ’ਚ ਮਾਸਟਰ ਕੇਡਰ ਯੂਨੀਅਨ ਦੀ ਹੰਗਾਮੀ ਮੀਟਿੰਗ ਆਯੋਜਿਤ




**ਆਜ਼ਾਦ ਸੋਚ**
**ਜੇ ਐਸ ਖੰਨਾ/ਜਤਿੰਦਰ ਕੁਮਾਰ**
**ਖੰਨਾ , 19 ਨਵੰਬਰ**

ਮਾਸਟਰ ਕੇਡਰ ਯੂਨੀਅਨ ਜ਼ਿਲਾ ਲੁਧਿਆਣਾ ਦੀ ਹੰਗਾਮੀ ਮੀਟਿੰਗ ਸੂਬਾ ਉਪ ਪ੍ਰਧਾਨ ਜਗਜੀਤ ਸਿੰਘ ਸਾਹਨੇਵਾਲ ਦੀ ਅਗਵਾਈ ਵਿੱਚ ਕੀਤੀ ਗਈ।ਮੀਟਿੰਗ ਬਾਰੇ ਜਿਲ੍ਹਾ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਦੋਰਾਹਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਚਾਨਕ ਮੌਸਮ ਵਿੱਚ ਆਏ ਬਦਲਾਵ ਕਾਰਨ ਪਿਛਲੇ ਕੁਝ ਦਿਨਾਂ ਤੋਂ ਸੰਘਣੀ ਧੁੰਦ ਪੈ ਰਹੀ ਹੈ, ਜਿਸ ਕਾਰਨ ਦੂਰ ਦੁਰਾਡੇ ਤੋਂ ਪੜ੍ਹ ਰਹੇ ਬੱਚਿਆਂ ਨੂੰ ਸਕੂਲ ਆਉਣ ਜਾਣ ਦੇ ਵਿੱਚ ਕਾਫੀ ਮੁਸ਼ਕਲ ਦਾ ਸਾਹਮਣਾ ੧੨ਕਰਨਾ ਪੈ ਰਿਹਾ ਹੈ।ਪਿਛਲੇ ਸਮੇਂ ਦੌਰਾਨ ਸਰਕਾਰ ਵੱਲੋਂ ਸਮਾਂ ਤਬਦੀਲੀ ਵਿੱਚ ਦੇਰੀ ਕੀਤੀ ਜਾਂਦੀ ਰਹੀ ਹੈ, ਜਿਸ ਕਾਰਨ ਕਈ ਅਣ-ਸੁਖਾਵੀਂਆਂ ਘਟਨਾਵਾਂ ਵਾਪਰਦੀਆਂ ਰਹੀਆਂ ਹਨ।ਇਸ ਮੌਕੇ ਮੌਜੂਦ ਯੂਨੀਅਨ ਦੇ ਮੈਂਬਰਾਂ ਵੱਲੋਂ ਸਰਕਾਰ ਨੂੰ ਸਕੂਲ ਦਾ ਸਮਾਂ ਤਬਦੀਲ ਕਰਨ ਦੀ ਮੰਗ ਕੀਤੀ ਗਈ ਤਾਂ ਜੋ ਕਿਸੇ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ। ਇਸ ਮੌਕੇ ਜ਼ਿਲ੍ਹਾ ਸਰਪ੍ਰਸਤ ਸੁਖਵੰਤ ਸਿੰਘ, ਜਨਰਲ ਸਕੱਤਰ ਮਨਦੀਪ ਸਿੰਘ ਸੇਖੋਂ, ਵਿੱਤ ਸਕੱਤਰ ਸਵਰਨ ਸਿੰਘ, ਮੀਤ ਪ੍ਰਧਾਨ ਰਾਜਵਿੰਦਰ ਸਿੰਘ, ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਦੋਰਾਹਾ, ਬਲਾਕ ਪ੍ਰਧਾਨ ਹਰਜਿੰਦਰ ਸਿੰਘ ਖੱਖ ,ਰਣਦੀਪ ਸਿੰਘ, ਨਵੀਨ ਕਪਿਲਾ ਨਵਦੀਪ ਪਾਠਕ ਅਤੇ ਸੁਖਵਿੰਦਰ ਸਿੰਘ ਖੰਨਾ ਤੋ ਇਲਾਵਾ ਯੂਨੀਅਨ ਦੇ ਵੱਡੀ ਗਿਣਤੀ ਵਿੱਚ ਮੈਂਬਰ ਅਤੇ ਨੁਮਾਇੰਦੇ ਮੌਜੂਦ ਸਨ।

# ਮਹਾਰਾਸ਼ਟਰ: ਭਾਜਪਾ ਆਗੂ ਤਾਵੜੇ ’ਤੇ ਚੋਣਾਂ ਤੋਂ ਪਹਿਲਾਂ ਪੈਸੇ ਵੰਡਣ ਦੇ ਦੋਸ਼ ਹੇਠ ਕੇਸ ਦਰਜ

## ਪੰਜ ਕਰੋੜ ਕਰੋੜ ਰੁਪਏ ਵੰਡਣ ਦਾ ਦੋਸ਼

**ਆਜ਼ਾਦ ਸੋਚ ਬਿਊਰੋ**
**ਮੁੰਬਈ, 19 ਨਵੰਬਰ**

ਇੱਥੋਂ ਦੀ ਪੁਲੀਸ ਨੇ ਵੋਟਰਾਂ ਨੂੰ ਲੁਭਾਉਣ ਤੇ ਨਕਦੀ ਵੰਡਣ ਦੇ ਦੋਸ਼ ਹੇਠ ਭਾਜਪਾ ਦੇ ਜਨਰਲ ਸਕੱਤਰ ਵਿਨੋਦ ਤਾਵੜੇ ਅਤੇ ਪਾਰਟੀ ਉਮੀਦਵਾਰ ਰਾਜਨ ਨਾਇਕ ਖ਼ ?ਲਾਫ਼ ਕੇਸ ਦਰਜ ਕਰ ਲਿਆ ਹੈ। ਇਹ ਕਾਰਵਾਈ ਭਲਕੇ ਪੈਣ ਵਾਲੀਆਂ ਵੋਟਾਂ ਤੋਂ ਪਹਿਲਾਂ ਹੋਈ ਹੈ। ਇਸ ਤੋਂ ਪਹਿਲਾਂ ਪਹਿਲਾਂ ਬਹੁਜਨ ਵਿਕਾਸ ਅਘਾੜੀ (ਬੀਵੀਏ) ਦੇ ਆਗੂ ਹਿਤੇਂਦਰ ਠਾਕੁਰ ਨੇ ਤਾਵੜੇ ’ਤੇ ਵੋਟਰਾਂ ਨੂੰ ਲੁਭਾਉਣ ਲਈ ਇਕ ਹੋਟਲ ਵਿੱਚ ਪੰਜ ਕਰੋੜ ਕਰੋੜ ਰੁਪਏ ਵੰਡਣ ਦਾ ਦੋਸ਼ ਲਗਾਇਆ। ਇਸ ਸਬੰਧੀ ਇਕ ਵੀਡੀਓ ਵੀ ਵਾਇਰਲ ਹੋਈ ਹੈ।ਤੁਲਿੰਜ ਪੁਲੀਸ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਦਰਜ ਕਰਵਾਈ ਗਈ ਇਕ ਸ਼ਿਕਾਇਤ ਦੇ ਆਧਾਰ ’ਤੇ ਪੁਲੀਸ ਨੇ ਤਾਵੜੇ ਅਤੇ ਰਾਜਨ ਨਾਇਕ ਖ਼ ?ਲਾਫ਼ ਕੇਸ ਦਰਜ ਕਰ ਲਿਆ ਹੈ। ਰਾਜਨ ਨਾਇਕ ਨਾਲਾਸੁਪਾਰਾ ਸੀਟ ਤੋਂ ਭਾਜਪਾ ਦਾ ਉਮੀਦਵਾਰ ਹੈ। ਦੂਜੇ ਪਾਸੇ ਭਾਜਪਾ ਆਗੂ ਨੇ ਇਹ ਦੋਸ਼ ਨਕਾਰਦਿਆਂ ਉਨ੍ਹਾਂ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਰਚਣ ਦੇ ਦੋਸ਼ ਲਾਏ ਹਨ

# ਸੱਚਖੰਡ ਵਾਸੀ ਸੰਤ ਬਾਬਾ ਜਸਵੰਤ ਸਿੰਘ ਜੀ ਸੰਗਤਪੁਰਾ ਦੇ ਬਰਸੀ ਸਮਾਗਮ ਮਨਾਏ

**ਆਜ਼ਾਦ ਸੋਚ**
**ਆਜ਼ਾਦ ਸੋਚ ਬਿਊਰੋ**
**ਸ੍ਰੀ ਚਮਕੌਰ ਸਾਹਿਬ , 19 ਨਵੰਬਰ**

ਸੱਚਖੰਡ ਵਾਸੀ ਸੰਤ ਬਾਬਾ ਜਸਵੰਤ ਸਿੰਘ ਜੀ ਸੰਗਤਪੁਰਾ ( ਪਟਿਆਲਾ ਵਾਲੇ) ਦੀ ਸਥਾਨਿਕ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਵਿਖੇ ਤੀਜੀ ਬਰਸੀ ਮੌਕੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਬੰਧੀ ਭਾਈ ਸਾਹਿਬ ਭਾਈ ਮਨਪ੍ਰੀਤ ਸਿੰਘ ਜਥੇਦਾਰ ਸੰਗਤਪੁਰਾ ਨੇ ਬੁਲੰਦ ਪ੍ਰੈਸ ਕਲੱਬ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਗੁਰਦੁਆਰਾ ਗੜ੍ਹੀ ਸਾਹਿਬ ਵਿਖੇ ਕੀਰਤਨ ਦਰਬਾਰ ਸਜਾਇਆ ਗਿਆ, ਇਸ ਕੀਰਤਨ ਦਰਬਾਰ ਵਿੱਚ ਕਥਾਵਾਚਕ, ਕੀਰਤਨ ਅਤੇ ਵੱਖ -ਵੱਖ ਬੁਲਾਰਿਆਂ ਵਲੋਂ ਬਾਬਾ ਜੀ ਦੇ ਜੀਵਨ ਵਾਰੇ ਦੱਸਿਆ ਕਿ ਸੰਤ ਬਾਬਾ ਜਸਵੰਤ ਸਿੰਘ ਜੀ ਨੇ ਸਾਰੀ ਜ਼ਿੰਦਗੀ ਗੁਰਸਿੱਖੀ ਦਾ ਪ੍ਰਚਾਰ ਕੀਤਾ ਅਤੇ ਹਰ ਵਖਤ ਸੇਵਾ ਅਤੇ ਸਿੱਖੀ ਪ੍ਰਤੀ ਸਮਰਪਿਤ ਰਹਿੰਦੇ ਸਨ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਸਮਾਗਮ ਵਿੱਚ ਭਾਈ ਸਾਹਿਬ ਭਾਈ ਮਨਪ੍ਰੀਤ ਸਿੰਘ ਸੰਗਤਪੁਰਾ, ਭਾਈ ਸਾਹਿਬ ਭਾਈ ਸੁਖਵੀਰ ਸਿੰਘ ਕੰਧੋਲਾ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਮੈਨੇਜਰ ਭਾਈ ਗੁਰਮੁਖ ਸਿੰਘ, ਮੈਨੇਜਰ ਭਾਈ ਨੱਥਾ ਸਿੰਘ, ਹੈੱਡ ਗ੍ਰੰਥੀ ਭਾਈ ਜਸਵੀਰ ਸਿੰਘ, ਜਥੇਦਾਰ ਪ੍ਰੀਤਮ ਸਿੰਘ ਸੱਲੋਮਾਜਰਾ, ਜਥੇਦਾਰ ਸੁਰਿੰਦਰ ਸਿੰਘ ਕਿ ?ਸ਼ਨਪੁਰਾ, ਕਿਸਾਨ ਯੂਨੀਅਨ ਦੇ ਆਗੂ ਪ੍ਰਗਟ ਸਿੰਘ ਰੋਲੂ ਮਾਜਰਾ, ਨਰਿੰਦਰ ਸਿੰਘ ਸੋਲਖੀਆਂ, ਰਵਿੰਦਰ ਸਿੰਘ ਅਕਾਊਂਟੈਂਟ,ਬਲਵੀਰ ਸਿੰਘ ਰਸੀਲਾ ਭੋਜੇ ਮਾਜਰਾ, ਹਰਪ੍ਰੀਤ ਸਿੰਘ ਸੰਗਤਪੁਰਾ, ਸੰਗਤ ਸਿੰਘ ਭਾਮੀਆ, ਅਮਰਜੀਤ ਸਿੰਘ, ਮਨਜੀਤ ਸਿੰਘ ਹਰਜੀਤ ਸਿੰਘ, ਹਰਵਿੰਦਰ ਸਿੰਘ ਮੋਰਿੰਡਾ,ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸਟੇਜ ਸਕੱਤਰ ਦੀ ਸੇਵਾ ਭਾਈ ਗੁਰਦੇਵ ਸਿੰਘ ਕੌਮਲ ਸੰਧੂਆਂ ਵੱਲੋਂ ਨਿਭਾਈ ਗਈ ਤੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।



# ਡਿਪਟੀ ਕਮਿਸ਼ਨਰ ਵੱਲੋਂ ਪਰਾਲੀ ਸਾੜਣ ਤੋਂ ਰੋਕਣ ਲਈ ਸੁਪਰੀਮ ਕੋਰਟ ਦੇ ਹੁਕਮ ਲਾਗੂ ਕਰਵਾਉਣ ’ਤੇ ਜ਼ੋਰ

## ਜ਼ਿਲ੍ਹਾ ਅਧਿਕਾਰੀਆਂ ਨਾਲ ਬੈਠਕ ਕਰਕੇ ਪਰਾਲੀ ਨੂੰ ਅੱਗ ਲਾਉਣ ਦੇ ਮਾਮਲਿਆਂ ਦਾ ਲਿਆ ਜਾਇਜ਼ਾ

**ਆਜ਼ਾਦ ਸੋਚ**
**ਹਰਵਿੰਦਰ ਲਾਲੀ/ਪਟਿਆਲਾ, 19 ਨਵੰਬਰ**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਜ਼ਿਲ੍ਹੇ ਅੰਦਰ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਅਧਿਕਾਰੀਆਂ ਨਾਲ ਬੈਠਕ ਮੌਕੇ ਸੁਪਰੀਮ ਕੋਰਟ ਵੱਲੋਂ ਪਰਾਲੀ ਸਾੜਨ ਦੇ ਮਾਮਲਿਆਂ ’ਤੇ ਸਖ਼ਤੀ ਨਾਲ ਰੋਕ ਲਾਉਣ ਦੇ ਹੁਕਮਾਂ ਦੀ ਪਾਲਣਾ ਕਰਨ ’ਤੇ ਜ਼ੋਰ ਦਿੱਤਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਵੇਂ ਕਿ ਸੀਜ਼ਨ ਮੁਕਣ ਕਰਕੇ ਜ਼ਿਲ੍ਹੇ ਅੰਦਰ 100 ਫੀਸਦੀ ਦੇ ਕਰੀਬ ਝੋਨੇ ਦੀ ਕਟਾਈ ਹੋ ਚੁੱਕੀ ਹੈ ਅਤੇ 95 ਫੀਸਦੀ ਖੇਤਾਂ ਵਿੱਚ ਕਣਕ ਆਦਿ ਅਗਲੀਆਂ ਫ਼ਸਲਾਂ ਦੀ ਬਿਜਾਈ ਵੀ ਹੋ ਚੁੱਕੀ ਹੈ ਪਰੰਤੂ ਫਿਰ ਵੀ ਕੁਝ ਪਿੰਡਾਂ ਅੰਦਰ ਕਈ ਖੇਤਾਂ ’ਚ ਅਜੇ ਝੋਨੇ ਦੀ ਕਟਾਈ ਬਾਕੀ ਹੈ, ਇਸ ਲਈ ਅਜਿਹੇ ਪਿੰਡਾਂ ਵਿੱਚ ਖਾਸ ਨਜ਼ਰ ਰੱਖੀ ਜਾਵੇ।

ਉਨ੍ਹਾਂ ਕਿਹਾ ਕਿ ਹੁਣ ਜ਼ਿਲ੍ਹੇ ਅੰਦਰ ਪਰਾਲੀ ਨੂੰ ਇਨ-ਸੀਟੂ ਤੇ ਐਕਸ-ਸੀਟੂ ਤਰੀਕਿਆਂ ਨਾਲ ਸੰਭਾਲਣ ਲਈ ਵਾਧੂ ਮਸ਼ੀਨਰੀ ਉਪਲਬਧ ਹੈ, ਇਸ ਲਈ ਇਹ ਯਕੀਨੀ ਬਣਾਇਆ ਜਾਵੇ ਕਿ ਕਿਸੇ ਵੀ ਖੇਤ ਵਿੱਚ ਹੁਣ ਕੋਈ ਅੱਗ ਨਾ ਲੱਗੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਖ਼ੁਦ ਪਿੰਡਾਂ ਵਿੱਚ ਜਾਣ ਦੇ ਆਦੇਸ਼ ਕਰਦਿਆਂ ਕਿਹਾ ਕਿ ਕਿਸਾਨਾਂ ਨਾਲ ਨਿਜੀ ਰਾਬਤਾ ਕਰਕੇ ਉਨ੍ਹਾਂ ਨੂੰ ਪਰਾਲੀ ਪ੍ਰਬੰਧਨ ਲਈ ਮਨਾਇਆ ਜਾਵੇ ਤਾਂ ਕਿ ਹੁਣ ਕੋਈ ਵੀ ਅੱਗ ਲੱਗਣ ਦੀ ਘਟਨਾਂ ਨਾ ਵਾਪਰੇ।




ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਤਾਇਨਾਤ ਕੀਤੇ ਗਏ ਨੋਡਲ ਅਫ਼ਸਰ ਕੋਈ ਅਣਗਹਿਲੀ ਨਾ ਵਰਤਣ ਤੇ ਕਿਸਾਨਾਂ ਨੂੰ ਪ੍ਰੇਰਿਤ ਕਰਕੇ ਪਰਾਲੀ ਨੂੰ ਬਿਨ੍ਹਾਂ ਅੱਗ ਲਗਾਏ ਖੇਤਾਂ ’ਚ ਮਿਲਾਉਣ ਤੇ ਸੁਚੱਜੇ ਪਰਾਲੀ ਪ੍ਰਬੰਧਨ ਲਈ ਉਤਸ਼ਾਹਤ ਕਰਨ।

ਇਸ ਮੌਕੇ ਏ.ਡੀ.ਸੀਜ ਇਸ਼ਾ ਸਿੰਗਲ, ਨਵਰੀਤ ਕੌਰ ਸੇਖੋਂ, ਐਸ.ਡੀ.ਐਮ ਮਨਜੀਤ ਕੌਰ, ਕਿਰਪਾਲਵੀਰ ਸਿੰਘ, ਪ੍ਰਦੂਸ਼ਣ ਰੋਕਥਾਮ ਬੋਰਡ, ਖੇਤੀਬਾੜੀ ਤੇ ਸਹਿਕਾਰੀ ਵਿਭਾਗਾਂ ਸਮੇਤ ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰਾਂ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਵੀਰਪਾਲ ਕੌਰ ਪੁੱਤਰੀ ਕੁਲਵਿੰਦਰ ਸਿੰਘ ਵਾਸੀ ਪਿੰਡ ਜਲਾਲ ਨੇ 8.5 ਬੈਂਡ ਹਾਸਲ ਕੀਤੇ

ਭਗਤਾ ਭਾਈ, 19 ਨਵੰਬਰ (ਬਿੰਦਰ ਜਲਾਲ): ਸਥਾਨਕ ਸ਼ਹਿਰ ਭਗਤਾ ਭਾਈ ਦੀ ਨਾਮਵਰ ਸੰਸਥਾ ਸੰਤ ਬਲਵੀਰ ਸਿੰਘ ਸਕੂਲ,ਆਈਲੈਟਸ ਅਤੇ ਇੰਮੀਗ੍ਰੇਸ਼ਨ ਸੈਂਟਰ ਇਲਾਕੇ ਦੇ ਨੌਜਵਾਨਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਇਹ ਸੰਸਥਾ ਨੌਜਵਾਨ ਵਰਗ ਦੇ ਵਿਦੇਸ਼ ਜਾਣ ਦੇ ਸੁਪਨੇ ਸਾਕਾਰ ਕਰ ਰਹੀ ਹੈ ਇਸ ਸਮੇਂ ਸੰਸਥਾ ਦੇ ਫਾਊਂਡਰ ਐਂਡ ਸੀਈਓ ਜਸਅਮਨਦੀਪ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਾਨਦਾਰ ਨਤੀਜੇ ਵਧੀਆ ਸਟਾਫ਼ ਕਾਰਨ ਆ ਰਹੇ ਹਨ। ਉਹਨਾਂ ਕਿਹਾ ਕਿ ਇਸ ਸੰਸਥਾ ਦੀ ਹੋਣਹਾਰ ਵਿਦਿਆਰਥਣ ਵੀਰਪਾਲ ਕੌਰ ਪੁੱਤਰੀ ਕੁਲਵਿੰਦਰ ਸਿੰਘ ਵਾਸੀ ਜਲਾਲ ਨੇ 8.5 ਬੈਂਡ ਹਾਸਲ ਕਰਕੇ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕੀਤਾ।ਇਸ ਸਮੇਂ ਜਸਅਮਨਦੀਪ ਸਿੰਘ ਬਰਾੜ ਨੇ ਵਿਦਿਆਰਥਣ ਵੀਰਪਾਲ ਕੌਰ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਮਿਹਨਤ ਕਰਨ ਵਾਲੇ ਵਿਦਿਆਰਥੀ ਹਮੇਸ਼ਾ ਸਫ਼ਲ ਹੁੰਦੇ ਹਨ ਉਹਨਾਂ ਸੰਸਥਾ ਦੇ ਚੰਗੇ ਨਤੀਜਿਆਂ ਲਈ ਸਟਾਫ ਨੂੰ ਵੀ ਵਧਾਈ ਦਿੱਤੀ।



# ਸਾਇੰਸ ਫੈਸਟੀਵਲ ਦਾ ਦੂਜਾ ਦਿਨ ਖ਼ਾਲਸਾ ਕਾਲਜ, ਅੰਮ੍ਰਿਤਸਰ ਵਿੱਚ ਵਿਗਿਆਨ ਦੇ ਅਜੂਬਿਆਂ ਨੂੰ ਦੇਖ ਕੇ ਵਿਦਿਆਰਥੀ ਹੋਏ ਹੈਰਾਨ

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ 19 ਨਵੰਬਰ**

ਖ਼ਾਲਸਾ ਕਾਲਜ, ਅੰਮ੍ਰਿਤਸਰ ਵਿਖੇ ਚੱਲ ਰਹੇ ਫੈਸਟੀਵਲ ਆਫ਼ ਸਾਇੰਸ ਦੇ ਦੂਜੇ ਦਿਨ ਵਿਗਿਆਨਕ ਉਤਸੁਕਤਾ ਅਤੇ ਨਵੀਨਤਾ ਦਾ ਜੋਸ਼ ਭਰਿਆ ਜਸ਼ਨ ਰਿਹਾ। ਵੱਡੀ ਗਿਣਤੀ ਵਿੱਚ ਸਕੂਲ ਅਤੇ ਕਾਲਜ ਦੇ ਵਿਦਿਆਰਥੀਆਂ ਨੇ ਖੋਜ ਅਤੇ ਸਿੱਖਣ ਦੇ ਉਨ੍ਹਾਂ ਦੇ ਜਨੂੰਨ ਨੂੰ ਜਗਾਉਣ ਲਈ ਤਿਆਰ ਕੀਤੀਆਂ ਗਈਆਂ ਕਈ ਤਰ੍ਹਾਂ ਦੀਆਂ ਰੁਝੇਵਿਆਂ, ਹੱਥੀਂ ਵਿਗਿਆਨ ਦੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ।

ਦਿਨ ਦੀ ਸ਼ੁਰੂਆਤ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਪ੍ਰਸਿੱਧ ਭੌਤਿਕ ਵਿਗਿਆਨੀ ਪ੍ਰੋ. ਸੁਮਨ ਬੀ. ਬੇਰੀ ਦੁਆਰਾ ਦਿੱਤੇ ਗਏ ÷ਬ੍ਰਹਿਮੰਡ ਦੀ ਸਿਰਜਣਾ÷ ਸਿਰਲੇਖ ਵਾਲੇ ਇੱਕ ਵਿਚਾਰ-ਪ੍ਰੇਰਕ ਲੈਕਚਰ ਨਾਲ ਹੋਈ। ਸੈਸ਼ਨ ਨੇ ਬ੍ਰਹਿਮੰਡ ਦੇ ਡੂੰਘੇ ਰਹੱਸਾਂ ਦੀ ਝਲਕ ਪੇਸ਼ ਕਰਦੇ ਹੋਏ ਵਿਦਿਆਰਥੀਆਂ ਵਿੱਚ ਉਤਸੁਕਤਾ ਦੀ ਭਾਵਨਾ ਨੂੰ ਪੈਦਾ ਕੀਤਾ।

ਵਿਦਿਆਰਥੀਆਂ ਨੇ ਵਿਗਿਆਨ ਅਤੇ ਵਾਤਾਵਰਣ ਵਿਸ਼ਿਆਂ ’ਤੇ ਕੇਂਦ੍ਰਿਤ ਇੱਕ ਕੁਇਜ਼ ਮੁਕਾਬਲੇ ਅਤੇ ਨਵੀਨਤਾਕਾਰੀ ਮਾਡਲਾਂ ਦੀ ਪ੍ਰਦਰਸ਼ਨੀ ਰਾਹੀਂ ਆਪਣੀ ਰਚਨਾਤਮਕਤਾ ਅਤੇ ਵਿਗਿਆਨਕ ਗਿਆਨ ਦਾ ਪ੍ਰਦਰਸ਼ਨ ਕੀਤਾ। ਉਹਨਾਂ ਦੀਆਂ ਰਚਨਾਵਾਂ ਵਿਗਿਆਨਕ ਸਿਧਾਂਤਾਂ ਦੀ ਡੂੰਘੀ ਸਮਝ ਅਤੇ ਅਸਲ-ਸੰਸਾਰ ਦੀਆਂ ਚੁਣੌਤੀਆਂ ਨੂੰ ਹੱਲ ਕਰਨ ਵਿੱਚ ਉਹਨਾਂ ਦੀ ਵਰਤੋਂ ਨੂੰ ਦਰਸਾਉਂਦੀਆਂ ਹਨ।

ਦਿਨ ਦੀ ਮੁੱਖ ਗੱਲ ਰਾਕੇਟ ਮੇਕਿੰਗ ’ਤੇ ਇੱਕ ਰੋਮਾਂਚਕ ਵਰਕਸ਼ਾਪ ਸੀ, ਜਿੱਥੇ ਸਕੂਲੀ ਵਿਦਿਆਰਥੀਆਂ ਨੇ ਮਾਡਲ ਰਾਕੇਟ ਬਣਾਉਣ ਦੀ ਗੁੰਝਲਦਾਰ ਕਲਾ ਸਿੱਖਣ ਲਈ ਆਪਣਾ ਉਤਸ਼ਾਹ ਦਿਖਾਇਆ। ਇਸਰੋ ਦੇ ਸਾਬਕਾ ਵਿਗਿਆਨੀ ਆਕਾਸ਼ ਏਕਾ ਦੀ ਨਿਗਰਾਨੀ ਵਿੱਚ ਰਾਕੇਟ ਲਾਂਚ ਗਤੀਵਿਧੀ ਦੌਰਾਨ ਉਤਸ਼ਾਹ ਆਪਣੇ ਸਿਖਰ ’ਤੇ ਪਹੁੰਚ ਗਿਆ। ਇਸ ਪ੍ਰੈਕਟੀਕਲ ਸੈਸ਼ਨ ਨੇ ਨਾ ਸਿਰਫ਼ ਰਾਕੇਟ ਦੇ ਮਕੈਨਿਕਸ ਦਾ ਪ੍ਰਦਰਸ਼ਨ ਕੀਤਾ ਸਗੋਂ ਉਭਰਦੇ ਵਿਗਿਆਨੀਆਂ ਨੂੰ ਵੱਡੇ ਸੁਪਨੇ ਦੇਖਣ ਲਈ ਵੀ ਪ੍ਰੇਰਿਤ ਕੀਤਾ।



1000 ਤੋਂ ਵੱਧ ਵਿਦਿਆਰਥੀਆਂ ਨੇ ਵੱਖ-ਵੱਖ ♥“5$ ਗਤੀਵਿਧੀ ਸਟਾਲਾਂ ਦਾ ਦੌਰਾ ਕੀਤਾ, ਜਿਨ੍ਹਾਂ ਨੇ ਵਿਗਿਆਨ ਨੂੰ ਇੰਟਰਐਕਟਿਵ ਅਤੇ ਦਿਲਚਸਪ ਢੰਗ ਨਾਲ ਪੇਸ਼ ਕੀਤਾ। ਹੈਂਡ-ਆਨ ਪ੍ਰਦਰਸ਼ਨਾਂ ਅਤੇ ਗਤੀਵਿਧੀਆਂ ਨੇ ਭਾਗੀਦਾਰਾਂ ਨੂੰ ਵਿਗਿਆਨ ਦੇ ਚਮਤਕਾਰਾਂ ਦੁਆਰਾ ਰੋਮਾਂਚਿਤ ਅਤੇ ਡੂੰਘੀ ਦਿਲਚਸਪੀ ਨਾਲ ਛੱਡ ਦਿੱਤਾ।

ਦਿਨ ਦੀ ਪ੍ਰੇਰਨਾ ਨੂੰ ਜੋੜਦੇ ਹੋਏ, ਇੱਕ ਇੰਟਰਐਕਟਿਵ ਸੈਸ਼ਨ ਦਾ ਆਯੋਜਨ ਕੀਤਾ ਗਿਆ ਜਿੱਥੇ ਵਿਦਿਆਰਥੀਆਂ ਨੂੰ ਉੱਘੇ ਮਹਿਲਾ ਵਿਗਿਆਨੀਆਂ ਨਾਲ ਜੁੜਨ ਦਾ ਵਿਲੱਖਣ ਮੌਕਾ ਮਿਲਿਆ - ਪ੍ਰੋ. ਸੁਮਨ ਬੇਰੀ, ਜੋ ਕਿ ਕਣ ਭੌਤਿਕ ਵਿਗਿਆਨ ’ਤੇ ਜਨੇਵਾ ਪ੍ਰਯੋਗ ਨਾਲ ਜੁੜੀ ਹੋਈ ਸੀ, ਪ੍ਰੋ. ਨੇਹਾ ਸਰਦਾਨਾ, ਆਈਆਈਟੀ ਦੀ ਇੱਕ ਸਮੱਗਰੀ ਵਿਗਿਆਨੀ। ਰੋਪੜ ਅਤੇ ਜੀ.ਐਨ.ਡੀ.ਯੂ ਦੇ ਜੈਨੇਟਿਕਸਿਸਟ ਵਸੁਧਾ ਸੰਬਿਆਲ, ਪ੍ਰੋ. ਇਸ ਸੈਸ਼ਨ ਨੇ ਵਿਗਿਆਨਕ ਲੈਂਡਸਕੇਪ ਨੂੰ ਰੂਪ ਦੇਣ ਵਿੱਚ ਔਰਤਾਂ ਦੀ ਅਹਿਮ ਭੂਮਿਕਾ ਨੂੰ ਉਜਾਗਰ ਕੀਤਾ ਅਤੇ ਨੌਜਵਾਨ ਸਿੱਖਿਆਰਥੀਆਂ ਨੂੰ ਵਿਗਿਆਨ ਅਤੇ ਤਕਨਾਲੋਜੀ ਵਿੱਚ ਕਰੀਅਰ ਬਣਾਉਣ ਲਈ ਪ੍ਰੇਰਿਤ ਕੀਤਾ।

ਸ਼ਾਮ ਨੂੰ ਤਾਰਿਆਂ ਦੇ ਹੇਠਾਂ ਇੱਕ ਅਭੁੱਲ ਅਨੁਭਵ ਲਈ ਰਾਖਵਾਂ ਕੀਤਾ ਗਿਆ ਸੀ. ਵਿਦਿਆਰਥੀਆਂ ਨੇ ਨਾਈਟ ਸਕਾਈ ਵਾਚਿੰਗ ਦਾ ਆਨੰਦ ਮਾਣਿਆ, ਆਕਾਸ਼ੀ ਅਜੂਬਿਆਂ ਨੂੰ ਦੇਖ ਕੇ ਹੈਰਾਨ ਹੋਏ, ਇਸ ਤੋਂ ਬਾਅਦ ਮਨੁੱਖੀ ਉਤਸੁਕਤਾ ਅਤੇ ਨਵੀਨਤਾ ਦਾ ਜਸ਼ਨ ਮਨਾਉਣ ਵਾਲੀਆਂ ਸੋਚ-ਪ੍ਰੇਰਕ ਵਿਗਿਆਨ ਫਿਲਮਾਂ ਦੀ ਸਕ੍ਰੀਨਿੰਗ ਕੀਤੀ ਗਈ।ਫੈਸਟੀਵਲ ਆਫ ਸਾਇੰਸ, ਸੋਸਾਇਟੀ ਫਾਰ ਪ੍ਰਮੋਸ਼ਨ ਆਫ ਸਾਇੰਸ ਐਂਡ ਟੈਕਨਾਲੋਜੀ ਇਨ ਇੰਡੀਆ, ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੁਆਰਾ ਸਕੂਲ ਸਿੱਖਿਆ ਵਿਭਾਗ, ਅੰਮ੍ਰਿਤਸਰ ਦੇ ਸਰਗਰਮ ਸਹਿਯੋਗ ਨਾਲ ਆਯੋਜਿਤ ਇੱਕ ਸਹਿਯੋਗੀ ਯਤਨ ਹੈ। ਇਹ ਇਵੈਂਟ ਵਿਗਿਆਨ ਦੇ ਅਜੂਬਿਆਂ ਲਈ ਡੂੰਘੀ ਪ੍ਰਸ਼ੰਸਾ ਨੂੰ ਉਤਸ਼ਾਹਿਤ ਕਰਦੇ ਹੋਏ, ਵਿਗਿਆਨਕ ਦਿਮਾਗਾਂ ਦੀ ਅਗਲੀ ਪੀੜ੍ਹੀ ਨੂੰ ਪ੍ਰੇਰਿਤ ਅਤੇ ਪਾਲਣ ਪੋਸ਼ਣ ਕਰਨਾ ਜਾਰੀ ਰੱਖਦਾ ਹੈ।

### ਸੰਪਾਦਕੀ

**ਆਜ਼ਾਦ ਸੋਚ**

## ਅਕਾਲੀ ਦਲ ਲਈ ਮੌਕਾ

ਅਕਾਲ ਤਖ਼ਤ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਬਾਗ਼ੀਆਂ ਵੱਲੋਂ ਆਲੋਚਨਾ ਦਾ ਸਾਹਮਣਾ ਕਰ ਰਹੇ ਸੁਖਬੀਰ ਸਿੰਘ ਬਾਦਲ ਨੇ ਆਖ਼ਿਰਕਾਰ ਪਾਰਟੀ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਉਨ੍ਹਾਂ ਦੇ ਅਸਤੀਫ਼ੇ ਨੇ ਜ਼ਾਹਿਰਾ ਤੌਰ 'ਤੇ ਅਕਾਲੀ ਦਲ ਦੇ ਨਵੇਂ ਪ੍ਰਧਾਨ ਦੀ ਚੋਣ ਲਈ ਰਾਹ ਪੱਧਰਾ ਕਰ ਦਿੱਤਾ ਹੈ ਪਰ ਇਹ ਅਜੇ ਦੇਖਣ ਵਾਲਾ ਹੋਵੇਗਾ ਕਿ ਕਾਰਵਾਈ ਜਮਹੂਰੀ ਢੰਗ ਨਾਲ ਸਿਰੇ ਚੜ੍ਹਦੀ ਹੈ ਜਾਂ ਨਹੀਂ। ਸਿੱਖਾਂ ਦੀ ਸਰਬਉੱਚ ਸੰਸਥਾ ਅਕਾਲ ਤਖ਼ਤ ਵੱਲੋਂ ਅਗਸਤ ਵਿਚ ਤਨਖ਼ਾਹੀਆ ਕਰਾਰ ਦਿੱਤੇ ਜਾਣ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਦੀ ਸਥਿਤੀ ਅਸਥਿਰ ਹੋ ਗਈ ਸੀ। ਉਨ੍ਹਾਂ ਨੂੰ ਇਹ ਸਜ਼ਾ ਪਾਰਟੀ ਅਤੇ 2007-2017 ਤੱਕ ਉਨ੍ਹਾਂ ਦੀ ਸਰਕਾਰ ਵੱਲੋਂ ਕੀਤੀਆਂ 'ਗ਼ਲਤੀਆਂ' ਲਈ ਲਾਈ ਗਈ ਸੀ। ਪਹਿਲਾਂ ਵਿਧਾਨ ਸਭਾ ਅਤੇ ਮਗਰੋਂ ਸੰਸਦੀ ਚੋਣਾਂ ਵਿੱਚ ਸ਼ ?ਰੋਮਣੀ ਅਕਾਲੀ ਦਲ ਦੇ ਮਾੜੇ ਪ੍ਰਦਰਸ਼ਨ ਕਾਰਨ ਸੁਖਬੀਰ ਸਿੰਘ ਬਾਦਲ ਪਹਿਲਾਂ ਹੀ ਕਮਜ਼ੋਰ ਪੈ ਚੁੱਕੇ ਹਨ। ਅਸਲ ਵਿਚ, ਸੁਖਬੀਰ ਸਿੰਘ ਬਾਦਲ ਨੇ ਪਾਰਟੀ ਨੂੰ ਜਿਸ ਢੰਗ ਨਾਲ ਚਲਾਉਣ ਦਾ ਯਤਨ ਕੀਤਾ, ਉਸ ਦੀ ਦੱਬਵੀਂ ਸੁਰ ਵਿੱਚ ਆਲੋਚਨਾ ਤਾਂ ਬਹੁਤ ਪਹਿਲਾਂ ਸ਼ੁਰੂ ਹੋ ਗਈ ਸੀ ਪਰ ਉਦੋਂ ਸ੍ਰੀ ਪ੍ਰਕਾਸ਼ ਸਿੰਘ ਬਾਦਲ ਸਥਿਤੀ ਨੂੰ ਸੰਭਾਲ ਲੈਂਦੇ ਸਨ। ਉਨ੍ਹਾਂ ਤੋਂ ਬਾਅਦ ਸੁਖਬੀਰ ਖਿਲਾਫ ਲਗਾਤਾਰ ਬਗਾਵਤਾਂ ਉੱਠਣ ਲੱਗੀਆਂ ਅਤੇ ਹਾਲਾਤ ਹੌਲੀ-ਹੌਲੀ ਕਾਬੂ ਤੋਂ ਬਾਹਰ ਹੁੰਦੇ ਗਏ।

ਬਾਦਲਾਂ ਨੇ ਕਰੀਬ ਤਿੰਨ ਦਹਾਕਿਆਂ ਤੱਕ ਸ਼ ?ਰੋਮਣੀ ਅਕਾਲੀ ਦਲ 'ਤੇ ਮਜ਼ਬੂਤ ਪਕੜ ਬਣਾ ਕੇ ਰੱਖੀ। ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਅਕਾਲੀ ਆਗੂ ਪ੍ਰਕਾਸ਼ ਸਿੰਘ ਬਾਦਲ ਨੇ ਸ਼ਲਾਘਾਯੋਗ ਢੰਗ ਨਾਲ ਪਾਰਟੀ ਨੂੰ ਮਜ਼ਬੂਤੀ ਦਿੱਤੀ, ਸਾਰਿਆਂ ਨੂੰ ਨਾਲ ਲੈ ਕੇ ਚੱਲੇ ਪਰ ਆਪਣੇ ਆਖ਼ਿਰੀ ਵਰ੍ ?ਆਂ ਵਿੱਚ ਉਹ ਹਾਲਾਤ ਨੂੰ ਬੇਕਾਬੂ ਹੋਣ ਤੋਂ ਨਹੀਂ ਰੋਕ ਸਕੇ। ਬੇਅਦਬੀ ਦੀਆਂ ਘਟਨਾਵਾਂ ਅਤੇ 2015 ਵਿੱਚ ਹੋਈ ਬਹਿਬਲ ਕਲਾਂ ਪੁਲੀਸ ਫਾਇਰਿੰਗ ਦੀ ਘਟਨਾ ਉਨ੍ਹਾਂ ਦੇ ਸ਼ਾਨਦਾਰ ਕਰੀਅਰ 'ਤੇ ਦਾਗ਼ ਲਾ ਗਈ। ਅਪਰੈਲ 2023 ਵਿੱਚ ਸੀਨੀਅਰ ਬਾਦਲ ਦੀ ਮੌਤ ਤੋਂ ਬਾਅਦ ਉਨ੍ਹਾਂ ਦਾ ਪੁੱਤਰ ਸੁਖਬੀਰ ਸਿੰਘ ਬਾਦਲ ਬਗ਼ਾਵਤ ਨੂੰ ਕਾਬੂ ਹੇਠ ਰੱਖਣ ਅਤੇ ਖ਼ੁਦ ਨੂੰ ਪਾਰਟੀ ਦੇ ਨੇਤਾ ਵਜੋਂ ਸਥਾਪਿਤ ਕਰਨ 'ਚ ਸੰਘਰਸ਼ ਕਰਦੇ ਰਹੇ। ਮੌਜੂਦਾ ਸਥਿਤੀ ਕੁਝ ਸੁਭਾਵਿਕ ਸਵਾਲ ਚੁੱਕਦੀ ਹੈ: ਕੀ ਪਾਰਟੀ ਬਾਦਲ ਪਰਿਵਾਰ ਤੋਂ ਬਾਹਰਲੇ ਕਿਸੇ ਆਗੂ ਨੂੰ ਕਮਾਨ ਸੰਭਾਲੇਗੀ? ਕੀ ਉਹ ਬਾਦਲ ਦਾ ਵਫ਼ਾਦਾਰ ਹੋਵੇਗਾ ਜਾਂ ਫਿਰ ਬਾਗੀ ਧੜੇ ਵਿੱਚੋਂ ਕਿਸੇ ਨੂੰ ਲਿਆ ਜਾਵੇਗਾ? ਤੇ ਕੀ ਨਵਾਂ ਪ੍ਰਧਾਨ, ਪਾਰਟੀ ਅੰਦਰ ਨਵੀਂ ਰੂਹ ਫੂਕਣ ਵਿੱਚ ਸਫ਼ਲ ਹੋ ਸਕੇਗਾ?

## ਜ਼ਿਮਨੀ ਚੋਣਾਂ: ਦਲ-ਬਦਲੀ ਅਤੇ ਪਰਿਵਾਰਵਾਦ

**ਸੁਖਦੇਵ ਸਿੰਘ**

ਭਾਰਤ ਦੇ ਹੋਰਨਾਂ ਸੂਬਿਆਂ ਦੇ ਨਾਲ-ਨਾਲ ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਵੀ ਜ਼ਿਮਨੀ ਚੋਣਾਂ ਹੋ ਰਹੀਆਂ ਹਨ ਜਿਨ੍ਹਾਂ ਲਈ ਵੋਟਾਂ 20 ਨਵੰਬਰ 2024 ਨੂੰ ਪੈਣੀਆਂ ਹਨ। ਚੋਣਾਂ ਆਮ ਤੌਰ 'ਤੇ ਰਾਜਨੀਤਕ ਨੇਤਾਵਾਂ ਲਈ ਆਪਣੇ ਲੋਕ ਪੱਖੀ ਕੰਮਾਂ ਅਤੇ ਨੀਤੀਆਂ ਬਾਰੇ ਖੁਲਾਸਾ ਕਰਨ ਅਤੇ ਜਨਤਕ ਪ੍ਰਤੀਕਿਰਿਆ ਲੈਣ ਦਾ ਵਧੀਆ ਮੌਕਾ ਹੁੰਦੀਆਂ ਹਨ ਪਰ ਪੰਜਾਬ ਦੇ ਸਿਆਸੀ ਨੇਤਾ ਲੋਕ ਹਿੱਤ ਵਿੱਚ ਕੀਤੇ ਕੰਮਾਂ ਜਾਂ ਇਸ ਸਬੰਧੀ ਭਵਿੱਖ ਵਿੱਚ ਕਿਸੇ ਯੋਜਨਾ ਦੀ ਚਰਚਾ ਨਾਲੋਂ ਵੱਧ ਧਮਕੀਆਂ, ਝੂਠੇ ਦਾਅਵਿਆਂ ਅਤੇ ਮਖੌਲੀਆ ਪਰ ਮੀਸਣੀ ਬਿਆਨਬਾਜ਼ੀ ਕਰ ਰਹੇ ਹਨ। ਦੂਜੇ ਪਾਸੇ, ਸਿਆਸੀ ਪਾਰਟੀਆਂ ਨੇ ਇਨ੍ਹਾਂ ਚੋਣਾਂ ਨੂੰ ਉਮੀਦਵਾਰ ਦੀ ਜਿੱਤਣ ਯੋਗਤਾ ਦੇ ਨਾਂ ਹੇਠ ਦਲ-ਬਦਲੀ, ਪਰਿਵਾਰਵਾਦ ਅਤੇ ਇਨ੍ਹਾਂ ਸਬੰਧੀ ਬਿਆਨਬਾਜ਼ੀ ਦਾ ਮੌਕਾ ਬਣਾਇਆ ਹੋਇਆ ਹੈ।

ਸਿਆਸੀ ਪਾਰਟੀਆਂ ਵਿੱਚ ਲੋਕਾਂ ਦੇ ਭਰੋਸੇ ਦੀ ਘਾਟ ਇੰਨੀ ਜ਼ਿਆਦਾ ਹੈ ਕਿ ਸੂਬੇ ਦੀ ਸਭ ਤੋਂ ਪੁਰਾਣੀ ਅਤੇ ਰਵਾਇਤੀ ਤੌਰ 'ਤੇ ਮਜ਼ਬੂਤ ਸਿਆਸੀ ਪਾਰਟੀ ਸ਼ ?ਰੋਮਣੀ ਅਕਾਲੀ ਦਲ ਨੇ ਚੋਣਾਂ ਨਾ ਲੜਨ ਨੂੰ ਤਰਜੀਹ ਦਿੱਤੀ ਹੈ। ਇਸ ਦੇ ਅਸੰਤੁਸ਼ਟ ਆਗੂਆਂ ਦਾ ਸਮੂਹ, ਅਕਾਲੀ ਦਲ ਸੁਧਾਰ ਲਹਿਰ ਵੀ ਚੋਣ ਮੁਕਾਬਲੇ ਤੋਂ ਬਾਹਰ ਹੈ। ਇਸ ਲਈ ਰਾਜ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ, ਕੇਂਦਰ ਵਿੱਚ ਸੱਤਾਧਾਰੀ ਭਾਰਤੀ ਜਨਤਾ ਪਾਰਟੀ ਅਤੇ ਇੰਡੀਅਨ ਨੈਸ਼ਨਲ ਕਾਂਗਰਸ ਵਿਚਕਾਰ ਤਿਕੋਣਾ ਮੁਕਾਬਲਾ ਹੈ।

ਇੱਕ ਹਲਕੇ ਵਿੱਚ ਭਾਰਤੀ ਜਨਤਾ ਪਾਰਟੀ ਦਾ ਉਮੀਦਵਾਰ ਅਕਾਲੀ ਦਲ ਦੇ ਮੁਖੀ ਦਾ ਚਚੇਰਾ ਭਰਾ ਹੈ ਅਤੇ ਉਹ ਪਹਿਲਾਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਵਿੱਚ ਮੰਤਰੀ ਰਹਿ ਚੁੱਕਾ ਹੈ। ਉਹ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਤਿੰਨ ਸਿਆਸੀ ਸਵਾਦ ਚੱਖ ਕੇ ਤਿਆਗ ਚੁੱਕਾ ਹੈ; ਆਮ ਆਦਮੀ ਪਾਰਟੀ ਦੇ ਉਮੀਦਵਾਰ ਨੇ ਵੀ ਮੌਜੂਦਾ ਜ਼ਿਮਨੀ ਚੋਣਾਂ ਤੋਂ ਕੁਝ ਸਮਾਂ ਪਹਿਲਾਂ ਹੀ ਸ਼ ?ਰੋਮਣੀ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ ਹੈ। ਕਾਂਗਰਸ ਪਾਰਟੀ ਦੀ ਉਮੀਦਵਾਰ ਕਾਂਗਰਸ ਪ੍ਰਦੇਸ਼ ਪਾਰਟੀ ਪ੍ਰਧਾਨ ਅਤੇ 2024 ਵਿੱਚ ਹੀ ਚੁਣੇ ਗਏ ਸੰਸਦ ਮੈਂਬਰ ਦੀ ਪਤਨੀ ਹੈ।

ਇੱਕ ਹੋਰ ਹਲਕੇ ਵਿੱਚ ਆਮ ਆਦਮੀ ਪਾਰਟੀ ਦਾ ਉਮੀਦਵਾਰ ਇਸੇ ਪਾਰਟੀ ਦੇ 2024 ਵਿੱਚ ਹੀ ਚੁਣੇ ਗਏ ਸੰਸਦ ਮੈਂਬਰ ਦਾ ਪੁੱਤਰ ਹੈ; ਇਹ ਸੰਸਦ ਮੈਂਬਰ 2024 ਦੀਆਂ ਸੰਸਦੀ ਚੋਣਾਂ ਤੋਂ ਠੀਕ ਪਹਿਲਾਂ ਕਾਂਗਰਸ ਵੱਲੋਂ ਵਿਧਾਨ ਸਭਾ ਮੈਂਬਰ ਅਤੇ ਵਿਰੋਧੀ ਧਿਰ ਦਾ ਨੇਤਾ ਸੀ; ਇਸ ਨੇ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਜੋਂ ਚੋਣ ਜਿੱਤੀ ਸੀ ਜਿਸ ਕਰ ਕੇ ਉਸ ਦੀ ਵਿਧਾਨ ਸਭਾ ਸੀਟ ਖਾਲੀ ਹੋਈ ਸੀ; ਹੁਣ ਉਸ ਦਾ ਪੁੱਤਰ ਉਮੀਦਵਾਰ ਹੈ। ਭਾਰਤੀ ਜਨਤਾ ਪਾਰਟੀ ਦਾ ਉਮੀਦਵਾਰ ਵੀ ਵਿਧਾਨ ਸਭਾ ਜ਼ਿਮਨੀ ਚੋਣਾਂ ਤੋਂ ਕੁਝ ਸਮਾਂ ਪਹਿਲਾਂ ਹੀ ਸ਼ ?ਰੋਮਣੀ ਅਕਾਲੀ ਦਲ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਇਆ ਸੀ; ਉਹ ਅਕਾਲੀ ਦਲ ਦੀ ਸਰਕਾਰ ਵਿੱਚ ਮੰਤਰੀ ਰਹਿ ਚੁੱਕਿਆ ਹੈ।

ਤੀਜੇ ਹਲਕੇ ਵਿੱਚ ਕਾਂਗਰਸ ਉਮੀਦਵਾਰ ਵੀ ਕਾਂਗਰਸ ਦੇ ਸੰਸਦ ਮੈਂਬਰ ਅਤੇ ਸਾਬਕਾ ਉਪ ਮੁੱਖ ਮੰਤਰੀ ਦੀ ਪਤਨੀ




ਹੈ; ਭਾਰਤੀ ਜਨਤਾ ਪਾਰਟੀ ਦਾ ਉਮੀਦਵਾਰ ਖ਼ੁਦ ਸਾਬਕਾ ਅਕਾਲੀ ਵਿਧਾਇਕ ਅਤੇ ਅਕਾਲੀ ਦਲ ਦੀ ਸਰਕਾਰ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਦਾ ਪੁੱਤਰ ਹੈ।

ਚੌਥੇ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦਾ ਉਮੀਦਵਾਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਸਾਬਕਾ ਸੀਨੀਅਰ ਮੀਤ ਪ੍ਰਧਾਨ ਅਤੇ ਸਾਬਕਾ ਕਾਂਗਰਸੀ ਵਿਧਾਇਕ ਰਹਿ ਚੁੱਕਾ ਹੈ; ਆਮ ਆਦਮੀ ਪਾਰਟੀ ਦਾ ਉਮੀਦਵਾਰ ਵੀ ਇੱਕ ਸੰਸਦ ਮੈਂਬਰ ਅਤੇ ਸਾਬਕਾ ਮੰਤਰੀ ਦਾ ਚਹੇਤਾ ਦੱਸਿਆ ਜਾਂਦਾ ਹੈ। ਇਸ ਨੂੰ ਆਪਣੀ ਹੀ ਪਾਰਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਨੂੰ ਨਜ਼ਰਅੰਦਾਜ਼ ਕਰ ਕੇ ਚੋਣ ਵਿੱਚ ਉਤਾਰਿਆ ਗਿਆ ਹੈ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਬਾਗ਼ੀ ਵਜੋਂ ਚੋਣ ਲੜ ਰਿਹਾ ਹੈ।

ਇਹ ਚਾਰੇ ਵਿਧਾਨ ਸਭਾ ਸੀਟਾਂ ਇਸ ਲਈ ਖਾਲੀ ਹੋਈਆਂ ਹਨ ਕਿਉਂਕਿ ਵਿਧਾਇਕਾਂ ਨੇ ਜੂਨ 2024 ਵਿੱਚ ਹੋਈਆਂ ਸੰਸਦੀ ਚੋਣਾਂ ਲੜੀਆਂ ਤੇ ਜਿੱਤੀਆਂ। ਹੁਣ ਚਾਰਾਂ ਵਿੱਚੋਂ ਤਿੰਨ ਵਿੱਚ ਚੋਣਾਂ ਲੜਨ ਵਾਲੇ ਉਮੀਦਵਾਰ 2024 ਵਿੱਚ ਚੁਣੇ ਗਏ ਸੰਸਦ ਮੈਂਬਰਾਂ ਦੇ ਨਜ਼ਦੀਕੀ ਪਰਿਵਾਰਕ ਮੈਂਬਰ ਹਨ। ਸੰਸਦ ਮੈਂਬਰਾਂ ਦੇ ਪਰਿਵਾਰਕ ਮੈਂਬਰਾਂ ਵਜੋਂ ਉਨ੍ਹਾਂ ਨੂੰ 'ਜਿੱਤਣ ਯੋਗ' ਉਮੀਦਵਾਰ ਮੰਨਿਆ ਗਿਆ ਹੈ ਜਾਂ ਫਿਰ ਉਨ੍ਹਾਂ ਦੇ ਪਰਿਵਾਰ ਨੂੰ ਹੀ ਹਲਕੇ ਦੀ ਨੁਮਾਇੰਦਗੀ ਦੇ ਯੋਗ ਮੰਨਿਆ ਗਿਆ ਹੈ।

ਸਵਾਲ ਪੈਦਾ ਹੁੰਦਾ ਹੈ ਕਿ ਸਿਆਸੀ ਪਾਰਟੀਆਂ ਕੋਲ ਸਮਾਜ ਦੇ ਕਿਸੇ ਹੋਰ ਵਰਗ ਦਾ ਕੋਈ ਹੋਰ ਮੈਂਬਰ ਨਹੀਂ ਹੈ ਜੋ 'ਜਿੱਤਣ ਯੋਗ' ਉਮੀਦਵਾਰ ਬਣ ਸਕੇ? ਜਾਂ ਫਿਰ ਕੁਝ ਨੇਤਾਵਾਂ ਨੇ ਚੋਣ ਰਾਜਨੀਤੀ ਨੂੰ ਪਰਿਵਾਰਕ ਏਕਾਧਿਕਾਰ ਜਾਂ ਭਾਈ-ਭਤੀਜਾਵਾਦ ਵਿੱਚ ਬਦਲ ਦਿੱਤਾ ਹੈ ਜਿਸ ਵਿੱਚ ਪਾਰਟੀ ਦੇ ਕਿਸੇ ਹੋਰ ਕਾਰਕੁਨ ਦੀ ਕੋਈ ਥਾਂ ਨਹੀਂ ਹੈ, ਭਾਵੇਂ ਕਿੰਨਾ ਵੀ ਇਮਾਨਦਾਰ ਅਤੇ ਮਿਹਨਤੀ ਕਿਉਂ ਨਾ ਹੋਵੇ।

ਬਹੁਤੇ ਸਿਆਸੀ ਆਗੂ ਵੰਸ਼ਵਾਦੀ ਰਾਜਨੀਤੀ, ਭਾਈ-ਭਤੀਜਾਵਾਦ ਅਤੇ ਦਲ-ਬਦਲੀ ਲਈ ਦੂਜਿਆਂ ਦੀ ਆਲੋਚਨਾ ਕਰਦੇ ਹਨ ਪਰ ਜਦੋਂ ਮੌਕਾ ਮਿਲਦਾ ਹੈ ਤਾਂ ਖ਼ੁਦ ਇਹੋ ਖੇਡ ਖੇਡਦਿਆਂ ਆਪਣੇ ਜੀਵਨ ਸਾਥੀ, ਬੱਚਿਆਂ ਅਤੇ ਰਿਸ਼ਤੇਦਾਰਾਂ ਨੂੰ ਹੀ 'ਜਿੱਤਣ ਯੋਗ ਉਮੀਦਵਾਰ' ਵਜੋਂ ਪੇਸ਼ ਕਰਦੇ ਹਨ। ਸਿਆਸੀ ਵੰਸ਼ਵਾਦ ਨੂੰ ਵੱਖ-ਵੱਖ ਤਰੀਕਿਆਂ ਨਾਲ ਜਾਇਜ਼ ਠਹਿਰਾਉਂਦਿਆਂ ਪਰਿਵਾਰ ਦੇ ਕੰਮਾਂ ਅਤੇ ਕੁਰਬਾਨੀਆਂ ਦਾ ਵਿਖਿਆਨ ਕਰਦੇ ਹਨ।

ਕਾਂਗਰਸੀ ਸੰਸਦ ਮੈਂਬਰ ਅਤੇ ਪਾਰਟੀ ਸੂਬਾ ਪ੍ਰਧਾਨ ਨੇ ਆਪਣੀ ਪਤਨੀ (ਜੋ ਕਾਂਗਰਸੀ ਉਮੀਦਵਾਰ ਹੈ) ਦੇ ਹੱਕ ਵਿੱਚ ਕੁਝ ਦਿਨ ਪਹਿਲਾਂ ਵੋਟਰਾਂ ਨੂੰ ਸੰਬੋਧਨ ਕਰਦਿਆਂ ਮਜ਼ਾਹੀਆ ਅੰਦਾਜ਼ ਵਿੱਚ ਕਿਹਾ ਕਿ ਉਸ ਦੀ ਪਤਨੀ ਲਿਪਸਟਿਕ ਬਿੰਦੀ ਲਾ ਕੇ ਸਵੇਰੇ ਛੇ ਵਜੇ ਨਿਕਲਦੀ ਹੈ ਅਤੇ ਰਾਤ ਨੂੰ ਗਿਆਰਾਂ ਵਜੇ ਵਾਪਸ ਘਰ ਮੁੜਦੀ ਹੈ। ਇਸ ਤੋਂ ਇਲਾਵਾ, ਉਸ ਨੇ ਹਾਸੇ ਨਾਲ ਆਪਣੇ ਸਰੋਤਿਆਂ ਨੂੰ ਅਪੀਲ ਕੀਤੀ ਕਿ ਉਹ ਉਸ ਲਈ ਰਸੋਈਆ ਲੱਭ ਲੈਣ ਜੋ ਉਸ ਲਈ ਖਾਣਾ ਤਿਆਰ ਕਰ ਸਕੇ। ਆਪਣੀ ਪਤਨੀ ਦੀ ਜਿੱਤ ਯਕੀਨੀ ਦੱਸਦਿਆਂ ਚੋਣਾਂ ਤੋਂ ਬਾਅਦ ਉਸ ਦੇ ਸਮਾਜਿਕ ਸਮਾਗਮਾਂ ਦੇ ਰੁਝੇਵਿਆਂ ਦਾ ਵੇਰਵਾ ਦਿੰਦੇ ਹੋਏ ਉਸ ਨੇ ਝੋਰਾ ਕੀਤਾ ਕਿ ਫਿਰ ਤਾਂ ਉਹ ਉਸ ਦਾ ਸਿਰਫ਼ ਇੰਤਜ਼ਾਰ ਹੀ ਕਰਿਆ ਕਰੇਗਾ; ਜਿਵੇਂ ਉਹ ਹਲਕੇ ਦੀ ਨੁਮਾਇੰਦਗੀ ਕਰਨ ਦੀ ਹਾਮੀ ਭਰਨ ਲਈ ਆਪਣੇ ਬਲਿਦਾਨ ਦਾ ਖੁਲਾਸਾ ਕਰਦਿਆਂ ਲੋਕਾਂ ਦਾ ਧਿਆਨ ਪਰਿਵਾਰਵਾਦ ਤੋਂ ਹਟਾ ਰਿਹਾ ਹੋਵੇ।

ਵੰਸ਼ਵਾਦੀ ਰਾਜਨੀਤੀ ਨੂੰ ਜਾਇਜ਼ ਠਹਿਰਾਉਂਦਾ ਇਹ ਹਾਸੇ-ਠੱਠੇ ਵਾਲਾ ਪਰ ਅਸਰ ਭਰਪੂਰ ਸ਼ਕਤੀਸ਼ਾਲੀ ਭਾਸ਼ਣ ਹੈ ਜੋ ਪਰਿਵਾਰਵਾਦ ਨੂੰ ਕਿਸੇ ਵਿਸ਼ੇਸ਼ ਲਾਭ ਦੀ ਬਜਾਇ 'ਸੇਵਾ ਅਤੇ ਕੁਰਬਾਨੀ' ਦਰਸਾਉਂਦਾ ਹੈ। ਇਹ ਭਾਸ਼ਣ ਬਸਤੀਵਾਦ ਨੂੰ ਜਾਇਜ਼ ਠਹਿਰਾਉਂਦੇ ਮਸ਼ਹੂਰ ਜੁਮਲੇ 'ਵ ?ਹਾਈਟਮੈਨਜ਼ ਬਰਡਨ' (ਗੋਰੇ ਆਦਮੀ ਦਾ ਬੋਝ) ਵਰਗਾ ਪਰਿਵਾਰਵਾਦ ਨੂੰ ਜਾਇਜ਼ ਠਹਿਰਾਉਂਦਾ 'ਵੰਸ਼ ਦਾ ਬੋਝ' ਜੁਮਲਾ ਹੈ।

ਭਾਜਪਾ ਉਮੀਦਵਾਰ ਲਈ ਆਪਣੀ ਮੁਹਿੰਮ ਦੌਰਾਨ ਆਪਣੇ ਆਪ ਨੂੰ ਰਾਜ ਦਾ ਅਗਲਾ ਮੁੱਖ ਮੰਤਰੀ ਦੱਸਦਿਆਂ ਭਾਰਤ ਸਰਕਾਰ ਦੇ ਇੱਕ ਮੰਤਰੀ ਨੇ ਕਿਸਾਨ ਆਗੂਆਂ ਦੀ ਤੁਲਨਾ ਤਾਲਿਬਾਨ ਨਾਲ ਕੀਤੀ ਹੈ ਅਤੇ ਚੋਣਾਂ ਤੋਂ ਬਾਅਦ ਉਨ੍ਹਾਂ ਵਿਰੁੱਧ ਕਾਰਵਾਈ ਦੀ ਧਮਕੀ ਦਿੱਤੀ ਹੈ। ਉਸ ਦੀ ਧਮਕੀ ਜਮਹੂਰੀਅਤ ਦਾ ਅਪਮਾਨ ਅਤੇ ਧੱਕਾਸ਼ਾਹੀ ਹੈ ਜਦੋਂਕਿ ਉਮੀਦਵਾਰ ਕੇਂਦਰ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਨੌਜਵਾਨਾਂ ਨੂੰ ਨੌਕਰੀਆਂ ਦਿਵਾਉਣ ਲਈ ਸਿਫ਼ਾਰਿਸ਼ ਕਰਨ ਦਾ ਵਾਅਦਾ ਕਰਦਾ ਸੁਣਿਆ ਗਿਆ ਹੈ।

ਆਮ ਆਦਮੀ ਪਾਰਟੀ ਦੇ ਉਮੀਦਵਾਰ ਦੇ ਹੱਕ 'ਚ ਚੋਣ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਸ ਦੇ ਸੁਪਰੀਮੋ ਨੇ ਕਾਂਗਰਸ ਐੱਮਪੀ ਨੂੰ 'ਭ੍ਰਿਸ਼ਟ' ਕਿਹਾ ਹੈ ਅਤੇ ਉਸ 'ਤੇ ਵੰਸ਼ਵਾਦੀ ਰਾਜਨੀਤੀ ਦਾ ਦੋਸ਼ ਲਾਇਆ ਹੈ ਜਦੋਂਕਿ ਉਹ ਆਪ ਇੱਕ ਹੋਰ ਚੋਣ ਹਲਕੇ ਵਿੱਚ ਉਸੇ ਦਿਨ ਕੁਝ ਸਮਾਂ ਪਹਿਲਾਂ ਹੀ ਵੰਸ਼ਵਾਦੀ ਰਾਜਨੀਤੀ ਤਹਿਤ ਨਵਾਜੇ ਆਪਣੀ ਪਾਰਟੀ ਦੇ ਉਮੀਦਵਾਰ ਲਈ ਚੋਣ ਪ੍ਰਚਾਰ ਕਰ ਕੇ ਆਇਆ ਸੀ।

ਦਲ-ਬਦਲੀ, ਵੰਸ਼ਵਾਦ, ਅਪਮਾਨਜਨਕ ਬਿਆਨਬਾਜ਼ੀ, ਗ਼ੈਰ-ਜ਼ਿੰਮੇਵਾਰਾਨਾ ਵਾਅਦੇ ਲੋਕਤੰਤਰ ਵਿੱਚ ਗਿਰਾਵਟ ਦੇ ਸੂਚਕ ਹਨ ਜਿਸ ਨੂੰ ਲੋਕਾਂ ਅਤੇ ਸਿਆਸੀ ਪਾਰਟੀਆਂ, ਦੋਵਾਂ ਨੂੰ ਹੱਲ ਕਰਨਾ ਚਾਹੀਦਾ ਹੈ। ਵੰਸ਼ਵਾਦੀ ਅਤੇ ਦਲ-ਬਦਲੀ ਦੀ ਰਾਜਨੀਤੀ ਲੋਕਤੰਤਰ ਲਈ ਸਿਹਤਮੰਦ ਰੁਝਾਨ ਨਹੀਂ ਕਿਉਂਕਿ ਇਸ ਨਾਲ ਦੂਜੇ ਪਾਰਟੀ ਕਾਰਕੁਨਾਂ ਦੀ ਰਾਜਨੀਤਕ ਤਰੱਕੀ ਅਤੇ ਉਨ੍ਹਾਂ ਵੱਲੋਂ ਸ਼ਾਸਨ ਲਈ ਬਦਲਵੀਂ ਪ੍ਰਤਿਭਾ ਪੇਸ਼ ਕਰਨ ਦੀ ਗੁੰਜਾਇਸ਼ ਨਹੀਂ ਰਹਿੰਦੀ। ਅਜਿਹੀ ਰਾਜਨੀਤੀ ਨਾਲ ਲੋਕਤੰਤਰ ਦਾ 'ਸਭ ਲਈ ਬਰਾਬਰ ਮੌਕੇ' ਵਾਲਾ ਸਿਧਾਂਤ ਨਕਾਰਿਆ ਜਾਂਦਾ ਹੈ। ਸਿਆਸੀ ਤੌਰ 'ਤੇ ਖਾਸ ਪਰਿਵਾਰਾਂ ਦੇ ਮੈਂਬਰ ਹੀ 'ਜਿੱਤਣ ਯੋਗ' ਉਮੀਦਵਾਰ ਵਾਲਾ ਵਿਚਾਰ ਅਤੇ ਵਿਹਾਰ ਇਮਾਨਦਾਰ ਪਾਰਟੀ ਵਰਕਰਾਂ ਨੂੰ ਨਿਰਾਸ਼ ਕਰਦਾ ਹੈ ਅਤੇ ਉਨ੍ਹਾਂ ਨੂੰ ਚਾਪਲੂਸੀ ਤੇ ਭ੍ਰਿਸ਼ਟਾਚਾਰ ਵੱਲ ਧੱਕਦਾ ਹੈ।

***ਪ੍ਰੋਫੈਸਰ (ਸੇਵਾਮੁਕਤ), ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।**

## ਸਲਮਾਨ ਰਸ਼ਦੀ ਦੇ ਹਵਾਲੇ ਨਾਲ ਕੁਝ ਗੱਲਾਂ

**ਜੂਲੀਓ ਰਿਬੇਰੋ**

ਜਦੋਂ ਸਲਮਾਨ ਰਸ਼ਦੀ ਦਾ ਪਹਿਲਾ ਨਾਵਲ 'ਮਿਡਨਾਈਟ'ਸ ਚਿਲਡਰਨ' ਛਪ ਕੇ ਆਇਆ ਤਾਂ ਮੈਂ ਇਹ ਖਰੀਦ ਲਿਆ। ਮੈਨੂੰ ਇਹ ਪੜ੍ਹਨਯੋਗ ਨਾ ਲੱਗਿਆ! ਉਸ ਤੋਂ ਬਾਅਦ ਰਸ਼ਦੀ ਨੇ 21 ਨਾਵਲ ਲਿਖੇ ਪਰ ਮੈਨੂੰ ਉਸ ਦੀ ਲਿਖਣ ਸ਼ੈਲੀ ਪਸੰਦ ਨਾ ਹੋਣ ਕਰ ਕੇ ਮੈਂ ਉਸ ਦੀਆਂ ਲਿਖਤਾਂ ਵੱਲ ਕੋਈ ਧਿਆਨ ਨਾ ਦਿੱਤਾ ਤੇ ਕੋਈ ਨਾਵਲ ਨਾ ਖਰੀਦਿਆ। ਗੋਆ ਵਿੱਚ ਦੀਵਾਲੀ ਦੀਆਂ ਤਿਆਰੀਆਂ ਹੋ ਰਹੀਆਂ ਸਨ। 31 ਅਕਤੂਬਰ ਨੂੰ ਮੇਰੀ ਪਤਨੀ ਮੈਲਬਾ ਦੀ ਦੂਜੀ ਬਰਸੀ ਸੀ। ਦੁਪਹਿਰ ਦੇ ਖਾਣੇ 'ਤੇ ਮੈਂ ਆਪਣੇ ਰਿਸ਼ਤੇਦਾਰਾਂ ਨੂੰ ਬੁਲਾਇਆ। ਇਹ ਕੋਈ ਤੋਹਫ਼ੇ ਦੇਣ ਵਾਲਾ ਮੌਕਾ ਤਾਂ ਨਹੀਂ ਸੀ ਪਰ ਮੇਰੀ ਪਤਨੀ ਦੀ ਭਤੀਜੀ ਸਲਮਾਨ ਰਸ਼ਦੀ ਦੀ ਨਵੀਂ ਛਪੀ ਕਿਤਾਬ 'ਨਾਈਫ' (ਚਾਕੂ) ਲਿਆਈ ਜਿਸ ਵਿੱਚ ਦੋ ਸਾਲ ਪਹਿਲਾਂ ਨਿਊਯਾਰਕ ਵਿੱਚ ਲੇਖਕ ਉੱਪਰ ਹੋਏ ਕਾਤਲਾਨਾ ਹਮਲੇ ਦਾ ਬਿਓਰਾ ਦਿੱਤਾ ਗਿਆ ਹੈ।

ਕਿਤਾਬ ਦੇ ਵਿਸ਼ੇ ਤੋਂ ਮੇਰੀ ਜਗਿਆਸਾ ਜਾਗ ਪਈ। ਮੇਰੀ ਆਪਣੀ ਜ਼ਿੰਦਗੀ 'ਤੇ ਦੋ ਵਾਰ ਹਮਲੇ ਹੋਏ ਸਨ; ਪਹਿਲਾ ਅਕਤੂਬਰ 1986 ਵਿੱਚ ਜਲੰਧਰ ਅਤੇ ਦੂਜਾ ਅਗਸਤ 1991 ਵਿੱਚ ਰੋਮਾਨੀਆ ਦੀ ਰਾਜਧਾਨੀ ਬੁਖਾਰੈਸਟ ਵਿੱਚ। ਰਸ਼ਦੀ ਨੇ ਆਪਣਾ ਅਨੁਭਵ ਬਿਆਨ ਕਰਦਿਆਂ ਲਿਖਿਆ ਕਿ ਜਦੋਂ ਹਮਲਾਵਰ ਚਾਕੂ ਹੱਥ ਵਿੱਚ ਫੜ ਕੇ ਵਧ ਰਿਹਾ ਸੀ ਤਾਂ ਮੰਚ 'ਤੇ ਕਿਵੇਂ ਉਹ ਸੁੰਨ ਹੋ ਕੇ ਖੜ੍ਹਾ ਰਹਿ ਗਿਆ ਸੀ। ਮੇਰਾ ਖਿਆਲ ਹੈ ਕਿ ਪੀੜਤਾਂ ਦੀ ਪ੍ਰਤੀਕਿਰਿਆ ਵਿੱਚ ਉਨ੍ਹਾਂ ਦੇ ਕਿੱਤੇ ਅਤੇ ਮਾਨਸਿਕ ਬਣਤਰ ਕਰ ਕੇ ਫ਼ਰਕ ਹੋ ਸਕਦਾ ਹੈ; ਨਾਲ ਹੀ ਹਮਲਾਵਰ ਜਾਂ ਹਮਲਾਵਰਾਂ ਦੀ ਪ੍ਰੇਰਨਾ ਕਰ ਕੇ ਵੀ।

ਮੇਰੇ ਕੇਸ ਵਿੱਚ ਉਸ ਤਰ੍ਹਾਂ ਦੇ ਖੇਤਰਾਂ ਜਿੱਥੇ ਜਜ਼ਬਾਤੀ ਅਤਿਵਾਦੀ ਵਿਚਰਦੇ ਸਨ, ਉੱਥੇ ਪੇਸ਼ੇਵਰ ਔਕੜਾਂ ਦੇ ਰੂਪ ਵਿੱਚ ਸੰਭਾਵੀ ਘਾਤਕ ਹਮਲਿਆਂ ਦਾ ਡਰ ਰਹਿੰਦਾ ਸੀ। ਮੈਨੂੰ ਯਾਦ ਹੈ, ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੇ ਮੈਨੂੰ ਐੱਸਪੀਜੀ ਜਾਂ ਐੱਨਐੱਸਜੀ ਦਾ ਦਸਤਾ ਮੇਰੀ ਨਿੱਜੀ ਸੁਰੱਖਿਆ ਲਈ ਪੰਜਾਬ ਲਿਜਾਣ ਦਾ ਸੁਝਾਅ ਦਿੱਤਾ ਸੀ। ਮੈਂ ਨਿਮਰਤਾ ਸਹਿਤ ਇਹ ਪੇਸ਼ਕਸ਼ ਠੁਕਰਾ ਦਿੱਤੀ। ਮੈਨੂੰ ਪੰਜਾਬ ਪੁਲੀਸ ਦਾ ਹੌਸਲਾ ਉੱਚਾ ਚੁੱਕਣ ਲਈ ਭੇਜਿਆ ਜਾ ਰਿਹਾ ਸੀ। ਮੇਰੇ ਲਈ ਜ਼ਰੂਰੀ ਸੀ ਕਿ ਮੈਂ ਪੰਜਾਬ ਪੁਲੀਸ ਦੀ ਵਫ਼ਾਦਾਰੀ ਹਾਸਿਲ ਕਰ ਸਕਾਂ ਤਾਂ ਕਿ ਖਾਲਿਸਤਾਨੀ ਅਤਿਵਾਦੀਆਂ ਖ਼ਿਲਾਫ਼ ਲੜਾਈ ਵਿੱਚ ਉਸ ਦੀ ਅਗਵਾਈ ਕਰ ਸਕਾਂ। ਜੇ ਮੈਂ 'ਬਲੈਕ ਕੈਟਸ' ਲੈ ਕੇ ਚੰਡੀਗੜ੍ਹ ਪਹੁੰਚਦਾ ਤਾਂ ਜਿਨ੍ਹਾਂ ਨੂੰ ਮੈਂ ਕਮਾਂਡ ਦੇਣ ਲਈ ਭੇਜਿਆ ਗਿਆ ਸੀ, ਉਨ੍ਹਾਂ ਨੂੰ ਸੰਦੇਸ਼ ਜਾਣਾ ਸੀ ਕਿ ਮੈਂ ਉਨ੍ਹਾਂ 'ਤੇ ਭਰੋਸਾ ਨਹੀਂ ਕਰਦਾ! ਇਸ ਨਾਲ ਮੇਰਾ ਮਿਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਠੁੱਸ ਹੋ ਜਾਣਾ ਸੀ।

ਪੰਜਾਬ ਵਿੱਚ ਚਾਰਜ ਸੰਭਾਲਣ ਤੋਂ ਬਾਅਦ ਅਗਲੀ ਸਵੇਰ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਦਾ ਫੋਨ ਆਇਆ ਜਿਸ ਵਿੱਚ ਉਨ੍ਹਾਂ ਮੈਨੂੰ ਆਪਣੇ ਕੰਮ ਵਿੱਚ ਛੁਪੇ ਖ਼ਤਰਿਆਂ ਬਾਰੇ ਆਗਾਹ ਕੀਤਾ। ਮੈਂ ਉਨ੍ਹਾਂ ਨੂੰ ਜਵਾਬ ਦਿੱਤਾ ਕਿ ਕੋਈ ਸਿਪਾਹੀ ਕਿਸੇ ਕੰਮ ਨੂੰ ਹੱਥ ਲੈਣ ਤੋਂ ਸਿਰਫ਼ ਇਸ ਕਰ ਕੇ ਇਨਕਾਰ ਨਹੀਂ ਕਰ ਸਕਦਾ ਕਿ ਉਸ ਵਿੱਚ ਖ਼ਤਰਾ ਹੋ ਸਕਦਾ ਹੈ। ਸਲਮਾਨ ਰਸ਼ਦੀ ਦੇ ਨਾਵਲ 'ਸੈਟੇਨਿਕ ਵਰਸਿਜ਼' (ਸ਼ੈਤਾਨੀ ਆਇਤਾਂ) ਪ੍ਰਕਾਸ਼ਿਤ ਹੋਣ ਤੋਂ ਬਾਅਦ ਉਸ ਨੂੰ ਮਾਰਨ ਬਾਰੇ ਆਇਤੁੱਲ੍ਹਾ ਖਮੀਨੀ ਦੇ ਫ਼ਤਵੇ ਨੂੰ ਪੂਰਾ ਕਰਨ ਆਇਆ ਲਿਬਨਾਨੀ-ਅਮਰੀਕੀ ਨੌਜਵਾਨ ਇਸ ਗੱਲ ਤੋਂ ਪ੍ਰਭਾਵਿਤ ਹੋਇਆ ਸੀ ਕਿ ਉਸ ਦਾ ਪਿਤਾ ਉਸ ਅਤੇ ਉਸ ਦੀ ਭੈਣ ਤੇ ਮਾਂ ਨੂੰ ਅਮਰੀਕਾ ਵਿੱਚ ਛੱਡ ਕੇ ਲਿਬਨਾਨ ਪਰਤ ਗਿਆ ਸੀ। ਉਹ ਨੌਜਵਾਨ ਲਿਬਨਾਨ ਵਿੱਚ ਆਪਣੇ ਪਿਤਾ ਦੇ ਜੱਦੀ ਪਿੰਡ ਗਿਆ ਸੀ ਜਿੱਥੇ ਉਸ ਦੇ ਪਿਤਾ ਦੇ ਦੋਸਤਾਂ ਨੇ ਦੱਸਿਆ ਸੀ ਕਿ ਰਸ਼ਦੀ ਉਨ੍ਹਾਂ ਦੇ ਵੱਡੇ ਵਡੇਰਿਆਂ ਦੇ ਧਰਮ ਦਾ ਗੱਦਾਰ ਹੈ। ਆਪਣੇ ਪਿਤਾ ਅਤੇ ਉਸ ਦੇ ਦੋਸਤਾਂ ਨਾਲ ਇਸ ਮਿਲਣੀ ਕਰ ਕੇ ਹੀ ਉਸ ਨੌਜਵਾਨ ਨੇ ਖਮੀਨੀ ਦੇ ਫ਼ਤਵੇ 'ਤੇ ਫੁੱਲ ਚੜ੍ਹਾਉਣ ਦਾ ਤਹੱਈਆ ਕਰ ਲਿਆ ਸੀ।

ਉਸ ਘਾਤਕ ਹਮਲੇ ਵਿੱਚ ਰਸ਼ਦੀ ਦੀ ਇੱਕ ਅੱਖ ਚਲੀ ਗਈ ਸੀ। ਉਹ ਨੌਜਵਾਨ ਕੋਈ ਪੇਸ਼ੇਵਰ ਹਮਲਾਵਰ ਨਹੀਂ ਸੀ ਪਰ ਉਸ ਨੇ ਜਨੂਨ 'ਚ ਆ ਕੇ ਰਸ਼ਦੀ 'ਤੇ ਚਾਕੂ ਨਾਲ ਦਰਜਨ ਤੋਂ ਵੱਧ ਹਮਲੇ ਕੀਤੇ ਸਨ। ਸਲਮਾਨ ਇਸ ਗੱਲੋਂ ਖ਼ੁਸ਼ਕਿਸਮਤ ਰਿਹਾ ਕਿ ਉਸ ਨੂੰ ਜ਼ਿੰਦਗੀ ਦਾ 'ਦੂਜਾ ਮੌਕਾ' ਮਿਲ ਸਕਿਆ। ਉਸ ਦੇ ਇਲਾਜ ਵਿੱਚ ਇਸ ਤੱਥ ਦਾ ਕਾਫ਼ੀ ਯੋਗਦਾਨ ਰਿਹਾ ਕਿ ਹਮਲੇ ਤੋਂ ਕੁਝ ਦੇਰ ਪਹਿਲਾਂ ਉਸ ਦਾ ਇੱਕ ਅਫਰੀਕੀ-ਅਮਰੀਕੀ ਔਰਤ ਅਲਾਇਜ਼ਾ ਨਾਲ ਰੁਮਾਂਸ ਚੱਲ ਰਿਹਾ ਸੀ ਜਿਸ ਨਾਲ ਉਸ ਨੇ ਵਿਆਹ ਕਰਵਾਇਆ। ਸਲਮਾਨ ਰਸ਼ਦੀ ਨੇ ਆਪਣੀ ਕਿਤਾਬ ਵਿੱਚ ਬਹੁਤ ਵਾਰ 'ਲਵ' (ਪਿਆਰ) ਸ਼ਬਦ ਦੀ ਵਰਤੋਂ ਕੀਤੀ ਹੈ।



ਮੇਰੀ ਆਪਣੀ ਜ਼ਿੰਦਗੀ 'ਤੇ ਹੋਏ ਦੋਵੇਂ ਹਮਲਿਆਂ ਵੇਲੇ ਮੇਰੀ ਪਤਨੀ ਮੌਜੂਦ ਸੀ ਜੋ 62 ਸਾਲਾਂ ਦੇ ਸਾਥ ਤੋਂ ਬਾਅਦ ਮੈਥੋਂ ਵਿਛੜ ਗਈ ਹੈ। ਮੇਰੇ 'ਤੇ ਪਹਿਲਾ ਹਮਲਾ ਜਲੰਧਰ 'ਚ ਪੰਜਾਬ ਪੁਲੀਸ ਦੇ ਹਥਿਆਰਬੰਦ ਰਿਜ਼ਰਵ ਹੈੱਡਕੁਆਰਟਰਜ਼ ਵਿੱਚ ਹੋਇਆ। ਮੈਨੂੰ ਪਤਾ ਸੀ ਕਿ ਖਾਲਿਸਤਾਨੀਆਂ ਨੇ ਮੈਨੂੰ ਨਿਸ਼ਾਨਾ ਬਣਾਉਣ ਲਈ ਅੱਧੀ ਦਰਜਨ ਤੋਂ ਵੱਧ ਸਿਖਲਾਈਯਾਫ਼ਤਾ ਹਮਲਾਵਰ ਤਿਆਰ ਕੀਤੇ ਹੋਏ ਹਨ ਪਰ ਮੈਨੂੰ ਚਿੱਤ ਚੇਤਾ ਵੀ ਨਹੀਂ ਸੀ ਕਿ ਉਹ ਮੇਰੇ ਤੱਕ ਪਹੁੰਚਣ ਲਈ ਦੋ ਜ਼ਬਰਦਸਤ ਬੈਰੀਅਰਾਂ ਪਾਰ ਕਰ ਕੇ ਆ ਜਾਣਗੇ।

ਪਹਿਲਾ ਬੈਰੀਅਰ ਹੈੱਡਕੁਆਰਟਰ ਦੇ ਦੁਆਰ 'ਤੇ ਕੁਆਰਟਰ ਗਾਰਡ ਦਾ ਸੀ। ਅਤਿਵਾਦੀ ਹਮਲਿਆਂ ਵਿੱਚ ਤੇਜ਼ੀ ਆਉਣ ਤੋਂ ਬਾਅਦ ਉਹ ਗੇਟ ਹਮੇਸ਼ਾ ਬੰਦ ਰੱਖੇ ਜਾਂਦੇ ਸਨ। ਉੱਥੇ ਤਾਇਨਾਤ ਸੰਤਰੀ ਆਉਣ ਵਾਲੇ ਦੀ ਸ਼ਨਾਖ਼ਤ ਕਰ ਕੇ ਹੀ ਗੇਟ ਖੋਲ੍ਹਦਾ ਸੀ। ਉਸ ਦਿਨ ਜਿਹੜੀ ਯੂਨਿਟ ਐਂਟਰੀ ਪਾਉਣਾ ਚਾਹੁੰਦੀ ਸੀ, ਉਹ ਪੁਲੀਸ ਦੀ ਵਰਦੀ ਵਿੱਚ ਆਈ ਸੀ ਅਤੇ ਪੁਲੀਸ ਦੀ ਜੀਪ ਚਲਾਉਣ ਵਾਲੇ ਵਰਦੀਧਾਰੀ ਡਰਾਈਵਰ ਨਾਲ 'ਇੰਸਪੈਕਟਰ' ਬੈਠਾ ਹੋਇਆ ਸੀ।

ਅਸਲ 'ਚ ਉਹ ਪੁਲੀਸ ਦੀਆਂ ਵਰਦੀਆਂ 'ਚ ਆਏ ਅਤਿਵਾਦੀ ਸਨ। ਡਰਾਈਵਰ ਤੇ 'ਇੰਸਪੈਕਟਰ' ਤੋਂ ਇਲਾਵਾ ਜੀਪ 'ਚ ਪਿਛਲੇ ਪਾਸੇ ਪੁਲੀਸ ਦੀਆਂ ਵਰਦੀਆਂ 'ਚ ਚਾਰ ਹੋਰ ਬੰਦੇ ਵੀ ਬੈਠੇ ਸਨ। ਅੰਦਰ ਵੜਨ 'ਚ ਕਾਮਯਾਬ ਹੋਣ ਤੋਂ ਬਾਅਦ ਜੀਪ ਕੁਝ ਦੂਰੀ 'ਤੇ ਸਥਿਤ ਆਫੀਸਰਜ਼ ਮੈੱਸ ਵੱਲ ਵਧੀ। ਇਸ ਦੇ ਦੁਆਲੇ ਕੰਧਾਂ ਸਨ ਜਿੱਥੇ ਹਥਿਆਰਬੰਦ ਗਾਰਡ ਗਸ਼ਤ ਕਰ ਰਹੇ ਸਨ।

ਦਹਿਸ਼ਤਗਰਦਾਂ ਨੇ ਕੰਧਾਂ ਦੀ ਰਾਖੀ ਕਰ ਰਹੇ ਪੰਜਾਬ ਪੁਲੀਸ ਮੁਲਾਜ਼ਮਾਂ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ ਅਤੇ ਉੱਪਰ ਚੜ੍ਹ ਗਏ ਅਤੇ ਅੰਦਰ ਅਹਾਤੇ 'ਚ ਮੇਰੇ ਤੇ ਮੇਰੀ ਪਤਨੀ ਉੱਤੇ ਗੋਲੀਆਂ ਦਾ ਮੀਂਹ ਵਰ੍ਹਾ ਦਿੱਤਾ। ਗੋਲੀ ਦੀ ਪਹਿਲੀ ਆਵਾਜ਼ ਸੁਣਦਿਆਂ ਹੀ ਮੈਂ ਖ਼ੁਦ ਨੂੰ ਜ਼ਮੀਨ 'ਤੇ ਲੰਮਾ ਪਾ ਲਿਆ ਅਤੇ ਚੀਕ ਕੇ ਪਤਨੀ ਨੂੰ ਵੀ ਅਜਿਹਾ ਹੀ ਕਰਨ ਲਈ ਕਿਹਾ ਪਰ ਮੈਨੂੰ ਜ਼ਮੀਨ 'ਤੇ ਪਿਆ ਦੇਖ ਉਹ ਫ਼ਿਕਰ 'ਚ ਮੇਰੇ ਵੱਲ ਦੌੜੀ ਤੇ ਉਸ ਦੀ ਇੱਕ ਲੱਤ ਵਿੱਚ ਗੋਲੀ ਵੱਜ ਗਈ।

ਕੰਪਾਊਂਡ ਅੰਦਰ ਮਕਾਨਾਂ 'ਚ ਰਹਿ ਰਹੇ ਅਧਿਕਾਰੀ ਮੌਕੇ 'ਤੇ ਦੌੜੇ ਆਏ। ਮੇਰੇ ਇੱਕ ਸੀਨੀਅਰ ਅਧਿਕਾਰੀ ਦੇ ਡਾਕਟਰ ਪੁੱਤ ਨੇ ਮੇਰੀ ਪਤਨੀ ਦੇ ਜ਼ਖ਼ਮ ਦਾ ਇਲਾਜ ਕੀਤਾ। ਮੈਂ ਤੇ ਕੁਝ ਹੋਰ ਅਧਿਕਾਰੀਆਂ ਨੇ ਪੈਦਲ ਹੀ ਕੰਪਲੈਕਸ ਦੇ ਬਾਹਰੀ ਹਿੱਸੇ ਤੱਕ ਦਹਿਸ਼ਤਗਰਦਾਂ ਦੀ ਜੀਪ ਦੀ ਪੈੜ ਨੱਪੀ। ਜਿਹੜਾ ਪਹਿਲਾ ਖਿਆਲ ਮੇਰੇ ਤੇ ਮੇਰੇ ਅਧਿਕਾਰੀਆਂ ਦੇ ਜ਼ਿਹਨ 'ਚ ਆਇਆ, ਉਹ ਸੀ ਹਮਲਾਵਰਾਂ ਦਾ ਪਿੱਛਾ ਕਰਨਾ।

ਬਾਅਦ 'ਚ ਸਾਨੂੰ ਮੈੱਸ ਦੀਆਂ ਕੰਧਾਂ ਦੇ ਬਾਹਰ ਐੱਸਐੱਲਆਰ ਤੇ ਏਕੇ 56 ਰਾਈਫਲਾਂ ਦੇ 49 ਚੱਲੇ ਹੋਏ ਕਾਰਤੂਸ ਮਿਲੇ। ਮੈੱਸ ਦੇ ਸਾਰੇ ਸ਼ੀਸ਼ੇ ਟੁੱਟੇ ਹੋਏ ਸਨ। ਹੈੱਡਕੁਆਰਟਰ ਦੇ ਅਹਾਤੇ 'ਚ ਗਾਰਡ ਡਿਊਟੀ 'ਤੇ ਤਾਇਨਾਤ ਪੰਜਾਬ ਪੁਲੀਸ ਦੇ ਦੋ ਅਤੇ ਸੀਆਰਪੀਐੱਫ ਦੇ ਇੱਕ ਜਵਾਨ ਦੀ ਜਾਨ ਚਲੀ ਗਈ।

ਦੂਜੀ ਕੋਸ਼ਿਸ਼ ਯੂਰਪ ਦੇ ਪੂਰਬ 'ਚ ਪੈਂਦੇ ਮੁਲਕ ਦੀ ਰਾਜਧਾਨੀ ਬੁਖ਼ਾਰੈਸਟ 'ਚ ਹੋਈ; ਉਹ ਮੁਲਕ ਜਿਸ ਨੇ ਇੱਕ ਸਾਲ ਪਹਿਲਾਂ ਹੀ ਨਿਕੋਲਾਈ ਚਾਓਸੈਸਕੂ ਦੇ ਕਮਿਊਨਿਸਟ ਸ਼ਾਸਨ ਵਿਰੁੱਧ ਜ਼ਬਰਦਸਤ ਬਗ਼ਾਵਤ ਕੀਤੀ ਸੀ। ਕੁਝ ਦਿਨ ਪਹਿਲਾਂ ਹੀ ਮੈਨੂੰ ਸਾਡੀ ਖ਼ੁਫ਼ੀਆ ਏਜੰਸੀ 'ਰਾਅ' ਅਤੇ ਰੋਮਾਨੀਅਨ ਵਿਦੇਸ਼ ਮੰਤਰਾਲੇ ਨੇ ਭਾਰਤੀਆਂ ਦੇ ਇਕ ਸਮੂਹ ਦੀ ਮੌਜੂਦਗੀ ਬਾਰੇ ਚੌਕਸ ਕੀਤਾ ਸੀ ਜੋ ਮੈਨੂੰ ਮਾਰਨ ਦੀ ਯੋਜਨਾ ਬਣਾ ਰਹੇ ਸਨ।

ਮੈਂ ਉੱਚ ਪੱਧਰੀ ਸਿਖਲਾਈ ਪ੍ਰਾਪਤ ਰੋਮਾਨੀਅਨ ਸੁਰੱਖਿਆ ਦਸਤੇ ਦਾ ਸੁਰੱਖਿਆ ਕਵਰ ਪ੍ਰਵਾਨ ਕਰ ਲਿਆ। ਇਸ ਲਈ ਜਦ ਦੋ ਕਾਰਾਂ 'ਚ ਆਏ ਖਾਲਿਸਤਾਨੀ ਕਮਾਂਡੋ ਫੋਰਸ ਦੇ ਪੰਜ ਬੰਦਿਆਂ ਨੇ ਹੱਲਾ ਬੋਲਿਆ ਤਾਂ ਮੈਂ 62 ਸਾਲਾਂ ਦੀ ਉਮਰ ਹੋਣ ਦੇ ਬਾਵਜੂਦ ਤੇਜ਼ੀ ਨਾਲ ਭੱਜਿਆ। ਮੇਰੀ ਪਤਨੀ ਮੇਰੇ ਪਿੱਛੇ ਭੱਜੀ ਪਰ ਜਲਦੀ ਹੀ ਏਕੇ 56 ਰਾਈਫਲਾਂ ਨਾਲ ਲੈਸ ਦਹਿਸ਼ਤਗਰਦ ਸਾਡੇ ਤੱਕ ਪਹੁੰਚ ਗਏ। ਉਹ ਮੇਰੇ ਵੱਲ ਗੋਲੀਆਂ ਚਲਾਉਂਦੇ ਰਹੇ ਪਰ ਸਿਰਫ਼ ਇੱਕ ਗੋਲੀ ਹੀ ਮੇਰੇ ਪਿਛਲੇ ਪਾਸੇ ਲੱਗੀ। ਬਲੈਡਰ, ਗੁਦਾ ਤੇ ਹੋਰ ਸਾਰੀਆਂ ਅਹਿਮ ਨਾੜੀਆਂ ਤਾਂ ਗੋਲੀ ਤੋਂ ਬਚ ਗਈਆਂ ਪਰ ਇਹ ਮੇਰੇ ਮੂਤਰ ਨਾਲੀ ਤੋਂ ਆਰ-ਪਾਰ ਹੋ ਗਈ। ਇਸ ਨੂੰ ਠੀਕ ਕਰਨ ਲਈ 'ਯੂਰੋਲੋਜਿਸਟ' ਦੀ ਮੁਹਾਰਤ ਦਾ ਸਹਾਰਾ ਲੈਣਾ ਪਿਆ।

ਮਹੀਨੇ ਬਾਅਦ ਹਸਪਤਾਲ ਤੋਂ ਛੁੱਟੀ ਮਿਲਣ ਅਤੇ ਪਿਸ਼ਾਬ ਦੀ ਨਾਲੀ ਨਿਕਲਣ ਤੋਂ ਬਾਅਦ ਮੈਂ ਰੋਮਾਨੀਆ ਦੇ ਵਿਦੇਸ਼ ਵਿਭਾਗ ਨੂੰ ਬੇਨਤੀ ਕੀਤੀ ਕਿ ਮੈਨੂੰ ਹਮਲਾਵਰਾਂ ਨਾਲ ਗੱਲ ਕਰਨ ਦੀ ਇਜਾਜ਼ਤ ਦਿੱਤੀ ਜਾਵੇ। ਇਨ੍ਹਾਂ 'ਚੋਂ ਦੋ ਨੂੰ ਫੜ ਲਿਆ ਗਿਆ ਸੀ। (ਇੱਕ ਹੋਰ ਹਮਲਾਵਰ, ਟੀਮ ਲੀਡਰ ਨੂੰ ਰੋਮਾਨੀਆ ਦੀ ਸੁਰੱਖਿਆ ਫੋਰਸ ਨੇ ਹਲਾਕ ਕਰ ਦਿੱਤਾ ਸੀ ਤੇ ਬਾਕੀ ਬਚੇ ਦੋ ਗੱਡੀ 'ਚ ਫਰਾਰ ਹੋ ਗਏ ਸਨ)। ਵਿਦੇਸ਼ ਵਿਭਾਗ ਨੇ ਮੇਰੀ ਅਪੀਲ ਹਮਲਾਵਰਾਂ ਤੱਕ ਪਹੁੰਚ ਦਿੱਤੀ ਪਰ ਉਨ੍ਹਾਂ ਮੈਨੂੰ ਮਿਲਣ ਤੋਂ ਨਾਂਹ ਕਰ ਦਿੱਤੀ। ਮੇਰੀ ਉਨ੍ਹਾਂ ਨਾਲ ਕੋਈ ਨਿੱਜੀ ਰੰਜਿਸ਼ ਨਹੀਂ ਸੀ। ਉਹ ਅਣਐਲਾਨੀ ਜੰਗ ਦੇ ਲੜਾਕੇ ਸਨ।

ਸਲਮਾਨ ਰਸ਼ਦੀ ਨੇ ਆਪਣੀ ਇਸ ਕਿਤਾਬ 'ਚ ਖਿਆਲੀ ਸੰਵਾਦ ਸ਼ਾਮਿਲ ਕੀਤਾ ਹੈ ਜਿਸ 'ਚ ਉਹ ਹਮਲਾਵਰ ਨੂੰ ਮੁਖ਼ਾਤਿਬ ਹੋ ਰਿਹਾ ਹੈ। ਇਸ ਵਿੱਚ ਧਰਮ ਬਾਰੇ ਉਸ ਦੇ ਰਵੱਈਏ ਦਾ ਖੁਲਾਸਾ ਹੁੰਦਾ ਹੈ; ਕਿਉਂ ਉਸ ਨੇ ਸਿਰਜਣਾ ਦੇ ਸਿਧਾਂਤ ਨੂੰ ਨਕਾਰਿਆ ਜਿਸ ਨੂੰ ਦੁਨੀਆ ਦੇ ਬਹੁਤੇ ਧਰਮ ਮਾਨਤਾ ਦਿੰਦੇ ਹਨ। ਆਪੋ-ਆਪਣੀ ਨਿਹਚੇ ਮੁਤਾਬਿਕ ਤੁਸੀਂ ਸ਼ਾਇਦ ਉਸ ਨਾਲ ਸਹਿਮਤ ਹੋਵੋ ਜਾਂ ਨਾ ਵੀ ਹੋਵੋ।

## ਜੌਂ: ਤੱਤ ਭਰਪੂਰ ਹਾੜ੍ਹੀ ਰੁੱਤ ਦੀ ਅਣਗੌਲੀ ਫ਼ਸਲ

**ਡਾ. ਰਣਯੋਧ ਸਿੰਘ ਬੈਂਸ**

ਕਰੀਬ 10 ਹਜ਼ਾਰ ਸਾਲ ਤੋਂ ਵੀ ਜ਼ਿਆਦਾ ਪਹਿਲਾਂ ਮਿਸਰ ਤੋਂ ਆ ਕੇ ਆਪਣੀ ਛਾਪ ਛੱਡਣ ਵਾਲੀ ਫ਼ਸਲ ਹਰੇ ਇਨਕਲਾਬ ਤੋਂ ਬਾਅਦ ਆਪਣੀ ਜਗ ?ਹਾ ਬਣਾਉਣ ਵਿੱਚ ਲਗਪਗ ਅਸਮਰੱਥ ਜਾਪਦੀ ਹੈ; ਭਾਵੇਂ ਕਿ ਫ਼ਸਲ ਦੇ ਗੁਣਾਂ ਭਰਪੂਰ ਹੋਣ ਦੇ ਜ਼ਿਕਰ ਰਿਗਵੇਦ ਵਿੱਚ ਵੀ ਮਿਲਦੇ ਹਨ। ਅਜੋਕੀ ਇਲਾਜ ਪ੍ਰਣਾਲੀ ਦੇ ਮੋਢੀ ਹਿਪੋਕਰੇਟਸ ਵੱਲੋਂ ਵੀ ਇਸ ਦੀ ਵਰਤੋਂ ਗਰਭਵਤੀ ਔਰਤਾਂ ਨੂੰ ਵਿਸ਼ੇਸ਼ ਤੌਰ 'ਤੇ ਖਾਣ ਦੀ ਸਿਫ਼ਾਰਸ਼ ਦੇ ਜ਼ਿਕਰ ਮਿਲਦੇ ਹਨ। ਜੋ ਜ਼ੱਚਾ-ਬੱਚਾ ਦੋਵਾਂ ਦੀ ਸਿਹਤ ਵਾਸਤੇ ਲਾਹੇਵੰਦ ਮੰਨੀ ਜਾਂਦੀ ਰਹੀ ਹੈ। ਇਸ ਦੀ ਵਰਤੋਂ ਬੱਚੇ ਤੋਂ ਲੈ ਕੇ ਹਰ ਉਮਰ ਦੇ ਵਿਅਕਤੀ ਵਲੋਂ ਕੀਤੇ ਜਾਣ ਬਾਰੇ ਵੀ ਪ੍ਰਮਾਣ ਹਨ, ਪਰ ਹਰੇ ਇਨਕਲਾਬ ਦੀ ਮਾਰ ਹੇਠ ਇਸ ਫ਼ਸਲ ਨੂੰ ਮੁੜ ਆਪਣਾ ਪਹਿਲਾਂ ਵਾਲਾ ਦਰਜਾ ਹਾਸਲ ਕਰਨ ਦਾ ਮੌਕਾ ਨਹੀਂ ਮਿਲ ਸਕਿਆ। ਸਾਲ 1960-61 ਦੌਰਾਨ ਇਸ ਫ਼ਸਲ ਹੇਠ ਕੁਲ ਭਾਰਤ ਦਾ ਕੁਲ 3.20 ਮਿਲੀਅਨ ਹੈਕਟੇਅਰ ਰਕਬਾ ਸੀ ਇਸੇ ਸਾਲ ਪੰਜਾਬ ਵਿਚ ਲਗਪਗ 66,000 ਹੈਕਟੇਅਰ ਰਕਬਾ ਇਸ ਫ਼ਸਲ ਹੇਠ ਬੀਜਿਆ ਗਿਆ ਸੀ।

ਹੁਣ ਪਾਠਕਾਂ ਦੇ ਮਨ ਵਿੱਚ ਸਵਾਲ ਪੈਦਾ ਹੋ ਰਿਹਾ ਹੋਵੇਗਾ ਕਿ ਅਜਿਹੀ ਕਿਹੜੀ ਫ਼ਸਲ ਦਾ ਜ਼ਿਕਰ ਹੋ ਰਿਹਾ ਹੈ; ਇਹ ਉਹ ਬਿਹਤਰੀਨ ਫ਼ਸਲ ਜੌਂ ਦੀ ਹੈ। ਇਹ ਬਹੁਤ ਹੀ ਜ਼ਿਆਦਾ ਗੁਣ ਭਰਪੂਰ ਹੈ। ਭਾਵੇਂ ਇਸ ਦਾ ਮਾਲਟ ਵਿਸਕੀ ਜਾਂ ਪਸ਼ੂਆਂ ਦਾ ਚਾਰਾ ਆਦਿ ਬਣਾਉਣ ਵਿੱਚ ਵੀ ਮੱਤਵਪੂਰਨ ਸਥਾਨ ਹੈ, ਇਸ ਲੇਖ ਵਿੱਚ ਅਸੀਂ ਛਿਲਕਾ ਰਹਿਤ ਜੌਂ ਦੇ ਮਨੁੱਖੀ ਸਿਹਤ ਉੱਤੇ ਪ੍ਰਭਾਵਾਂ ਬਾਰੇ ਗੱਲ ਕਰਾਂਗੇ।

ਇਹ ਫ਼ਸਲ ਕਣਕ ਦੇ ਮੁਕਾਬਲੇ ਬਹੁਤ ਹੀ ਘੱਟ ਪਾਣੀ ਨਾਲ ਪੱਕਣ ਵਾਲੀ ਫ਼ਸਲ ਹੈ। ਇਸ ਨੂੰ ਪੈਦਾ ਕਰਨ ਲਈ ਲਗਪਗ ਕਣਕ ਦੀ ਜ਼ਰੂਰਤ ਜਿੰਨੀ ਹੀ ਠੰਢ ਦੀ ਲੋੜ ਹੁੰਦੀ ਹੈ ਬਲਕਿ ਇਹ ਫ਼ਸਲ ਪੱਕਣ ਸਮੇਂ ਜੇ ਤਾਪਮਾਨ ਵਿੱਚ ਥੋੜ੍ਹਾ ਵਾਧਾ ਹੁੰਦਾ ਹੈ ਤਾਂ ਉਸ ਨੂੰ ਸਹਿਣ ਦੀ ਸਮਰੱਥਾ ਕਣਕ ਦੀ ਫ਼ਸਲ ਨਾਲੋਂ ਜ਼ਿਆਦਾ ਰੱਖਦੀ ਹੈ। ਜੌਂ ਦੀ ਫ਼ਸਲ ਲਈ 35 ਕਿਲੋ ਪ੍ਰਤੀ ਏਕੜ ਦੇ ਹਿਸਾਬ ਨਾਲ ਬੀਜ ਦੀ ਜ਼ਰੂਰਤ ਹੁੰਦੀ ਹੈ; ਜਦਕਿ ਕਣਕ ਲਈ 40 ਕਿਲੋ ਬੀਜ ਦੀ ਜ਼ਰੂਰਤ ਹੁੰਦੀ ਹੈ। ਇਸੇ ਤਰ੍ਹਾਂ ਯੂਰੀਆ 55 ਕਿਲੋ ਅਤੇ ਡੀਏਪੀ 25 ਕਿਲੋ ਦੀ ਹੀ ਜ਼ਰੂਰਤ ਹੁੰਦੀ ਹੈ। ਜਦਕਿ ਕਣਕ ਲਈ ਕ੍ਰਮਵਾਰ 110 ਕਿਲੋ ਯੂਰੀਆ ਅਤੇ 55 ਕਿਲੋ ਡੀਏਪੀ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ ਭਾਵ ਕਣਕ ਦੀ ਫ਼ਸਲ ਨਾਲੋਂ ਲਗਪਗ ਅੱਧੀ ਮਾਤਰਾ ਵਿੱਚ ਹੀ ਖਾਦਾਂ ਦੀ ਜ਼ਰੂਰਤ ਹੋਣ ਕਾਰਨ ਲਾਗਤਾਂ ਦਾ ਮੁੱਲ ਵੀ ਘੱਟ ਹੋਣ ਕਾਰਨ ਇਸ ਨੂੰ ਪੈਦਾ ਕਰਨ ਦਾ ਖ਼ਰਚਾ ਵੀ ਕਣਕ ਦੇ ਮੁਕਾਬਲੇ ਘੱਟ ਆਉਂਦਾ ਹੈ।

ਕਣਕ ਦੀ ਫ਼ਸਲ ਦਾ ਜੇ ਕਰੋਮੋਸੋਮਾ ਦਾ ਹਿਸਾਬ ਦੇਖਿਆ ਜਾਵੇ ਤਾਂ ਇਹ ਹੈਕਸਾਪਲਾਓਡ (ਮਤਲਬ ਦੋ-ਦੋ ਦੇ ਤਿੰਨ ਜੋੜੇ) (11 22 44); ਜਦੋਂਕਿ ਜੌਂ ਦੀ ਫ਼ਸਲ ਡਿਪਲਾਟਿਡ ਫ਼ਸਲ (11 22) (ਭਾਵ ਦੋ-ਦੋ ਦੇ ਦੋ ਜੋੜੇ) ਹਨ। ਇਸ ਕਾਰਨ ਜਿੱਥੇ ਕਣਕ ਦੀ ਫ਼ਸਲ ਵਿੱਚ ਸੁਧਾਰ ਜਾਂ ਨਵੀਆਂ ਕਿਸਮਾਂ ਵਿਕਸਿਤ ਕਰਨ ਵਿੱਚ ਵਧੇਰੇ ਮੁਸ਼ਕਿਲ ਆਉਂਦੀ ਹੈ ਉੱਥੇ ਹੀ ਜੌਂ ਦੀ ਫ਼ਸਲ ਡਿਪਲਾਟਿਡ ਹੋਣ ਕਾਰਨ ਇਸ ਦੀਆਂ ਹੋਰ ਸੁਧਰੀਆਂ ਕਿਸਮਾਂ ਵਿਕਸਿਤ ਕਰਨ ਵਿੱਚ ਉਨੀ ਹੀ ਆਸਾਨੀ ਰਹਿੰਦੀ ਹੈ।

ਜੌਂ ਵਿੱਚ ਕਿਰਿਆਸ਼ੀਲ ਤੱਤਾਂ ਦੀ ਕਾਫ਼ੀ ਚੰਗੀ ਮਾਤਰਾ ਵਿੱਚ ਉਪਲਭਧਤਾ ਹੈ; ਜਿਵੇਂ ਕਿ ਬੀਟਾ ਗਲੂਕਨ (5-10%) ਜਦੋਂਕਿ ਕਣਕ ਵਿੱਚ ਸਿਰਫ਼ 1.6% ਅਤੇ ਚਾਵਲ ਵਿੱਚ 0.82% ਹੀ ਪਾਇਆ ਜਾਂਦਾ ਹੈ। ਫਾਈਟੋਕੈਮੀਕਲਜ਼, ਪ੍ਰਤੀਬੰਧਕ ਸਟਾਰਚ, ਲਿਗਨਿਨ, ਫੈਰੂਲਿਨ ਐਸਿਡ, ਫਾਈਟੋਸਟੀਰੋਲਜ਼ ਅਤੇ ਐਂਟੀ-ਆਕਸੀਡੈਂਟ ਆਦਿ। ਇਨ੍ਹਾਂ ਤੋਂ ਇਲਾਵਾ ਜੌਂ ਬਹੁਤ ਹੀ ਵਧੀਆ ਮਾਤਰਾ ਵਿੱਚ ਨਾ ਘੁਲਣਸ਼ੀਲ ਵਾਲੇ ਫਾਈਬਰ, ਵਿਟਾਮਿਨ, ਪ੍ਰੋਟੀਨ ਸਣੇ ਹੋਰ ਮਹੱਤਵਪੂਰਨ ਤੱਤ ਮੌਜੂਦ ਹਨ। ਇਨ੍ਹਾਂ ਦੀ ਵੱਧ ਤੋਂ ਵੱਧ ਮਾਤਰਾ ਲੋਹਾ, ਜ਼ਿੰਕ, ਕੈਲਸ਼ੀਅਮ, ਮੈਗਨੀਸ਼ੀਅਮ ਅਤੇ ਮੈਗਨੀਜ਼ ਤੱਤਾਂ ਦੀ ਉਪਲਬਧਤਾ ਨੂੰ ਘੱਟ ਕਰਦੀ ਹੈ ਇਸ ਲਈ ਕਣਕ ਦੇ ਮੁਕਾਬਲੇ ਜੌਂ ਵਿੱਚ ਇਹ ਫਾਈਟੇਟਸ ਬਹੁਤ ਘੱਟ ਹੋਣ ਕਰ ਕੇ ਇਸ ਦੀ ਗੁਣਵੱਤਾ ਨੂੰ ਹੋਰ ਵੀ ਵਧੀਆ ਬਣਾਉਂਦੇ ਹਨ। ਜੌਂ ਵਿਗਿਆਨੀ, ਇੰਡੀਅਨ ਇੰਸਟੀਚਿਊਟਸ ਆਫ ਵੀਟ ਐਂਡ ਬਾਰਲੇ, ਕਰਨਾਲ ਡਾ. ਓਮਵੀਰ ਸਿੰਘ ਅਨੁਸਾਰ ਜੇ ਅਸੀਂ ਕਣਕ ਦੀ ਖ਼ਪਤ ਨੂੰ ਘੱਟ ਕਰ ਕੇ ਉਸ ਦੀ ਜਗ ?ਹਾ ਜੌਂ ਨੂੰ ਦਿੰਦੇ ਹਾਂ ਤਾਂ ਇਸ ਨਾਲ ਕਰੀਬ ਅੱਧੇ ਹਸਪਤਾਲ ਬੰਦ ਹੋਣ ਕਿਨਾਰੇ ਆ ਜਾਣਗੇ। ਇਹ ਜ਼ਰੂਰਤ ਖ਼ਾਸ ਕਰ ਕੇ ਉਨ੍ਹਾਂ ਦੇਸ਼ਾਂ ਲਈ ਹੋਰ ਵੀ ਮਹੱਤਵ ਰੱਖਦੀ ਹੈ ਜਿਨ੍ਹਾਂ ਦੀ ਅਰਥ-ਵਿਵਸਥਾ ਅਜੇ ਵਿਕਸਿਤ ਦੇਸ਼ਾਂ ਦੀ ਸ਼ ?ਰੇਣੀ ਵਿੱਚ ਸ਼ਾਮਲ ਨਹੀਂ ਹੋਈ। ਇਨ੍ਹਾਂ ਵਿੱਚ ਭਾਰਤ ਵੀ ਸ਼ਾਮਲ ਹੈ ਜਿੱਥੇ ਕੁਪੋਸ਼ਣ ਅਤੇ ਤੱਤ ਭਰਪੂਰ ਖਾਣੇ ਦੀ ਘਾਟ ਹੈ।

ਇਸ ਤੋਂ ਇਲਾਵਾ ਭਾਰਤ ਵਿੱਚ ਲਗਪਗ ਕੁੱਲ ਆਬਾਦੀ ਦੇ 11.4 ਫ਼ੀਸਦੀ ਅਤੇ ਪੰਜਾਬ ਵਿੱਚ 10 ਫ਼ੀਸਦੀ ਸ਼ੂਗਰ ਦੇ ਮਰੀਜ਼ ਹਨ। ਇਨ੍ਹਾਂ ਵਾਸਤੇ ਜੌਂ ਤੋਂ ਤਿਆਰ ਖਾਣਾ ਚੰਗਾ ਹੈ। ਇਸ ਵਿੱਚ ਕਣਕ ਦੇ ਮੁਕਾਬਲੇ ਇਸ ਦਾ ਗਲੀਸੀਸਕ ਇਨਡੈਕਸ (28) ਹੈ ਅਤੇ ਸਟਾਰਚ ਤੱਤ ਵੱਧ ਹੋਣ ਕਾਰਨ, ਖ਼ੂਨ ਵਿੱਚ ਖੰਡ ਤੱਤ ਦੀ ਮਿਕਦਾਰ ਨੂੰ ਘੱਟ ਅਤੇ ਨਿਰੰਤਰਨ ਵਿੱਚ ਰੱਖਦਾ ਹੈ। ਇਸ ਤੋਂ ਇਲਾਵਾ ਬੀਟਾ-ਗਲੂਕਨ ਇਨਸੂਲਿਨ (ਖੰਡ ਦੇ ਪਾਚਣ ਲਈ ਜ਼ਰੂਰੀ ਤੱਤ) ਦੀ ਕਾਰਜਸ਼ੀਲਤਾ ਨੂੰ ਵੀ ਵਧਾਉਂਦਾ ਹੈ ਅਤੇ ਇਸ ਦੇ ਨਾਲ-ਨਾਲ ਇੱਕ ਹੋਰ ਗਲੂਕਾਗੋਨ-ਲਾਈਕ-ਪੈਪਟਾਈਡ-1 ਨਾਮਕ ਹਰਮੋਨ ਦੀ ਉਤਪਤੀ ਨੂੰ ਵੀ ਹਲੂਣਾ ਦਿੰਦਾ ਹੈ ਜਿਸ ਨਾਲ ਸਰੀਰ ਵੱਲੋਂ ਬਰਾਬਰ ਮਾਤਰਾ ਵਿੱਚ ਗੁਲੂਕੋਜ਼ ਪੈਦਾ ਕੀਤਾ ਤੇ ਵਰਤ ਲਿਆ ਜਾਂਦਾ ਹੈ। ਬੀਟਾ ਗਲੂਕਨ ਆਂਦਰਾਂ ਵਿੱਚ ਜਾਲੀ ਵਰਗਾ ਪਦਾਰਥ ਬਣਾਉਂਦਾ ਹੈ, ਜਿਸ ਨਾਲ ਭੁੱਖ ਲੱਗਣਾ ਮਹਿਸੂਸ ਹੋਣਾ ਘਟ ਜਾਂਦਾ ਹੈ। ਸਟਾਰਚ ਮੋਟਾਪੇ ਨੂੰ ਸੌਖਿਆਂ ਨਜਿੱਠਣ ਦੀ ਸਮਰੱਥਾ ਰੱਖਦਾ ਹੈ। ਬੀਟਾ ਗਲੂਕਨ ਸਿਹਤ ਲਈ ਲਾਹੇਵੰਦ ਬੈਕਟੀਰੀਆ ਲਈ ਆਧਾਰ ਮੁਹੱਈਆ ਕਰਦਾ ਹੈ ਅਤੇ ਜਲਦੀ ਨਾਲ ਇਹ ਸ਼ਾਰਟ-ਚੈਨ-ਫੈਟੀ ਐਸਿਡ (♥361↔) ਦੇ ਨਿਰਮਾਣ ਵਿੱਚ ਸਹਾਈ ਹੰਦਾ ਹੈ। ਇਹ ਐਸਸੀਐਫਏ ਮਨੁੱਖ ਦੇ ਜਿਗਰ ਅਤੇ ਅੰਤੜੀਆਂ ਵਿੱਚ ਕੋਲੈਸਟਰੋਲ ਦੀ ਉਪਜ ਨੂੰ ਮੱਧਮ ਕਰ ਕੇ ਘੱਟ ਪੈਦਾ ਕਰਨ ਵਿੱਚ ਮਦਦ ਕਰਦਾ ਹੈ। ਜਿਗਰ ਵੱਲੋਂ ਕੋਲੈਸਟਰੋਲ ਨੂੰ ਬਾਈਲ ਐਸਿਡ ਬਣਾਉਣ ਲਈ ਵਰਤ ਲਿਆ ਜਾਂਦਾ ਹੈ ਅਤੇ ਅੰਤੜੀਆਂ ਵਿੱਚ ਬੀਟਾ ਗਲੂਕਨ ਬਾਈਲ ਐਸਿਡ ਨਾਲ ਜੁੜ ਕੇ, ਇਸ ਨੂੰ ਸਰੀਰ ਵਿੱਚੋਂ ਬਾਹਰ ਕੱਢਣ ਦਾ ਕੰਮ ਕਰਦਾ ਹੈ। ਇਸ ਨਾਲ ਅੰਤੜੀਆਂ ਵਿੱਚੋਂ ਕੋਲੈਸਟਰੋਲ ਘੱਟ ਜਜ਼ਬ ਹੁੰਦਾ ਕਿਉਂਕਿ ਇਸ ਵਿੱਚ ਬੀਟਾ ਗਲੂਕਨ ਨਾਮੀ ਜੈਲੀ ਮੌਜੂਦ ਹੁੰਦੀ ਹੈ ਜੋ ਇਸ ਨੂੰ ਸਰੀਰ ਵਿੱਚ ਅੰਤੜੀਆਂ ਵਿੱਚ ਘੱਟ ਜਜ਼ਬ ਹੋਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।

ਫੂਡ ਐਂਡ ਡਰੱਗ ਐਡਮਿਨਿਸਟ ?ਰੇਸ਼ਨ, ਯੂਐਸਏ ਨੇ ਪੁਸ਼ਟੀ ਕੀਤੀ ਹੈ ਕਿ ਜੌਂ ਅਤੇ ਜਵੀ (ਓਟਸ) ਵਿੱਚ ਬੀਟਾ ਗਲੂਕਨ ਨਾਮ ਦਾ ਤੱਤ ਦਿਲ ਦੀਆਂ ਬਿਮਾਰੀਆਂ ਹੋਣ ਦੀਆਂ ਸੰਭਾਵਨਾਵਾਂ ਨੂੰ ਘੱਟ ਕਰਨ ਦੀ ਸਮਰੱਥਾ ਰੱਖਦਾ ਹੈ। ਉਨ੍ਹਾਂ ਇਸ ਦਾ ਕਾਰਨ ਇਹ ਵੀ ਦੱਸਿਆ ਹੈ ਕਿ ਬੀਟਾ ਗਲੂਕਨ ਨਾਮੀ ਤੱਤ ਲੋਅ ਡੈਂਸਟੀ ਲਿਪੋਪ੍ਰੋਟੀਨ (ਐਲਡੀਐਲ) ਅਤੇ ਕੋਲੈਸਟਰੋਲ ਦੀ ਮਾਤਰਾ ਨੂੰ ਘੱਟ ਰੱਖਦਾ ਹੈ, ਫਲਸਰੂਪ ਖ਼ੂਨ ਲਿਜਾਣ ਵਾਲੀਆਂ ਧਮਣੀਆਂ ਵਿੱਚ ਵਾਧੂ ਕੋਲੈਸਟਰੋਲ ਨੂੰ ਜੰਮ ?ਹਣ ਨਹੀਂ ਦਿੰਦਾ। ਇਸ ਤੋਂ ਇਲਾਵਾ ਇਨ੍ਹਾਂ ਵਿੱਚ ਫਾਈਬਰ ਦੀ ਮਾਤਰਾ ਵਧੇਰੇ ਹੋਣ ਸਦਕਾ ਇਹ ਖ਼ੂਨ ਦੇ ਦਬਾਅ ਨੂੰ ਵੀ ਨਿਯੰਤਰਨ ਵਿੱਚ ਰੱਖਣ ਵਿੱਚ ਸਹਾਈ ਹੁੰਦੇ ਹਨ। ਜੌਂ ਵਿੱਚ ਮੌਜੂਦ ਐਂਟੀ-ਆਕਸੀਡੈਂਟ, ਵਿਟਾਮਿਨ, ਫਾਈਟੋ-ਨਿਊਟਰੀਐਂਟ, ਵਿਟਾਮਿਨ ਆਦਿ ਤੱਤ ਸਰੀਰ ਵਿੱਚ ਕਿਸੇ ਤਰ੍ਹਾਂ ਦੀ ਸੋਜ਼ਿਸ਼ ਨੂੰ ਵੀ ਘੱਟ ਕਰਨ ਕਰ ਕੇ ਦਿਲ ਦੀ ਸਿਹਤ ਲਈ ਲਾਹੇਵੰਦ ਹੁੰਦੀ ਹੈ। ਜੌਂ ਵਿੱਚ ਮੌਜੂਦ ਮੈਗਨੀਸ਼ੀਅਮ, ਪੋਟਾਸ਼ੀਅਮ ਅਤੇ ਕੈਲਸ਼ੀਅਮ ਦਿਲ ਦੀਆਂ ਮਾਸਪੇਸ਼ੀਆਂ ਨੂੰ ਤਕੜਾ ਰੱਖਣ 'ਚ ਵਧੀਆ ਭੂਮਿਕਾ ਨਿਭਾਉਂਦੇ ਹਨ।

ਅੰਤੜੀਆਂ ਇੱਕ ਖ਼ਾਸ ਵਾਤਾਵਰਨ ਵਿੱਚ ਸੂਖਮ ਜੀਵਾਣੂ ਬੀਟਾ ਗਲੂਕਨ ਐਸਸੀਐਫਏਜ਼ ਬਿਊਟਿਰੇਟ, ਐਸੀਟੇਟ ਅਤੇ ਪ੍ਰੋਟੀਨੇਟ ਉਪਜਦੇ ਹਨ, ਜੋ ਅੰਤੜੀਆਂ ਦੀ ਅੰਦਰੂਨੀ ਸਤਹਿ ਦੀ ਸਿਹਤ ਲਈ ਬਹੁਤ ਹੀ ਵਧੀਆ ਹੁੰਦੇ ਹਨ। ਇਹ ਅੰਤੜੀਆਂ ਦੀ ਸਿਹਤ ਵਧੀਆ ਰੱਖਣ ਵਿੱਚ ਲਾਹੇਵੰਦ ਸਾਬਤ ਹੁੰਦੀ ਹੈ। ਜ਼ਿਕਰਯੋਗ ਹੈ ਕਿ ਸਿਹਤਮੰਦ ਅੰਤੜੀਆਂ ਸਰੀਰ ਦਾ ਲਗਪਗ 90 ਫ਼ੀਸਦੀ ਤੋਂ ਵੀ ਵੱਧ ਸੀਰੋਟੋਨਿਨ ਹਾਰਮੋਨ ਪੈਦਾ ਕਰਦੀਆਂ ਹਨ ਜੋ ਦਿਮਾਗੀ ਸਿਹਤ ਲਈ ਜ਼ਰੂਰੀ ਅਤੇ ਲੋੜੀਂਦਾ ਤੱਤ ਹੈ। ਇਹ ਹਾਰਮੋਨ ਸਿਰਫ਼ ਮਨੁੱਖ ਨੂੰ ਖ਼ੁਸ਼ ਰੱਖਣ ਲਈ ਹੀ ਜ਼ਰੂਰੀ ਨਹੀਂ ਹੁੰਦਾ ਸਗੋਂ ਪੜ੍ਹਾਈ ਕਰਨਾ, ਯਾਦਸ਼ਕਤੀ, ਨੀਂਦ, ਸਰੀਰ ਦੇ ਤਾਪਮਾਨ ਦਾ ਨਿਯੰਤਰਨ, ਭੁੱਖ ਲੱਗਣ ਅਤੇ ਮਰਦਾਨਾ/ਜ਼ਨਾਨਾ ਤਾਕਤ ਆਦਿ ਵਿੱਚ ਮੁੱਖ ਭੂਮਿਕਾ ਨਿਭਾਉਂਦਾ ਹੈ।

*ਲੇਖਕ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿੱਚ ਖੇਤੀਬਾੜੀ ਅਫ਼ਸਰ ਹੈ।




Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor-Anil Kumar Garg

**ਲੇਖਕ ਆਪਣੀਆਂ ਰਚਨਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਮੋਬਾਇਲ ਨੰਬਰ 79860-87886 'ਤੇ ਸੰਪਰਕ ਕਰਨ।**

ਰੋਜ਼ਾਨਾ ਆਜ਼ਾਦ ਸੋਚ 'ਚ ਛਪਣ ਵਾਲੀ ਲੇਖ ਸਮਗਰੀ ਲੇਖਕਾਂ ਦੇ ਨਿਜੀ ਵਿਚਾਰ ਹੁੰਦੇ ਹਨ। ਇੰਨਾਂ ਨਾਲ ਅਖਬਾਰ ਦਾ ਕੋਈ ਲੈਣਾ ਦੇਣਾ ਨਹੀਂ ਹੈ। ਪਾਠਕ ਸਾਹਿਬਾਨ ਨੋਟ ਕਰਨ। ਪ੍ਰਕਾਸ਼ਤ ਸਮੱਗਰੀ ਬਾਰੇ ਕੋਈ ਵੀ ਇਤਰਾਜ਼ ਸਬੰਧਤ ਲੇਖਕ ਕੋਲ ਹੀ ਉਠਾਇਆ ਜਾਵੇ।
– ਸੰਪਾਦਕ

## ਜ਼ਿਲ੍ਹੇ ਵਿਚ ਬਾਲ ਭਿੱਖਿਆ ਖ਼ਿਲਾਫ਼ ਮੁਹਿੰਮ ਜਾਰੀ ,ਪੰਜ ਬੱਚੇ ਕੀਤੇ ਰੈਸਕਿਊ

**ਆਜ਼ਾਦ ਸੋਚ, ਤੇਜ ਪ੍ਰਕਾਸ਼ ਖਾਸਾ, ਨਵਾਂਸ਼ਹਿਰ, 19 ਨਵੰਬਰ :**

ਡਾਇਰੈਕਟਰ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਵੱਲੋਂ 'ਪ੍ਰੋਜੈਕਟ ਜੀਵਨ ਜੋਤ' ਨੂੰ ਲਾਗੂ ਕਰਨ ਲਈ ਜ਼ਿਲ੍ਹੇ ਵਿਚ ਬਾਲ ਭਿਖਿਆ ਖ਼ਿਲਾਫ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਤਹਿਤ ਅੱਜ ਜ਼ਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਕੰਚਨ ਅਰੋੜਾ ਦੀ ਅਗਵਾਈ ਹੇਠ ਨਵਾਂਸ਼ਹਿਰ ਵਿਖੇ ਚੰਡੀਗੜ੍ਹ ਰੋਡ, ਬੰਗਾ ਰੋਡ ਅਤੇ ਰੇਲਵੇ ਰੋਡ 'ਤੇ ਬਾਲ ਭਿੱਖਿਆ ਖ਼ਿਲਾਫ਼ ਚੈਕਿੰਗ ਕੀਤੀ ਅਤੇ ਟੀਮ ਵੱਲੋਂ ਚੈਕਿੰਗ ਦੌਰਾਨ 18 ਸਾਲ ਤੋਂ ਘੱਟ ਉਮਰ ਦੇ ਪੰਜ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਬੱਚਿਆਂ ਨੂੰ ਰੈਸਕਿਊ ਕਰਨ ਉਪਰੰਤ ਬਾਲ ਭਲਾਈ ਕਮੇਟੀ ਵਿਖੇ ਪੇਸ਼ ਕੀਤਾ ਗਿਆ, ਤਾਂ ਜੋ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਵੱਲੋਂ ਦੁਕਾਨਦਾਰਾਂ ਅਤੇ ਆਮ ਜਨਤਾ ਨੂੰ ਜਾਗਰੂਕ ਕੀਤਾ ਗਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਭੀਖ ਮੰਗਵਾਉਣਾ ਕਾਨੂੰਨੀ ਤੌਰ 'ਤੇ ਅਪਰਾਧ ਹੈ। ਬਾਲ ਭਿੱਖਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਭੀਖ ਮੰਗਣ ਵਾਲੇ ਬੱਚਿਆਂ ਨੂੰ ਭੀਖ ਵਿਚ ਪੈਸੇ ਨਾ ਦਿੱਤੇ ਜਾਣ ਬਲਕਿ ਉਨਾਂ ਦੇ ਮਾਪਿਆਂ ਦੀ ਕਾਊਂਸਲਿੰਗ ਕੀਤੀ ਜਾਵੇ, ਤਾਂ ਜੋ ਉਹ ਆਪਣੇ ਬੱਚਿਆਂ ਨੂੰ ਭੀਖ ਮੰਗਣ ਦੀ ਬਜਾਏ ਸਕੂਲਾਂ ਵਿਚ ਪੜ੍ਹਨ ਲਈ ਭੇਜਣ। ਇਸ ਮੌਕੇ ਬਾਲ ਸੁਰੱਖਿਆ ਅਫਸਰ ਰਜਿੰਦਰ ਕੌਰ ਵੱਲੋਂ ਸਰਕਾਰ ਵੱਲੋਂ ਲੋੜਵੰਦ ਬੱਚਿਆਂ ਲਈ ਚਲਾਈ ਜਾ ਰਹੀ ਸਪੋਂਸਰਸ਼ਿਪ ਸਕੀਮ ਸਬੰਧੀ ਵੀ ਜਾਣੂ ਕਰਵਾਇਆ ਗਿਆ, ਜਿਸ ਤਹਿਤ ਲੋੜਵੰਦ ਅਤੇ ਬੇਸਹਾਰਾ ਬੱਚਿਆਂ ਨੂੰ ਪ੍ਰਤੀ ਮਹੀਨਾ 4000 ਰੁਪਏ ਵਿੱਤੀ ਸਹਾਇਤਾ ਬੱਚਿਆਂ ਨੂੰ ਸਿੱਖਿਅਤ ਕਰਨ ਲਈ ਦਿੱਤੀ ਜਾਂਦੀ ਹੈ। ਉਨ੍ਹਾਂ ਵੱਲੋਂ ਅਪੀਲ ਕੀਤੀ ਗਈ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਭਿੱਖਿਆ ਵਿਚ ਲੱਗਿਆ ਦਿਖਾਈ ਦਿੰਦਾ ਹੈ ਤਾਂ ਇਸ ਸਬੰਧੀ ਜਾਣਕਾਰੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਕਮਰਾ ਨੰਬਰ 413, ਤੀਜੀ ਮੰਜ਼ਿਲ, ਡੀ.ਸੀ ਦਫ਼ਤਰ ਜਾਂ ਚਾਈਲਡ ਹੈਲਪਲਾਈਨ ਨੰਬਰ 1098 'ਤੇ ਦਿੱਤੀ ਜਾਣੀ ਯਕੀਨੀ ਬਣਾਈ ਜਾਵੇ। ਚੈਕਿੰਗ ਟੀਮ ਵਿਚ ਸਿਹਤ ਵਿਭਾਗ ਵੱਲੋਂ ਰੁਪਿੰਦਰ ਸਿੰਘ, ਬਾਲ ਸੁਰੱਖਿਆ ਅਫ਼ਸਰ ਰਜਿੰਦਰ ਕੌਰ ਅਤੇ ਸੰਤੋਸ਼ ਡੀ.ਈ.ਓ, ਸੀ.ਡੀ.ਪੀ.ਓ ਦਫ਼ਤਰ ਤੋਂ ਬਿਮਲਾ ਦੇਵੀ, ਪੁਲਿਸ ਵਿਭਾਗ ਤੋਂ ਪਰਵਿੰਦਰ ਕੁਮਾਰ, ਰੇਨੂੰ ਅਤੇ ਮੋਨਿਕਾ ਰਾਣੀ ਤੋਂ ਇਲਾਵਾ ਸਿੱਖਿਆ ਵਿਭਾਗ ਤੋਂ ਸੁਖਵਿੰਦਰ ਸਿੰਘ ਮੌਜੂਦ ਸਨ।






## ਬੋਰਡ ਆਫ ਡਾਇਰੈਕਟਰ ਦੀ ਮੀਟਿੰਗ ਦਾ ਆਯੋਜਨ



**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ,19 ਨਵੰਬਰ :**

ਲਾਇਨਜ਼ ਕਲੱਬ ਸੰਗਰੂਰ ਗਰੇਟਰ ਦੀ ਸਾਲ 2024-25 ਲਈ ਬੋਰਡ ਆਫ਼ ਡਾਇਰੈਕਟਰ (ਬੀ.ਓ.ਡੀ.) ਦੀ ਛੇਵੀਂ ਮੀਟਿੰਗ ਲਾਇਨ ਜਸਪਾਲ ਸਿੰਘ ਰਤਨ ਦੀ ਪ੍ਰਧਾਨਗੀ ਹੇਠ ਹੋਈ ਅਤੇ ਇਸ ਮੀਟਿੰਗ ਵਿੱਚ ਕੁੱਲ 24 ਬੋਰਡ ਮੈਂਬਰਾਂ ਵਿੱਚੋਂ 15 ਬੋਰਡ ਮੈਂਬਰਾਂ ਨੇ ਭਾਗ ਲਿਆ। ਇਸ ਮੀਟਿੰਗ ਵਿੱਚ ਅਕਤੂਬਰ 2024 ਦੌਰਾਨ ਕੀਤੇ ਗਏ ਖਰਚਿਆਂ ਨੂੰ ਪ੍ਰਵਾਨਗੀ ਦਿੱਤੀ ਗਈ ਅਤੇ ਇਸੇ ਦੌਰਾਨ ਹੀ ਅੱਜ ਤੋਂ ਬਾਅਦ ਆਉਣ ਵਾਲੇ ਪ੍ਰੋਗਰਾਮਾਂ ਤੇ ਪ੍ਰੋਜੈਕਟਾਂ ਜਿਵੇਂ ਕਿ ਦਸੰਬਰ 2024 ਵਿੱਚ ਲੋੜਬੰਦਾਂ ਨੂੰ ਗਰਮ ਕੱਪੜੇ ਵੰਡਣ ਲਈ ਲਾਇਨ ਨਰੰਜਨ ਦਾਸ ਸਿੰਗਲਾ ਨੂੰ ਪ੍ਰਜੈਕਟ ਚੈਅਰਮੈਨ ਬਣਾਇਆ ਗਿਆ ਅਤੇ ਨਵੰਬਰ ਮਹੀਨੇ ਵਿੱਚ ਹੋਣ ਵਾਲੀ ਜਨਰਲ ਬਾਡੀ ਦੀ ਮੀਟਿੰਗ ਦੀ ਜਿਮੇਂਵਾਰੀ ਟੀਮ ਨੂੰ ਖੁਦ ਪਲਾਨ ਕਰਨ ਲਈ ਦਿੱਤੀ ਗਈ।ਇਸ ਮੌਕੇ ਲਾਇਨ ਦੀਪਕ ਗਰਗ ਵੱਲੋਂ ਆਪਣੀ ਬੇਟੀ ਨੂੰ ਐਮ.ਬੀ.ਬੀ.ਐਸ ਵਿੱਚ ਦਾਖਲਾ ਮਿਲਣ ਦੀ ਖੁਸ਼ੀ ਵਿੱਚ ਗਊਆਂ ਨੂੰ ਹਰਾ ਚਾਰਾ ਦੀ ਸੇਵਾ ਲਈ ਡੋਨੇਸ਼ਨ ਦਿੱਤੀ ਗਈ ।ਅੱਜ ਦੀ ਬੋਰਡ ਮੀਟਿੰਗ ਦਾ ਪ੍ਰਬੰਧ ਐਮ.ਜੇ.ਐਫ ਲਾਇਨ ਇੰਜ: ਸੁਖਮਿੰਦਰ ਸਿੰਘ ਭੱਠਲ ਅਤੇ ਲਾਇਨ ਇੰਜ:ਵੀ.ਕੇ ਦੀਵਾਨ ਵੱਲੋਂ ਕੀਤਾ ਗਿਆ ਸੀ।ਮੀਟਿੰਗ ਖਤਮ ਹੋਣ ਤੇ ਲਾਇਨ ਡਾਕਟਰ ਪ੍ਰਿਤਪਾਲ ਸਿੰਘ ਕਲੱਬ ਸੈਕਟਰੀ ਵੱਲੋਂ ਸਾਰੇ ਬੋਰਡ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ ।

## ਸਰਕਾਰੀ ਕੰਨਿਆ ਸਕੂਲ ਮੂਨਕ ਦੀ ਵਿਦਿਆਰਥਣ ਭਾਰਤੀ ਰਾਸ਼ਟਰੀ ਪੱਧਰ 'ਤੇ ਗੋਲਡ ਮੈਡਲ ਪ੍ਰਾਪਤ ਕਰਨ ਲਈ ਸਨਮਾਨਿਤ

**ਆਜ਼ਾਦ ਸੋਚ, ਬੂਟਾ ਸਿੰਘ ਭੁਟਾਲ, ਮੂਨਕ, 19 ਨਵੰਬਰ :**

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮੂਨਕ ਦੀ ਵਿਦਿਆਰਥਣ ਭਾਰਤੀ ਨੇ ਆਰਚਰੀ ਵਿਚ ਰਾਸ਼ਟਰੀ ਪੱਧਰ ਤੇ ਹੋ ਰਹੀਆਂ 68 ਵੀਆਂ ਖੇਡਾਂ ਜੋ ਕਿ ਗੁਜਰਾਤ ਵਿਖੇ ਹੋਈਆਂ ਸਨ ਗੋਲਡ ਮੈਡਲ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਜਿਸ ਤਹਿਤ ਅੱਜ ਸਕੂਲ ਵਿਖੇ ਮਾਣਯੋਗ ਜ਼ਿਲਾ ਸਿੱਖਿਆ ਅਫ਼ਸਰ ਸ੍ਰੀਮਤੀ ਤਰਵਿੰਦਰ ਕੌਰ ਅਤੇ ਉਪ-ਜਿਲਾ ਸਿੱਖਿਆ ਅਫ਼ਸਰ ਸ੍ਰੀਮਤੀ ਮਨਜੀਤ ਕੌਰ ਨੇ ਭਾਰਤੀ ਨੂੰ ਸਨਮਾਨਿਤ ਕੀਤਾ ਇਸ ਦੌਰਾਨ ਜ਼ਿਲਾ ਸਪੋਰਟਸ ਅਫ਼ਸਰ ਸ੍ਰੀਮਤੀ ਨਰੇਸ਼ ਸੈਣੀ ਨੇ ਬੱਚਿਆ ਨੂੰ ਖੇਡਾਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਸਕੂਲ ਮੁੱਖੀ ਸ੍ਰੀ ਸੰਦੀਪ ਸਿੰਘ ਅਤੇ ਪੀ.ਟੀ.ਆਈ ਸ੍ਰੀਮਤੀ ਗੋਲਡੀ ਰਾਣੀ ਨੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਅਤੇ ਐਸ ਐਚ ਓ ਸ੍ਰੀ ਸੁਖਦੀਪ ਸਿੰਘ ਨੇ ਬੱਚਿਆਂ ਨੂੰ ਕੈਰੀਅਰ ਬਾਰੇ ਜਾਗਰੂਕ ਕੀਤਾ ਅਤੇ ਅੰਤ ਵਿਚ ਡੀਡੀਓ ਸ੍ਰੀ ਭਾਰਤ ਭੂਸ਼ਣ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਇਸ ਤਹਿਤ ਸਮੂਹ ਸਟਾਫ ਵੱਲੋਂ ਭਾਰਤੀ ਨੂੰ ਸਕੂਲ ਤੋਂ ਮੂਨਕ ਸ਼ਹਿਰ ਵਿਚ ਜੀਪ ਤੇ ਬਿਠਾ ਕੇ ਹੌਸਲਾ ਅਫ਼ਜਾਈ ਕੀਤਾ ਅਤੇ ਇਸ ਸਨਮਾਨ ਯਾਤਰਾ ਦੌਰਾਨ ਮੂਨਕ ਦੀਆਂ ਵੱਖ ਵੱਖ ਸੰਸਥਾਵਾਂ ਵੱਲੋਂ ਵਿਦਿਆਰਥਣ ਭਾਰਤੀ ਅਤੇ ਸਕੂਲ ਸਟਾਫ ਨੂੰ ਵਧਾਈਆਂ ਦਿੱਤੀਆਂ ਗਈਆਂ ਇਸ ਦੌਰਾਨ ਐੱਸ.ਐਮ.ਸੀ ਸਮੂਹ ਸਟਾਫ ਅਤੇ ਬੱਚਿਆਂ ਦੇ ਮਾਤਾ ਪਿਤਾ ਹਾਜ਼ਰ ਸਨ।



## ਸਰਗਮ ਸੋਹੀ ਅਤੇ ਰਜ਼ੀਆ ਸੁਲਤਾਨ ਦਾ ਨਵਾਂ ਸਿੰਗਲ ਟਰੈਕ ਗੋਲੀ ਚੱਲ ਗਈ ਜਲਦ ਹੋਵੇਗਾ ਰਲੀਜ਼ : ਮਚਾਕੀ

**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 19 ਨਵੰਬਰ :**

ਦੁਨੀਆਂ ਭਰ ਵਿੱਚ ਨਾਮਣਾ ਖੱਟਣ ਵਾਲੇ ਬਹੁਤ ਹੀ ਸੁਰੀਲੀ ਤੇ ਮਿੱਠੀ ਅਵਾਜ਼ ਦੇ ਮਾਲਕ ਪੰਜਾਬੀ ਲੋਕ ਸਵ ਮੇਜਰ ਰਾਜਸਥਾਨੀ ਦੇ ਬੇਟੇ ਗਾਇਕ ਨ ਵ ਦੀ ਪ ਰਾਜਸਤਾਨੀ ਉਨ੍ਹਾਂ ਦੇ ਨਾਮ ਚੱਲ ਰਹੀ ਮਿਉਜ਼ਿਕ ਸੈਂਟਰ ਐਮ ਆਰ ਸੰਗੀਤ ਦੀ ਪੇਸ਼ਕਸ਼ ਹੇਠ ਪੰਜਾਬ ਦੀ ਪ੍ਰਸਿੱਧ ਦੋਗਾਣਾ ਜੋੜੀ ਸਰਗਮ ਸੋਹੀ ਅਤੇ ਰਜੀਆ ਸੁਲਤਾਨ ਦਾ ਨਵਾਂ ਸਿੰਗਲ ਟਰੈਕ ਗੋਲੀ ਚੱਲ ਗਈ ਜਲਦ ਹੀ ਸੰਗੀਤ ਨੂੰ ਪਿਆਰ ਕਰਨ ਵਾਲਿਆ ਦੇ ਸਨਮੁੱਖ ਕੀਤਾ ਜਾਵੇਗਾ ਅਤੇ ਉਮੀਦ ਹੈ ਕਿ ਪਹਿਲਾਂ ਮਾਰਕੀਟ ਵਿੱਚ ਚੱਲ ਗੀਤਾਂ ਦੀ ਤਰ੍ਹਾਂ ਇਸ ਗੀਤ ਨੂੰ ਵੀ ਪਿਆਰ ਬਖਸ਼ੋਗੇ। ਇਸ ਗੀਤ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਕਲਮ ਵੱਧ ਕੀਤਾ ਹੈ ਗੀਤਕਾਰ ਜੁਗਨੂੰ ਦਿਲਦਾਰ ਅਤੇ ਇਸ ਗੀਤ ਦਾ ਵਾਡੀਉ ਨੂੰ ਵੱਖ ਵੱਖ ਲੋਕੇਸ਼ਨਾਂ ਤੇ ਫਿਲਮਾਂਕਣ ਕੀਤਾ ਵੀਡੀਓ ਡਾਇਰੈਕਟਰ ਅਮਰਜੀਤ ਖੁਰਾਣਾ ਵੱਲੋਂ ਕੀਤਾ ਗਿਆ ਹੈ ਇਸ ਗੀਤ ਵੀਡੀਓ ਵਿੱਚ ਕੰਮ ਕਰਨ ਵਾਲੇ ਆਰਟਿਸਟ ਵੱਲੋਂ ਬਾ ਕਮਾਲ ਕੰਮ ਕੀਤਾ ਗਿਆ ਉਮੀਦ ਹੈ ਕਿ ਸਰੋਤਿਆਂ ਦੀ ਪਸੰਦ ਤੇ ਖਰਾ ਉਤਰੇਗਾ।




## ਪਿੰਡ ਰੱਕੜਾਂ ਢਾਹਾਂ ਵਿਖੇ ਡੇਂਗੂ ਦੇ ਬਚਾਅ ਲਈ ਜਾਗਰੂਕ ਕੀਤਾ

**ਆਜ਼ਾਦ ਸੋਚ, ਤੇਜ ਪ੍ਰਕਾਸ਼ ਖਾਸਾ, ਬਲਾਚੌਰ, 19 ਨਵੰਬਰ :**



ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਜਸਪ੍ਰੀਤ ਕੌਰ ਅਤੇ ਐਪੀਡੀਮੋਲੋਜਿਸਟ ਡਾਕਟਰ ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਗੁਰਿੰਦਰਜੀਤ ਸਿੰਘ ਪੀ ਐੱਚ ਸੀ ਸੜੋਆ ਦੀ ਯੋਗ ਅਗਵਾਈ ਹੇਠ ਸੈਕਟਰ ਸਾਹਿਬਾ ਦੇ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਪਿੰਡ ਰੱਕੜਾਂ ਢਾਹਾਂ ਵਿਖੇ ਡੇਂਗੂ ਸਰਵੇ ਕਰ ਰਹੀ ਟੀਮ ਦੀ ਸੁਪਰਵੀਜਨ ਕੀਤੀ ਅਤੇ ਨਗਰ ਨਿਵਾਸੀਆਂ ਨੂੰ ਘਰ ਘਰ ਜਾ ਕੇ ਡੇਂਗੂ ਦਾ ਲਾਰਵਾ ਚੈੱਕ ਕੀਤਾ ਗਿਆ ਅਤੇ ਡੇਂਗੂ ਦੇ ਬਚਾਅ ਅਤੇ ਲੱਛਣਾ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹਨ ਅਤੇ ਇਹ ਮੱਛਰ ਦਿਨ ਵੇਲੇ ਕੱਟਦਾ ਹੈ।ਇਸ ਲਈ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦਿਓ, ਕੂਲਰਾਂ ਗਮਲਿਆਂ ਫਰਿੱਜਾਂ ਦੀਆਂ ਟ੍ਰੇਆਂ ਵਿੱਚ ਖੜ੍ਹੇ ਪਾਣੀ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸੁਕਾਉਣਾ ਚਾਹੀਦਾ ਹੈ, ਛੱਤਾਂ ਤੇ ਪਈਆਂ ਪਾਣੀ ਦੀਆਂ ਟੈਂਕੀਆਂ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ, ਸੌਣ ਵੇਲੇ ਮੱਛਰਦਾਨੀ ਦੀ ਵਰਤੋਂ ਕਰੋ, ਟੁੱਟੇ ਬਰਤਨਾਂ ਟਾਇਰਾਂ ਨੂੰ ਖੁੱਲੇ ਵਿੱਚ ਨਾ ਰੱਖੋ ਪਸ਼ੂਆਂ ਦੀਆਂ ਖੁਰਲੀਆਂ ਨੂੰ ਢੱਕ ਕੇ ਰੱਖੋ ਅਤੇ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕਰਕੇ ਸੁਕਾਉਣ ਚਾਹੀਦਾ ਹੈ।ਡੇਂਗੂ ਬੁਖ਼ਾਰ ਦੇ ਲੱਛਣਾ ਸਬੰਧੀ ਜਾਣਕਾਰੀ ਦਿੱਤੀ ਕਿ ਇਸ ਵਿੱਚ ਤੇਜ਼ ਬੁਖ਼ਾਰ, ਸਿਰ ਦਰਦ ਹੋਣਾ, ਚਮੜੀ ਤੇ ਦਾਣੇ ਹੋਣਾ, ਜੀ ਕੱਚਾ ਹੋਣਾ, ਹਾਲਤ ਖ਼ਰਾਬ ਹੋਣ ਤੇ ਨੱਕ ਮੂੰਹ ਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਹੋ ਸਕਦੇ ਹਨ।ਜੇਕਰ ਕਿਸੇ ਨੂੰ ਅਜਿਹੇ ਲੱਛਣ ਨਜ਼ਰ ਆਉਣ ਤਾਂ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਸਪੰਰਕ ਕਰੋ ਅਤੇ ਖੂਨ ਦੀ ਜਾਂਚ ਜ਼ਰੂਰ ਕਰਵਾਓ ਡੇਂਗੂ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲ ਵਿੱਚ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਤੇ ਮਲਟੀਪਰਪਜ ਹੈਲਥ ਵਰਕਰ ਕਮਲੇਸ਼ ਮਾਨ, ਆਸ਼ਾ ਵਰਕਰ ਕੁਸਮਾ ਰਾਣੀ, ਕਰਮਜੀਤ ਕੌਰ, ਵਿੰਦਰ ਕੁਮਾਰ ਅਤੇ ਬਰੀਡਿੰਗ ਚੈੱਕਰ ਪਰਮਵੀਰ ਹਾਜ਼ਰ ਸਨ।

## ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਲੋਕਾਂ ਦੀਆਂ ਮੁਸ਼ਕਲਾਂ ਦੂਰ ਕਰਨ ਲਈ ਕਮਿਸ਼ਨਰ ਨੂੰ ਨਾਲ ਲੈਕੇ ਕੀਤਾ ਦੌਰਾ



**ਆਜ਼ਾਦ ਸੋਚ, ਪਟਿਆਲਾ, 19 ਨਵੰਬਰ:**

ਪਟਿਆਲਾ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਆਪਣੇ ਪਿਤਾ ਪੁਰਖੀ ਰਵਾਇਤ ਨੂੰ ਕਾਇਮ ਰੱਖਦਿਆਂ ਸਕੂਟਰ 'ਤੇ ਸਵਾਰ ਹੋ ਕੇ ਸ਼ਹਿਰ ਦੇ ਬਾਜ਼ਾਰਾਂ ਤੇ ਗਲੀਆਂ ਦਾ ਦੌਰਾ ਕਰਕੇ ਨਗਰ ਨਿਗਮ ਕਮਿਸ਼ਨਰ ਡਾ. ਰਜਤ ਓਬਰਾਏ ਨੂੰ ਸ਼ਹਿਰ ਦੀ ਅਸਲ ਤਸਵੀਰ ਦਿਖਾਈ ਤਾਂ ਕਿ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਮੌਕੇ 'ਤੇ ਹੀ ਹੱਲ ਹੋ ਸਕੇ। ਇਸ ਦੌਰਾਨ ਪਟਿਆਲਵੀਆਂ ਦੀ ਸਹੂਲਤ ਲਈ ਵਿਧਾਇਕ ਨੇ ਢਾਈ ਕਰੋੜ ਦੀ ਲਾਗਤ ਵਾਲੇ ਵੱਖ ਵੱਖ ਵਿਕਾਸ ਕਾਰਜਾਂ ਦੀ ਵੀ ਸ਼ੁਰੂਆਤ ਕਰਵਾਈ ਅਤੇ ਕਿਹਾ ਕਿ ਉਹ 24 ਘੰਟੇ ਆਪਣੇ ਹਲਕੇ ਦੇ ਵਸਨੀਕਾਂ ਦੀ ਸੇਵਾ ਵਿੱਚ ਹਾਜ਼ਰ ਹਨ।

ਵਿਧਾਇਕ ਕੋਹਲੀ ਨੇ ਹਲਕਾ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਵਿਚਲੇ ਕਈ ਦਹਾਕਿਆਂ ਤੋਂ ਰੁੱਕੇ ਕੰਮਾਂ ਨੂੰ ਮੁੜ ਤੋਂ ਕਰਵਾਇਆ ਜਾ ਰਿਹਾ ਹੈ ਤਾਂ ਕਿ ਸ਼ਹਿਰ ਵਾਸੀਆਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ 94 ਲੱਖ ਰੁਪਏ ਦਾ ਲਾਗਤ ਨਾਲ ਆਰੀਆ ਸਮਾਜ ਚੌਂਕ ਨੇੜੇ ਪੁਰੀ ਰੋਡ ਤੇ ਸਰਹਿੰਦੀ ਬਾਜ਼ਾਰ ਵਿਖੇ ਪਾਣੀ ਦੀ ਨਿਕਾਸੀ ਲਈ ਪਾਇਪ ਲਾਈਨ ਪਾਉਣ ਦਾ ਕੰਮ ਸ਼ੁਰੂ ਕਰਵਾਇਆ। ਇਸੇ ਦੌਰਾਨ 68 ਲੱਖ ਰੁਪਏ ਦੀ ਲਾਗਤ ਨਾਲ ਘੇਰ ਸੋਢੀਆਂ ਅਤੇ ਬਗੀਚੀ ਮੰਗਲ ਦਾਸ ਦੀਆਂ ਗਲੀਆਂ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ। ਜਦਕਿ 44 ਲੱਖ ਰੁਪਏ ਦੀ ਲਾਗਤ ਨਾਲ ਜੱਟਾਂ ਵਾਲਾ ਚੌਂਤਰਾ ਅਤੇ ਸਰਹਿੰਦੀ ਬਾਜ਼ਾਰ ਨੇੜੇ ਗਲੀਆਂ ਦੀ ਉਸਾਰੀ ਅਤੇ ਯੂਪੀਵੀਸੀ ਪਾਈਪ ਪਾਉਣ ਦਾ ਕੰਮ ਸ਼ੁਰੂ ਕਰਵਾਇਆ। ਇਸੇ ਤਰ੍ਹਾਂ 37 ਲੱਖ ਰੁਪਏ ਦੀ ਲਾਗਤ ਨਾਲ ਘੇਰ ਸੋਢੀਆਂ ਵਿਖੇ ਸੀ.ਸੀ ਫਲੋਰਿੰਗ ਸਦਰ ਬਾਜ਼ਾਰ ਤੋਂ ਅਰਨਾ ਬਰਨਾ ਚੌਂਕ ਤੱਕ ਅਤੇ ਸਮਸ਼ੇਰ ਸਿੰਘ ਮੁਹੱਲਾ ਵਿਖੇ ਸੜਕਾਂ ਦਾ ਕੰਮ ਕਰਵਾਉਣ ਦੀ ਸ਼ੁਰੂਆਤ ਕਰਵਾਈ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅਫਸੋਸ ਜਤਾਇਆ ਕਿ ਪਟਿਆਲਾ ਤੋਂ ਚੱਲਣ ਵਾਲੀ ਪਿਛਲੀ ਸਰਕਾਰ ਨੇ ਵੀ ਪਟਿਆਲਾ ਸ਼ਹਿਰੀਆਂ ਨੂੰ ਅੱਖੋਂ ਪਰੋਖੇ ਕੀਤਾ ਅਤੇ ਸ਼ਹਿਰ ਅੰਦਰੂਨ ਦੀਆਂ ਸੜਕਾਂ ਵੀ ਨਹੀਂ ਬਣਾਈਆਂ ਜਾ ਸਕੀਆਂ। ਪ੍ਰੰਤੂ ਮੌਜੂਦਾ ਸਰਕਾਰ ਨੇ ਲੋਕਾਂ ਦੀਆਂ ਮੁਸ਼ਕਲਾਂ ਦੂਰ ਕਰਨ ਦਾ ਬੀੜਾ ਉਠਾਇਆ ਤੇ 25 ਕਰੋੜ ਰੁਪਏ ਦੀ ਲਾਗਤ ਨਾਲ ਪਾਰਕਾਂ, ਗਲੀਆਂ ਸੜਕਾਂ ਤੇ ਹੋਰ ਸਹੂਲਤਾਂ 'ਤੇ ਖਰਚੇ ਜਾ ਰਹੇ ਹਨ ਅਤੇ ਹਰ ਵਾਰਡ ਵਿੱਚ ਮੁੱਖ ਸੜਕਾਂ ਅਤੇ ਅੰਦਰਲੀਆਂ ਗਲੀਆਂ ਸੜਕਾਂ ਦਾ ਕੰਮ ਵੀ ਤੇਜ਼ੀ ਨਾਲ ਚੱਲ ਰਿਹਾ ਹੈ।

ਇਸ ਮੌਕੇ ਮਦਨ ਅਰੋੜਾ, ਕਿਸ਼ਨ ਚੰਦ ਬੁੱਧੂ, ਹਰਪਾਲ ਸਿੰਘ ਬਿੱਟੂ, ਗੁਰਸ਼ਰਨ ਸਿੰਘ ਸਨੀ, ਸੁਸ਼ੀਲ ਮਿੱਡਾ, ਅੰਮ੍ਰਿਤਪਾਲ ਸਿੰਘ ਪਾਲੀ, ਸਿਮਰਪ੍ਰੀਤ ਸਿੰਘ ਅਤੇ ਪੁਨੀਤ ਬੁਧੀਰਾਜਾ ਸਮੇਤ ਵੱਡੀ ਗਿਣਤੀ ਇਲਾਕਾ ਨਿਵਾਸੀ ਮੌਜੂਦ ਸਨ।

## ਕੇਬਲ ਤਾਰਾਂ ਚੋਰੀ ਕਰਨ ਸਬੰਧੀ ਤਿੰਨ ਨਾਮਜ਼ਦ ਪਰਚਾ ਦਰਜ

**ਅਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 19 ਨਵੰਬਰ :**

ਥਾਣਾ ਮੂਨਕ ਵਿਖੇ ਤਿਨ ਕੇਵਲ ਚੋਰਾਂ ਨੂੰ ਨਾਮਜ਼ਦ ਕਰਦਿਆਂ ਪਰਚਾ ਦਰਜ ਕੀਤਾ ਗਿਆ ਹੈ।ਇਸ ਸਬੰਧੀ ਥਾਣਾ ਮੁਖੀ ਇੰਸਪੈਕਟਰ ਸੁਖਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ, ਕਿ ਦਰਸ਼ਨ ਸਿੰਘ ਪੁੱਤਰ ਬਾਰੂ ਸਿੰਘ ਪਿੰਡ ਬੁਸਹਿਰਾ, ਥਾਣਾ ਮੂਨਕ ਨੇ ਬਰਖਿਲਾਫ਼ ਸਾਗਰ ਸਿੰਘ, ਸਾਹਿਬ ਸਿੰਘ ਉਰਫ ਸਾਬੂ ਅਤੇ ਵਿਜੇ ਸਿੰਘ ਵਾਸੀ ਮੰਡਵੀ, ਥਾਣਾ ਖਨੌਰੀ ਦੇ ਪਰਚਾ ਦਰਜ਼ ਰਜਿਸਟਰਡ ਕਰਵਾਇਆ। ਜਿਸ ਵਿੱਚ ਪੀੜਤ ਦਰਸ਼ਨ ਸਿੰਘ ਨੇ ਦੱਸਿਆ, ਕਿ ਮੈਂ ਸ਼ਾਮ ਸਮੇਂ ਆਪਣੇ ਖੇਤ ਦਾ ਕੰਮ ਨਿਬੇੜ ਕੇ ਘਰ ਨੂੰ ਚਲਾ ਗਿਆ। ਜਦੋਂ ਅਗਲੀ ਸਵੇਰ ਸਾਢੇ ਸੱਤ ਵਜੇ ਮੈਂ ਆਪਣੇ ਖੇਤ ਗਿਆ ਤਾਂ ਮੇਰੇ ਖੇਤ ਵਿੱਚ ਗਰੀਬ 40-40 ਫੁੱਟ ਦੀਆਂ ਦੋ ਕੇਵਲ ਤਾਰਾ ਗਾਇਬ ਸਨ। ਜਿਸ ਸਬੰਧੀ ਮੈਂ ਆਪਣੇ ਤੌਰ ਤੇ ਪੜਤਾਲ ਕਰਦਾ ਰਿਹਾ। ਜਿਸਦੇ ਚਲਦਿਆਂ ਪੁਲਿਸ ਨੇ ਉਪਰੋਕਤ ਤਿੰਨੇ ਦੋਸ਼ੀਆਂ ਖਿਲਾਫ ਪਰਚਾ ਦਰਜ਼ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਸੁੱਖੀ ਬਾਠ ਨੇ ਮਸਤੂਆਣਾ ਸਾਹਿਬ ਦੀ ਧਰਤੀ ਤੇ ਸਿਰਜਿਆ ਨਵਾਂ ਇਤਿਹਾਸ

### 9 ਬਾਲ ਕਲਾਕਾਰਾਂ ਨੂੰ ਸ਼੍ਰੋਮਣੀ ਬਾਲ ਲੇਖਕ ਐਵਾਰਡ ਅਤੇ 21 ਬਾਲ ਲੇਖਕਾਂ ਨੂੰ ਲੱਖਾਂ ਦੇ ਇਨਾਮ ਨਾਲ ਕੀਤਾ ਸਨਮਾਨਿਤ

**ਆਜ਼ਾਦ ਸੋਚ, ਅਮਨਜੋਤ ਸਿੰਘ, ਸੰਗਰੂਰ, 19 ਨਵੰਬਰ :**



ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਜੀ ਦੇ ਉਪਰਾਲੇ ਨਾਲ ਨਵੀਆਂ ਕਲਮਾਂ ਨਵੀਂ ਉਡਾਣ ਪ੍ਰੋਜੈਕਟ ਤਹਿਤ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਸੁੱਖੀ ਬਾਠ ਜੀ ਦੀ ਅਗਵਾਈ ਹੇਠ ਦੋ ਰੋਜਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਕਰਵਾਈ ਗਈ। ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਜੀ ਅਤੇ ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਨੇ ਇਸ ਕਾਨਫਰੰਸ ਨੂੰ ਕਰਵਾਉਣ ਲਈ ਵੱਡਾ ਰੋਲ ਅਦਾ ਕੀਤਾ। ਉਹਨਾਂ ਦੀ ਦੇਖ ਰੇਖ ਵਿੱਚ ਕਾਨਫਰੰਸ ਹੋਈ।ਦੋ ਦਿਨ ਚੱਲੀ ਇਸ ਕਾਨਫਰੰਸ ਵਿੱਚ ਬਲਜੀਤ ਸ਼ਰਮਾ ਅਤੇ ਸ਼ਸ਼ੀ ਬਾਲਾ ਨੇ ਸਟੇਜ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ। ਅੱਜ ਇੱਥੇ ਮੀਡੀਆ ਸਲਾਹਕਾਰ ਸਤੀਸ਼ ਜੌੜਾ ਜੀ ਅਤੇ ਪ੍ਰੋਜੈਕਟ ਮੀਡੀਆ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ ਜੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੁੱਖੀ ਬਾਠ ਜੀ ਨੇ ਮਸਤੂਆਣਾ ਸਾਹਿਬ ਦੀ ਧਰਤੀ ਤੇ ਨਵਾਂ ਇਤਿਹਾਸ ਸਿਰਜ ਦਿੱਤਾ। ਉਹਨਾਂ ਨੇ ਆਪਣੇ ਪਿਤਾ ਸਵ: ਅਰਜੁਨ ਸਿੰਘ ਬਾਠ ਸ਼੍ਰੋਮਣੀ ਬਾਲ ਲੇਖਕ ਐਵਾਰਡ ਨਾਲ ਨੌ ਬੱਚਿਆਂ ਨੂੰ ਸਨਮਾਨਿਤ ਕੀਤਾ ਜਿਨਾਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਹਨਾਂ ਬੱਚਿਆਂ ਨੂੰ 11000 ਦੀ ਨਗਦ ਰਾਸ਼ੀ ਅਤੇ ਸਨਮਾਨ ਚਿੰਨ ਨਾਲ ਸਨਮਾਨਿਤ ਕੀਤਾ ਗਿਆ। ਨੌ ਬੱਚਿਆਂ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਜਿਨਾਂ ਨੂੰ 7100 ਦੀ ਨਗਦ ਰਾਸ਼ੀ ਅਤੇ ਸਨਮਾਨ ਚਿੰਨ ਨਾਲ ਸਨਮਾਨਿਤ ਕੀਤਾ। ਨੌ ਬੱਚਿਆਂ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਜਿਨਾਂ ਨੂੰ 5100 ਰੁਪਏ ਦੀ ਨਗਦ ਰਾਸ਼ੀ ਅਤੇ ਸਨਮਾਨ ਚਿੰਨ ਨਾਲ ਸਨਮਾਨਿਤ ਕੀਤਾ। ਪ੍ਰੋਜੈਕਟ ਮੀਡੀਆ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ ਜੀ ਨੇ ਦੱਸਿਆ ਕਿ ਪ੍ਰਾਇਮਰੀ ਵਰਗ ਕਵਿਤਾ ਉਚਾਰਨ ਵਿੱਚ ਪਹਿਲਾ ਸਥਾਨ ਮਿਹਰ ਕੇ ਸਿੱਧੂ ਬਠਿੰਡਾ,ਰਜਨੀ ਰੂਪਨਗਰ ਦੂਸਰਾ ਸਥਾਨ, ਮਨੀਸ਼ਾ ਰੂਪਨਗਰ ਤੀਜਾ ਸਥਾਨ ਹਾਸਲ ਕੀਤਾ। ਪ੍ਰਾਇਮਰੀ ਲੇਖ ਮੁਕਾਬਲਾ ਅੰਜਲੀ ਰਾਣੀ ਪਹਿਲਾ ਸਥਾਨ ਫਾਜਲਿਕਾ, ਦੂਸਰਾ ਸਥਾਨ ਸੋਹਲ ਪ੍ਰੀਤ ਕੌਰ ਜਿਲਾ ਮਲੇਰਕੋਟਲਾ, ਤੀਸਰਾ ਸਥਾਨ ਖੁਸ਼ਪ੍ਰੀਤ ਕੌਰ ਜਿਲਾ ਪਟਿਆਲਾ। ਮਿਡਲ ਭਾਗ ਕਵਿਤਾ ਉਚਾਰਨ ਪਹਿਲਾ ਸਥਾਨ ਜਸਕੋਮਲ ਕੌਰ ਜਿਲਾ ਮਲੇਰਕੋਟਲਾ ,ਦੂਸਰਾ ਸਥਾਨ ਮਾਖੇਸ਼ ਮੋਹਨ ਸ਼ਰਮਾ ਜਿਲਾ ਸੰਗਰੂਰ ,ਤੀਸਰਾ ਸਥਾਨ ਮੌਲੀਨ ਕੌਰ ਜਿਲਾ ਜਲੰਧਰ। ਲੇਖ ਮੁਕਾਬਲਾ ਪਹਿਲਾ ਸਥਾਨ ਕੋਮਲਦੀਪ ਕੌਰ ਜਿਲਾ ਬਠਿੰਡਾ-1, ਦੂਜਾ ਸਥਾਨ ਅਰਮਾਨਪ੍ਰੀਤ ਸਿੰਘ ਜਿਲਾ ਸ੍ਰੀ ਮੁਕਤਸਰ ਸਾਹਿਬ, ਤੀਸਰਾ ਸਥਾਨ ਦਿਕਸ਼ਾ ਜ਼ਿਲਾ ਫਿਰੋਜ਼ਪੁਰ, ਗੀਤ ਮੁਕਾਬਲਾ ਪਹਿਲਾ ਸਥਾਨ ਕਰਨਪ੍ਰੀਤ ਸਿੰਘ ਜਿਲ੍ਹਾ ਤਰਨ ਤਾਰਨ, ਦੂਸਰਾ ਸਥਾਨ ਮਨਪ੍ਰੀਤ ਸਿੰਘ ਬਠਿੰਡਾ-2 , ਤੀਸਰਾ ਸਥਾਨ ਅਭਿਮ ਕੁਮਾਰ ਜਿਲਾ ਜਲੰਧਰ । ਸੈਕੰਡਰੀ ਵਿਭਾਗ ਕਵਿਤਾ ਉਚਾਰਨ ਪਹਿਲਾ ਸਥਾਨ ਜਸਮੀਤ ਕੌਰ ਜ਼ਿਲਾ ਮੋਗਾ ,ਦੂਸਰਾ ਸਥਾਨ ਜੈਸਮੀਨ ਕੌਰ ਜਿਲਾ ਸ਼੍ਰੀ ਅੰਮ੍ਰਿਤਸਰ ਸਾਹਿਬ, ਤੀਸਰਾ ਸਥਾਨ ਕਰਨਵੀਰ ਕੌਰ ਰਾਜਸਥਾਨ-02 ਲੇਖ ਮੁਕਾਬਲੇ ਪਹਿਲਾ ਸਥਾਨ ਪ੍ਰੀਤੀ ਜ਼ਿਲਾ ਗੁਰਦਾਸਪੁਰ, ਦੂਸਰਾ ਸਥਾਨ ਤਰਨਪ੍ਰੀਤ ਸਿੰਘ ਰਾਣਾ ਜਿਲਾ ਰੂਪਨਗਰ, ਤੀਸਰਾ ਸਥਾਨ ਜਸ਼ਨਪ੍ਰੀਤ ਕੌਰ ਜਿਲਾ ਬਠਿੰਡਾ -2 ਸੈਕੰਡਰੀ ਭਾਗ ਕਹਾਣੀ ਮੁਕਾਬਲਾ ਪਹਿਲਾ ਸਥਾਨ ਜੀਨਾ ਸ਼੍ਰੀ ਫਤਿਹਗੜ੍ਹ ਸਾਹਿਬ, ਦੂਸਰਾ ਸਥਾਨ ਸਾਧਨਾ ਜਿਲਾ ਗੁਰਦਾਸਪੁਰ, ਤੀਸਰਾ ਸਥਾਨ ਜਸਕਰਨ ਕੌਰ ਜ਼ਿਲਾ ਪਟਿਆਲਾ। ਸੈਕੰਡਰੀ ਗੀਤ ਮੁਕਾਬਲਾ - ਪਹਿਲਾ ਸਥਾਨ ਤਰਨਜੋਤ ਸਿੰਘ ਕਪੂਰਥਲਾ -2 ,ਦੂਸਰਾ ਸਥਾਨ ਗੁਰਅੰਸ ਫਾਜਿਲਕਾ ,ਤੀਸਰਾ ਸਥਾਨ ਹਰਲੀਨ ਸ਼ਰਮਾਂ ਫਰੀਦਕੋਟ ਨੇ ਕ੍ਰਮਵਾਰ ਇਨਾਮ ਹਾਸਿਲ ਕੀਤੇ। ਇਸ ਮੌਕੇ ਬਾਠ ਸਾਹਿਬ ਦੇ ਫਰਜ਼ੰਦ ਅੰਮ੍ਰਿਤਪਾਲ ਸਿੰਘ ਮਾਨ ,ਪ੍ਰੋਜੈਕਟ ਸਲਾਹਕਾਰ ਗੁਰਵਿੰਦਰ ਸਿੰਘ ਸਿੱਧੂ, ਮੀਡੀਆ ਕੋਆਰਡੀਨੇਟਰ ਰਾਜਕੁਮਾਰ ਅਰੋੜਾ, ਖਜਾਨਚੀ ਬਲਜੀਤ ਸੇਖਾ, ਮਾਸਟਰ ਲਖਵਿੰਦਰ ਸਿੰਘ ਮਲੇਰਕੋਟਲਾ ,ਪ੍ਰਿੰਸੀਪਲ ਸੁਖਦੀਪ ਕੌਰ ਪ੍ਰਿੰਸੀਪਲ ਡਾ. ਗੀਤਾ ਠਾਕੁਰ, ਅਵਤਾਰ ਸਿੰਘ ਚੋਟੀਆਂ, ਭੀਮ ਸਿੰਘ, ਰਮਨੀਤ ਕੌਰ ਚਾਨੀ ਸੰਪਾਦਕ ਮਾਨਸਾ,ਬਲਜਿੰਦਰ ਕਲਸੀ, ਵੀਨਾ ਰਾਣੀ,ਸਤਿੰਦਰ ਕੌਰ ਕਾਹਲੋਂ , ਡਾਕਟਰ ਅਮਰਜੋਤੀ ਮਾਂਗਟ, ਸਰਪੰਚ ਨਵਦੀਪ ਕੌਰ ਰਾਜਸਥਾਨ, ਦਮਨਜੀਤ ਕੌਰ ,ਰਾਜਵਿੰਦਰ ਕੌਰ ਸੰਧੂ, ਡਾ. ਸੁਖਪਾਲ ਕੌਰ ਸਮਰਾਲਾ, ਰਸ਼ਵਿੰਦਰ ਕੌਰ ਪਟਿਆਲਾ, ਬਠਿੰਡਾ ਤੋਂ ਬਲਰਾਜ ਸਿੰਘ, ਗੁਰਦਾਸਪੁਰ ਤੋਂ ਗਗਨਦੀਪ ਸਿੰਘ, ਸਰਬਜੀਤ ਕੌਰ ,ਵੀਰਪਾਲ ਕੌਰ ਪਟਿਆਲਾ ,ਰਣਜੀਤ ਕੌਰ, ਨਿਸ਼ਾਰਾਣੀ, ਸ਼ਮਸ਼ੀਲ ਸਿੰਘ ਸੋਢੀ ਅਤੇ ਅਕਾਲ ਕਾਲਜ ਕੌਂਸਲ ਦੀ ਸਮੁੱਚੀ ਟੀਮ ਹਾਜ਼ਰ ਸਨ।

## ਵਧੀਕ ਡਿਪਟੀ ਕਮਿਸ਼ਨਰ ਨੇ ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ ਦੇ ਸਿਖਿਆਰਥੀਆਂ ਨੂੰ ਕਿੱਟਾਂ ਵੰਡੀਆਂ




**ਆਜ਼ਾਦ ਸੋਚ, ਤੇਜ ਪ੍ਰਕਾਸ਼ ਖਾਸਾ, ਨਵਾਂਸ਼ਹਿਰ, 19 ਨਵੰਬਰ :**

ਵਧੀਕ ਡਿਪਟੀ ਕਮਿਸ਼ਨਰ ਰਾਜੀਵ ਵਰਮਾ ਵੱਲੋ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ ਅਧੀਨ ਵੇਅਰਹਾਊਸ ਐਸੋਸੀਏਟ ਕੋਰਸ ਵਿਚ ਸਿਖਲਾਈ ਪ੍ਰਾਪਤ ਕਰ ਰਹੇ ਪਹਿਲੇ ਬੈਚ ਦੇ 25 ਉਮੀਦਵਾਰਾਂ ਨੂੰ ਕਾਪੀਆਂ-ਕਿਤਾਬਾਂ ਅਤੇ ਵਰਦੀਆਂ ਦੀਆਂ ਕਿੱਟਾਂ ਵੰਡੀਆਂ ਗਈਆਂ। ਵਧੀਕ ਡਿਪਟੀ ਕਮਿਸ਼ਨਰ ਨੇ ਇਸ ਮੌਕੇ ਦੱਸਿਆ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਅਧੀਨ ਜ਼ਿਲ੍ਹੇ ਦੇ ਲੋੜਵੰਦ ਪੇਂਡੂ ਬੇਰੁਜ਼ਗਾਰ ਉਮੀਦਵਾਰਾਂ ਨੂੰ ਮੁਫ਼ਤ ਹੁਨਰ ਸਿਖਲਾਈ ਦਿੱਤੀ ਜਾ ਰਹੀ ਹੈ। ਇਸ ਸਕੀਮ ਅਧੀਨ ਉਮੀਦਵਾਰਾਂ ਨੂੰ 5 ਮਹੀਨੇ ਦੀ ਮੁਫ਼ਤ ਹੁਨਰ ਸਿਖਲਾਈ ਦੌਰਾਨ ਕਾਪੀਆਂ- ਕਿਤਾਬਾਂ, ਵਰਦੀਆਂ ਤੇ ਆਉਣ-ਜਾਣ ਦਾ ਕਿਰਾਇਆ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਹੁਨਰ ਪ੍ਰਮਾਣਿਤ ਉਮੀਦਵਾਰਾਂ ਨੂੰ ਟ੍ਰੇਨਿੰਗ ਤੋਂ ਬਾਅਦ ਨੌਕਰੀ 'ਤੇ ਲਗਵਾਇਆ ਜਾਵੇਗਾ। ਨੌਕਰੀ ਦੌਰਾਨ ਵੀ ਉਮੀਦਵਾਰਾਂ ਨੂੰ ਪੋਸਟ ਪਲੇਸਮੈਂਟ ਸਪੋਰਟ ਦਿੱਤੀ ਜਾਵੇਗੀ।

ਵਧੀਕ ਡਿਪਟੀ ਕਮਿਸ਼ਨਰ ਨੇ ਉਮੀਦਵਾਰਾਂ ਨੂੰ ਇਸ ਕੋਰਸ ਵਿਚ ਦਾਖ਼ਲਾ ਲੈਣ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਦੇ ਰੋਸ਼ਨ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਵੱਲੋਂ ਉਮੀਦਵਾਰਾਂ ਨੂੰ ਇਸ ਕੋਰਸ ਵਿਚ ਸਿਖਾਏ ਜਾ ਰਹੇ ਕੰਮਾਂ ਨੂੰ ਆਪਣੇ ਨਿੱਜੀ ਜੀਵਨ ਵਿਚ ਅਪਣਾਉਣ ਦੀ ਸਲਾਹ ਦਿੱਤੀ ਗਈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਉਮੀਦਵਾਰ ਇਸ ਕੋਰਸ ਵਿਚ ਦਾਖ਼ਲਾ ਲੈਣ ਦਾ ਚਾਹਵਾਨ ਹੋਵੇ ਤਾਂ ਪੰਜਾਬ ਹੁਨਰ ਵਿਕਾਸ ਮਿਸ਼ਨ ਦੇ ਕਮਰਾ ਨੰਬਰ 413, ਤੀਸਰੀ ਮੰਜ਼ਿਲ, ਡੀ.ਸੀ ਕੰਪਲੈਕਸ ਵਿਖੇ ਜਾਂ ਮੋਬਾਈਲ ਨੰ 8360376675 'ਤੇ ਸੰਪਰਕ ਕਰ ਸਕਦਾ ਹੈ। ਇਸ ਮੌਕੇ ਸ਼ਹੀਦ ਭਗਤ ਸਿੰਘ ਚੈਰੀਟੇਬਲ ਸੋਸਾਇਟੀ (ਟ੍ਰੇਨਿੰਗ ਪ੍ਰੋਵਾਈਡਰ) ਦਾ ਸਟਾਫ ਤੇ ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋ ਸੁਮਿਤ ਸ਼ਰਮਾ ਅਤੇ ਰਾਜ ਕੁਮਾਰ ਮੌਜੂਦ ਸਨ।

## ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ 'ਚ ਝੋਨੇ ਦੀ ਆਮਦ 12 ਲੱਖ 22 ਹਜ਼ਾਰ ਮੀਟ੍ਰਿਕ ਟਨ ਹੋਈ : ਡਿਪਟੀ ਕਮਿਸ਼ਨਰ

**ਆਜ਼ਾਦ ਸੋਚ, ਪਟਿਆਲਾ, 14 ਨਵੰਬਰ:**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੀਆਂ ਮੰਡੀਆਂ 'ਚ ਝੋਨੇ ਦੀ ਚੱਲ ਰਹੀ ਖਰੀਦ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਜਿਣਸ ਦੀ ਖਰੀਦ ਦਾ ਕੰਮ ਲਗਭਗ ਮੁਕੰਮਲ ਹੋਣ ਨੇੜੇ ਹੈ ਅਤੇ ਹੁਣ ਲਿਫ਼ਟਿੰਗ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਅਤੇ ਅਗਲੇ ਦੋ ਦਿਨਾਂ ਅੰਦਰ ਲਿਫ਼ਟਿੰਗ ਦਾ ਕੰਮ ਮੁਕੰਮਲ ਕਰ ਲਿਆ ਜਾਵੇ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਬੀਤੇ ਦਿਨ ਤੱਕ 12 ਲੱਖ 22 ਹਜ਼ਾਰ 553 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ ਅਤੇ ਇਸ ਵਿੱਚੋਂ ਹੁਣ ਤੱਕ 12 ਲੱਖ 2 ਹਜ਼ਾਰ 459 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦ ਕੀਤੇ ਗਏ ਝੋਨੇ ਦੀ ਕਿਸਾਨਾਂ ਨੂੰ 2800 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ ਅਤੇ ਖਰੀਦ ਕੀਤੇ ਝੋਨੇ ਵਿੱਚੋਂ 11 ਲੱਖ 65 ਹਜ਼ਾਰ 911 ਮੀਟ੍ਰਿਕ ਟਨ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਖ਼ਰੀਦੇ ਗਏ ਝੋਨੇ ਵਿਚੋਂ ਪਨਗਰੇਨ ਵੱਲੋਂ 549194 ਮੀਟਰਿਕ ਟਨ, ਮਾਰਕਫੈੱਡ ਵੱਲੋਂ 296628 ਮੀਟਰਿਕ ਟਨ, ਪਨਸਪ ਵੱਲੋਂ 232319 ਮੀਟਰਿਕ ਟਨ, ਪੰਜਾਬ ਰਾਜ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 140067 ਅਤੇ ਐਫ.ਸੀ.ਆਈ. ਵੱਲੋਂ 3225 ਮੀਟਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਗਈ ਹੈ। ਜਦਕਿ ਵਾਪਰੀਆਂ ਵੱਲੋਂ ਹੁਣ ਤੱਕ 900 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ।

# ਬਿਮਾਰੀਆਂ ਤੋਂ ਦੂਰ ਰੱਖਦੇ ਹਨ ਮਸਾਲੇ

**ਅਨੂਪ ਮਿਸ਼ਰਾ**

ਆਪਣੀ ਨਿੱਜੀ ਜ਼ਿੰਦਗੀ ਵਿਚ ਅਸੀਂ ਸਾਰੇ ਹਮੇਸ਼ਾ ਕਿਸੇ ਨਾ ਕਿਸੇ ਰੋਗ ਤੋਂ ਪੀੜਤ ਰਹਿੰਦੇ ਹਾਂ, ਚਾਹੇ ਉਹ ਕਬਜ਼, ਭੁੱਖ ਨਾ ਲੱਗਣਾ, ਦਮਾ ਜਾਂ ਦਿਲ ਨਾਲ ਸਬੰਧਤ ਬਿਮਾਰੀ ਹੀ ਕਿਉਂ ਨਾ ਹੋਵੇ। ਇਨ੍ਹਾਂ ਬਿਮਾਰੀਆਂ ਨੂੰ ਠੀਕ ਕਰਨ ਲਈ ਸਾਨੂੰ ਚੰਗੇ-ਖਾਸੇ ਪੈਸੇ ਵੀ ਖਰਚ ਕਰਨੇ ਪੈਂਦੇ ਹਨ ਪਰ ਉਨ੍ਹਾਂ ਨਾਲ ਵੀ ਕੋਈ ਫਰਕ ਨਹੀਂ ਪੈਂਦਾ। ਇਸ ਲਈ ਅਸੀਂ ਤੁਹਾਨੂੰ ਦੱਸਣਾ ਚਾਹਾਂਗੇ ਕਿ ਸਾਡੀ ਰਸੋਈ ਵਿਚ ਵੀ ਕੁਝ ਅਜਿਹੀ ਸਮੱਗਰੀ ਹਮੇਸ਼ਾ ਮੌਜੂਦ ਰਹਿੰਦੀ ਹੈ, ਜੋ ਦਵਾਈਆਂ ਨੂੰ ਵੀ ਫੇਲ੍ਹ ਕਰ ਸਕਦੀ ਹੈ। ਰਸੋਈ ਵਿਚ ਰੱਖੇ ਮਸਾਲੇ ਨਾ ਸਿਰਫ ਭੋਜਨ ਨੂੰ ਸਵਾਦੀ ਬਣਾਉਣ ਦੇ ਕੰਮ ਆਉਂਦੇ ਹਨ, ਸਗੋਂ ਇਹ ਸਿਹਤ ਲਈ ਵੀ ਫਾਇਦੇਮੰਦ ਮੰਨੇ ਜਾਂਦੇ ਹਨ। ਆਓ ਗੱਲ ਕਰਦੇ ਹਾਂ ਅਜਿਹੇ ਹੀ ਕੁਝ ਮਸਾਲਿਆਂ ਦੇ ਚਮਤਕਾਰੀ ਦਵਾਈਆਂ ਵਾਲੇ ਗੁਣਾਂ ਬਾਰੇ, ਜੋ ਸਾਡੇ ਸਰੀਰ ਨੂੰ ਅਨੇਕ ਬਿਮਾਰੀਆਂ ਤੋਂ ਬਚਾਉਂਦੇ ਹੋਏ ਰਾਹਤ ਦਿੰਦੇ ਹਨ-

ਅਦਰਕ : ਪੇਨ ਕਿੱਲਰ ਦੇ ਰੂਪ ਵਿਚ ਅਦਰਕ ਜੋ ਇਕ ਤੇਜ਼ ਖੁਸ਼ਬੂ ਅਤੇ ਸਵਾਦ ਵਾਲਾ ਹੁੰਦਾ ਹੈ, ਆਮ ਤੌਰ 'ਤੇ ਪੀਣ ਵਾਲੇ ਪਦਾਰਥਾਂ ਵਿਚ ਮਿਲਾ ਕੇ ਅਮਲ ਵਿਚ ਲਿਆਂਦਾ ਜਾਂਦਾ ਹੈ। ਅਦਰਕ ਆਪਣੇ ਐਂਟੀਬਾਇਓਟਿਕ ਗੁਣਾਂ ਦੇ ਕਾਰਨ ਹੀ ਸਰਦੀ, ਖਾਂਸੀ, ਜ਼ੁਕਾਮ, ਨਜ਼ਲਾ ਅਤੇ ਬੁਖਾਰ ਵਰਗੀਆਂ ਆਮ ਬਿਮਾਰੀਆਂ ਲਈ ਰਾਮਬਾਣ ਹੈ। ਇਸ ਤੋਂ ਇਲਾਵਾ ਸਾਹ ਅਤੇ ਪਾਚਣ ਸਬੰਧੀ ਬਿਮਾਰੀਆਂ ਦੇ ਨਾਲ-ਨਾਲ ਮੋਟਾਪੇ, ਦਿਲ ਦੇ ਰੋਗ, ਜੋੜਾਂ ਵਿਚ ਹੋਣ ਵਾਲੇ ਦਰਦ, ਔਰਤਾਂ ਨੂੰ ਗਰਭਪਾਤ, ਸਰਦੀ, ਖੰਘ ਆਦਿ ਜ਼ੁਕਾਮ ਵਿਚ ਵੀ ਰਾਹਤ ਦਿੰਦਾ ਹੈ।

ਹਲਦੀ : ਧਾਰਮਿਕ ਕੰਮਾਂ ਵਿਚ ਕੰਮ ਆਉਣ ਵਾਲੀ ਹਲਦੀ ਜਿੰਨੀ ਸਰੀਰ ਲਈ ਫਾਇਦੇਮੰਦ ਹੁੰਦੀ ਹੈ, ਓਨੀ ਹੀ ਚਮੜੀ ਲਈ ਵੀ। ਇਹ ਅਕਸਰ ਸੁੰਦਰਤਾ ਵਧਾਉਣ ਲਈ ਅਮਲ ਵਿਚ ਲਿਆਈ ਜਾਂਦੀ ਹੈ। ਆਰਥਰਾਈਟਿਸ, ਹਾਰਟ ਬਰਨ, ਪੇਟ ਵਿਚ ਕੀੜੇ, ਪੇਟ ਦਰਦ, ਸਿਰਦਰਦ, ਦੰਦ ਦਾ ਦਰਦ, ਤਣਾਅ, ਫੇਫੜਿਆਂ ਦੇ ਇਨਫੈਕਸ਼ਨ, ਬ੍ਰਾਂਕਾਯਟਿਸ ਆਦਿ ਰੋਗਾਂ ਵਿਚ ਵੀ ਇਹ ਇਕ ਚਮਤਕਾਰੀ ਦਵਾਈ ਦੇ ਰੂਪ ਵਿਚ ਵਰਤੀ ਜਾਂਦੀ ਹੈ।

ਲਸਣ : ਮਸਾਲੇ ਦੇ ਰੂਪ ਵਿਚ ਲਸਣ ਕੁਦਰਤੀ ਰੂਪ ਨਾਲ ਦਰਦ ਅਤੇ ਸੋਜ ਨੂੰ ਬੜੀ ਤੇਜ਼ੀ ਨਾਲ ਘੱਟ ਕਰਦਾ ਹੈ।

ਲੌਂਗ : ਲੌਂਗ ਵਿਚ ਐਂਟੀ-ਬਾਇਓਟਿਕ, ਐਂਟੀ-ਸੈਪਟਿਕ, ਐਂਟੀ-ਮਾਈਕ੍ਰੋਬਿਯਲ, ਐਂਟੀ-ਫੰਗਲ ਅਤੇ ਐਂਟੀ-ਵਾਇਰਲ ਆਦਿ ਸਾਰੇ ਗੁਣ ਹਨ, ਜੋ ਅਲੱਗ-ਅਲੱਗ ਪ੍ਰੇਸ਼ਾਨੀਆਂ ਜਿਵੇਂ ਦੰਦ ਦਰਦ, ਸਿਰਦਰਦ ਅਤੇ ਦਮਾ ਆਦਿ ਬਿਮਾਰੀਆਂ ਤੋਂ ਬਚਾਈ ਰੱਖਦੇ ਹਨ। ਏਨਾ ਹੀ ਨਹੀਂ, ਸਾਡੇ ਖੂਨ ਵਿਚ ਮੌਜੂਦ ਅਸ਼ੁੱਧੀਆਂ ਨੂੰ ਦੂਰ ਕਰਨ ਅਤੇ ਪਾਚਣ ਤੰਤਰ ਨੂੰ ਦਰੁਸਤ ਕਰਨ ਵਿਚ ਵੀ ਇਹ ਕਾਫੀ ਕਾਰਗਰ ਹੈ। ਦੰਦ ਦਰਦ ਤੋਂ ਬਚਣ ਲਈ ਲੌਂਗ ਦੇ ਤੇਲ ਦੀ ਵਰਤੋਂ ਅਕਸਰ ਲੋਕਾਂ ਦੁਆਰਾ ਕੀਤੀ ਜਾਂਦੀ ਹੈ। ਆਪਣੇ ਐਂਟੀ-ਸੈਪਟਿਕ ਗੁਣਾਂ ਕਾਰਨ ਹੀ ਅਸੀਂ ਇਸ ਨੂੰ ਇਕ ਬਿਹਤਰ ਮਾਊਥਵਾਸ਼ ਦੇ ਰੂਪ ਵਿਚ ਦੇਖਦੇ ਹਾਂ। ਇਹੀ ਨਹੀਂ, ਚਿਹਰੇ ਦੇ ਮੁਹਾਸਿਆਂ ਨੂੰ ਦੂਰ ਕਰਨ ਵਿਚ ਵੀ ਇਹ ਆਪਣੀ ਇਕ ਅਹਿਮ ਭੂਮਿਕਾ ਅਦਾ ਕਰਦਾ ਹੈ।

ਅਜ਼ਵਾਇਣ : ਸਵਾਦ ਅਤੇ ਪਾਚਕ ਅਜ਼ਵਾਇਣ ਹਮੇਸ਼ਾ ਸੁਗੰਧ ਅਤੇ ਸਰੀਰ ਨੂੰ ਤੰਦਰੁਸਤ ਬਣਾਈ ਰੱਖਣ ਵਿਚ ਅੱਵਲ ਹੈ। ਇਸ ਵਿਚ ਮੌਜੂਦ ਐਂਟੀ-ਆਕਸੀਡੈਂਟ ਦਿਮਾਗ ਲਈ ਕਿਸੇ ਦਵਾਈ ਤੋਂ ਘੱਟ ਨਹੀਂ ਹੈ। ਇਹ ਭੁੱਖ ਅਤੇ ਪਾਚਣ ਸ਼ਕਤੀ ਵਿਚ ਵਾਧਾ ਕਰਦੇ ਹੋਏ ਪੇਟ ਸਬੰਧੀ ਅਨੇਕ ਰੋਗ ਜਿਵੇਂ ਗੈਸ, ਬਦਹਜ਼ਮੀ, ਕਬਜ਼ ਆਦਿ ਨੂੰ ਦੂਰ ਕਰਨ ਵਿਚ ਬਹੁਤ ਲਾਭਦਾਇਕ ਹੈ। ਅਜ਼ਵਾਇਣ ਸ਼ੂਗਰ ਰੋਗੀਆਂ ਨੂੰ ਫੰਗਲ ਇਨਫੈਕਸ਼ਨ ਤੋਂ ਵੀ ਬਚਾਉਂਦੀ ਹੈ।

ਧਨੀਆ : ਡਾਕਟਰਾਂ ਦੇ ਸ਼ਬਦਾਂ ਮੁਤਾਬਿਕ ਸਾਬਤ ਧਨੀਏ ਵਿਚ ਬਲੱਡ ਸ਼ੂਗਰ ਨੂੰ ਕੰਟਰੋਲ ਕਰਨ ਦੀ ਅਦਭੁੱਤ ਸਮਰੱਥਾ ਹੁੰਦੀ ਹੈ। ਇਸ ਦੇ ਬੀਜਾਂ ਵਿਚ ਐਂਟੀ-ਆਕਸੀਡੈਂਟ, ਮਿਨਰਲ, ਵਿਟਾਮਿਨ 'ਏ', 'ਸੀ' ਅਤੇ ਆਇਰਨ ਹੁੰਦਾ ਹੈ, ਜੋ ਕਿ ਅਨੀਮੀਆ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਉਣ, ਕੈਂਸਰ ਵਰਗੇ ਵੱਡੇ ਰੋਗ ਨਾਲ ਲੜਨ ਵਿਚ ਕਾਫੀ ਮਦਦਗਾਰ ਹੈ।

ਮੇਥੀ : ਸਵਾਦ ਅਤੇ ਸੁੰਦਰਤਾ ਵਧਾਉਣ ਵਿਚ ਸਰਬਸ੍ਰੇਸ਼ਠ ਮੇਥੀ ਦੀ ਵਰਤੋਂ ਕੈਂਸਰ ਰੋਧਕ ਤੱਤ ਦੇ ਕਾਰਨ ਸ਼ੂਗਰ, ਉੱਚ ਖੂਨ ਦਬਾਅ ਅਤੇ ਪੇਟ ਸਬੰਧੀ ਸਮੱਸਿਆ ਤੋਂ ਛੁਟਕਾਰੇ ਲਈ ਕੀਤੀ ਜਾਂਦੀ ਹੈ।

# ਬੱਚਿਆਂ ਲਈ ਖ਼ਤਰਨਾਕ ਹੋ ਸਕਦਾ ਹੈ ਨਮਕ

ਕੁਝ ਮਨੋਵਿਗਿਆਨੀਆਂ ਅਨੁਸਾਰ ਕੁਝ ਨਵੇਂ ਜਨਮੇ ਬੱਚਿਆਂ ਵਿਚ ਨਮਕ ਦੀ ਥੋੜ੍ਹੀ ਜਿਹੀ ਵੀ ਜ਼ਿਆਦਾ ਮਾਤਰਾ ਨਾਲ ਉਨ੍ਹਾਂ ਦਾ ਖੂਨ ਦਾ ਦਬਾਅ ਆਮ ਬੱਚਿਆਂ ਨਾਲੋਂ ਬਹੁਤ ਜ਼ਿਆਦਾ ਵਧ ਜਾਂਦਾ ਹੈ।

ਅਮਰੀਕਨ ਹਾਰਟ ਐਸੋਸੀਏਸ਼ਨ ਦੇ ਡਾਕਟਰਾਂ ਨੇ ਇਕ ਖੋਜ ਵਿਚ ਇਹ ਪਤਾ ਲਗਾਇਆ ਹੈ ਕਿ ਕੁਝ ਨਵਜਨਮੇ ਬੱਚਿਆਂ ਨੂੰ ਨਮਕ ਖਾਣਾ ਬਹੁਤ ਚੰਗਾ ਲਗਦਾ ਹੈ ਪਰ ਇਹ ਉਨ੍ਹਾਂ ਲਈ ਬਹੁਤ ਹੀ ਖ਼ਤਰਨਾਕ ਸਿੱਧ ਹੋ ਸਕਦਾ ਹੈ। ਇਸ ਨਾਲ ਉਨ੍ਹਾਂ ਨੂੰ ਉੱਚ ਖੂਨ ਦਬਾਅ ਦੀ ਬਿਮਾਰੀ ਬਚਪਨ ਤੋਂ ਹੀ ਹੋ ਜਾਂਦੀ ਹੈ।

ਡਾਕਟਰਾਂ ਦਾ ਇਹ ਵੀ ਮੰਨਣਾ ਹੈ ਕਿ ਇਹ ਬਿਮਾਰੀ ਅਕਸਰ ਉਨ੍ਹਾਂ ਬੱਚਿਆਂ ਨੂੰ ਹੁੰਦੀ ਹੈ, ਜਿਨ੍ਹਾਂ ਦੇ ਪਰਿਵਾਰ ਵਿਚ ਵੱਡੇ ਬਜ਼ੁਰਗ ਇਸ ਬਿਮਾਰੀ ਤੋਂ ਪੀੜਤ ਹੁੰਦੇ ਹਨ। ਉਨ੍ਹਾਂ ਅਨੁਸਾਰ ਇਸ ਤਰ੍ਹਾਂ ਦੇ ਬੱਚਿਆਂ ਵਿਚ ਜਦੋਂ ਥੋੜ੍ਹੇ ਜਿਹੇ ਵੱਡੇ ਹੋਣ 'ਤੇ ਸਿਰਦਰਦ ਦੀ ਸ਼ਿਕਾਇਤ ਹੁੰਦੀ ਹੈ ਤਾਂ ਇਸ ਦਾ ਮਤਲਬ ਇਹ ਹੈ ਕਿ ਉਨ੍ਹਾਂ ਨੂੰ ਜ਼ਿੰਦਗੀ ਭਰ ਆਪਣਾ ਖੂਨ ਦਾ ਦਬਾਅ ਠੀਕ ਰੱਖਣ ਲਈ ਲੂਣ ਤੋਂ ਪ੍ਰਹੇਜ਼ ਕਰਨਾ ਪਵੇਗਾ।

ਹਾਲਾਂਕਿ ਕੁਝ ਵਿਦਵਾਨਾਂ ਦੇ ਅਨੁਸਾਰ ਨਮਕ ਨਾਲ ਬੱਚਿਆਂ ਦੇ ਖੂਨ ਦੇ ਦਬਾਅ ਵਿਚ ਕਿਸੇ ਤਰ੍ਹਾਂ ਦਾ ਕੋਈ ਵਾਧਾ ਨਹੀਂ ਹੁੰਦਾ ਪਰ ਡਾਕਟਰਾਂ ਨੇ ਉਨ੍ਹਾਂ ਦੀ ਗੱਲ ਨੂੰ ਗ਼ਲਤ ਠਹਿਰਾ ਦਿੱਤਾ ਹੈ। ਹਸਪਤਾਲ ਵਿਚ ਕਰੀਬ 234 ਨਵੇਂ ਜਨਮੇ ਬੱਚਿਆਂ 'ਤੇ ਕੀਤੇ ਗਏ ਆਪਣੇ ਨਿਰੀਖਣ ਤੋਂ ਬਾਅਦ ਤਿਆਰ ਰਿਪੋਰਟ ਨਾਲ ਮਨੋਚਿਕਿਤਸਕਾਂ ਨੇ ਇਹ ਦੱਸਿਆ ਕਿ ਕਿਸ ਤਰ੍ਹਾਂ ਇਨ੍ਹਾਂ ਬੱਚਿਆਂ ਨੂੰ ਪੈਦਾ ਹੋਣ ਦੇ ਕੁਝ ਦਿਨ ਬਾਅਦ ਉਨ੍ਹਾਂ ਨੂੰ ਨਮਕ ਦਿੱਤਾ ਅਤੇ ਫਿਰ ਇਕ ਹਫ਼ਤੇ ਬਾਅਦ ਦੁਬਾਰਾ ਦਿੱਤਾ। ਦੋਵੇਂ ਵਾਰ ਬੱਚਿਆਂ ਦਾ ਖੂਨ ਦਾ ਦਬਾਅ ਉਨ੍ਹਾਂ ਦੇ ਨਮਕ ਖਾਣ ਤੋਂ ਬਾਅਦ ਨਾਪਿਆ ਗਿਆ, ਜਿਸ ਨੂੰ ਦੇਖ ਕੇ ਇਹ ਪੂਰੀ ਤਰ੍ਹਾਂ ਸਪੱਸ਼ਟ ਹੋ ਗਿਆ ਕਿ ਜਿਨ੍ਹਾਂ ਬੱਚਿਆਂ ਨੂੰ ਨਮਕ ਖਾਣਾ ਚੰਗਾ ਲਗਦਾ ਹੈ, ਉਨ੍ਹਾਂ ਦੀ ਹਾਲਤ ਬਚਪਨ ਤੋਂ ਹੀ ਖਰਾਬ ਹੋਣੀ ਸ਼ੁਰੂ ਹੋ ਜਾਂਦੀ ਹੈ ਅਤੇ




ਫਿਰ ਹੌਲੀ-ਹੌਲੀ ਉਨ੍ਹਾਂ ਦਾ ਖੂਨ ਦਾ ਦਬਾਅ ਆਮ ਬੱਚਿਆਂ ਨਾਲੋਂ ਜ਼ਿਆਦਾ ਹੁੰਦਾ ਜਾਂਦਾ ਹੈ।

**ਸਪਨਾ ਜੈਨ**

# ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸ਼ਹੀਦ ਭਗਤ ਸਿੰਘ ਨਗਰ ਦੇ ਨਵੇਂ ਚੁਣੇ ਪੰਚਾਂ ਨੂੰ ਚੁਕਾਈ ਸਹੁੰ

**ਆਜ਼ਾਦ ਸੋਚ, ਤੇਜ ਪ੍ਰਕਾਸ਼ ਖਾਸਾ, ਨਵਾਂਸ਼ਹਿਰ, 19 ਨਵੰਬਰ :**

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਅੱਜ ਨਵਾਂਸ਼ਹਿਰ ਵਿਖੇ ਵਿਸ਼ਾਲ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਦੌਰਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀਆਂ 466 ਪੰਚਾਇਤਾਂ ਦੇ ਨਵੇਂ ਚੁਣੇ ਗਏ 2822 ਪੰਚਾਂ ਨੂੰ ਸਹੁੰ ਚੁਕਾਈ ਗਈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਗਏ ਇਸ ਸ਼ਾਨਦਾਰ ਸਮਾਗਮ ਦੌਰਾਨ ਉਨ੍ਹਾਂ ਨਵੇਂ ਚੁਣੇ ਗਏ ਪੰਚਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਪਿੰਡਾਂ ਦੀ ਖੁਸ਼ਹਾਲੀ, ਸਰਵਪੱਖੀ ਵਿਕਾਸ ਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਮਜ਼ਬੂਤ ਕਰਨ ਦਾ ਦਿੱਤਾ ਸੱਦਾ। ਉਨ੍ਹਾਂ ਕਿਹਾ ਕਿ ਪੰਚਾਇਤ ਮੈਂਬਰ, ਆਪਣੀ ਸਰਗਰਮ ਭੂਮਿਕਾ ਨਾਲ ਪਿੰਡਾਂ ਦੀ ਕਾਇਆ ਕਲਪ ਕਰਕੇ ਇਨ੍ਹਾਂ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਪਹੁੰਚਾ ਸਕਦੇ ਹਨ। ਉਨ੍ਹਾਂ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੰਚਾਇਤਾਂ ਨੂੰ ਹਰ ਨੇਕ ਕੰਮ ਲਈ ਪੂਰਾ ਸਹਿਯੋਗ ਦੇਵੇਗੀ।ਉਨ੍ਹਾਂ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਵੱਡੀ ਗਿਣਤੀ ਵਿਚ ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਹਨ ਅਤੇ ਜਿਥੇ ਚੋਣਾਂ ਹੋਈਆਂ ਹਨ, ਉਹ ਵੀ ਸ਼ਾਂਤਮਈ, ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹੀਆਂ ਹਨ। ਇਸ ਦੇ ਲਈ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਵਾਸੀ ਵਧਾਈ ਦੇ ਪਾਤਰ ਹਨ। ਉਨ੍ਹਾਂ ਪੰਚਾਂ ਨੂੰ ਕਿਹਾ ਕਿ ਲੋਕਾਂ ਨੇ ਜਿਨ੍ਹਾਂ ਆਸਾਂ-ਉਮੀਦਾਂ ਨਾਲ ਉਨ੍ਹਾਂ ਨੂੰ ਚੁਣਿਆ ਹੈ, ਉਹ ਆਉਣ ਵਾਲੇ ਸਮੇਂ ਵਿਚ ਉਨ੍ਹਾਂ 'ਤੇ ਪੂਰੇ ਉਤਰਨਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਪੰਚਾਇਤਾਂ ਨੂੰ 'ਲੋਕਤੰਤਰ ਦੇ ਥੰਮ੍ਹ' ਵਜੋਂ ਜਾਣਿਆ ਜਾਂਦਾ ਹੈ ਕਿਉਂਕਿ ਲੋਕਾਂ ਕੋਲ ਅਥਾਹ ਸ਼ਕਤੀ ਹੁੰਦੀ ਹੈ ਅਤੇ ਪੰਚਾਇਤ ਦੇ



ਫ਼ੈਸਲੇ ਨੂੰ ਪੂਰਾ ਪਿੰਡ ਸਤਿਕਾਰ ਨਾਲ ਮੰਨਦਾ ਹੈ। ਉਨ੍ਹਾਂ ਕਿਹਾ ਕਿ ਪੰਚਾਇਤਾਂ ਸੂਬਾ ਸਰਕਾਰ ਦੀਆਂ ਲੋਕ ਪੱਖੀ ਅਤੇ ਵਿਕਾਸਮੁਖੀ ਸਕੀਮਾਂ ਦੇ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਪ੍ਰੇਰਕ ਵਜੋਂ ਕੰਮ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਨੀਤੀਆਂ ਬਣਾਈਆਂ ਜਾਂਦੀਆਂ ਹਨ ਅਤੇ ਇਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿਚ ਸਰਪੰਚਾਂ-ਪੰਚਾਂ ਦੀ ਵੱਡੀ ਭੂਮਿਕਾ ਹੁੰਦੀ ਹੈ। ਉਨ੍ਹਾਂ ਸਮੂਹ ਪੰਚਾਂ ਨੂੰ ਆਪਣੇ ਸਰਪੰਚਾਂ ਦੀ ਅਗਵਾਈ ਵਿਚ ਅੱਜ ਤੋਂ ਹੀ ਵਿਕਾਸ ਕਾਰਜਾਂ ਲਈ ਸਮਰਪਿਤ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਪੰਚਾਇਤ ਮੈਂਬਰਾਂ ਨੂੰ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ। ਉਨ੍ਹਾਂ ਪੰਚਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨ ਲਈ ਵੀ ਕਿਹਾ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਕੀਤੀਆਂ ਜਾ ਰਹੀਆਂ ਨਿਵੇਕਲੀਆਂ ਪਹਿਲਕਦਮੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਾਲ ਹੀ ਵਿਚ 'ਨਵੀਂ ਉਡਾਣ - ਸੁਪਨਾ ਦੀ ਸਵਾਰੀ' ਤਹਿਤ ਜ਼ਿਲ੍ਹੇ ਦੇ ਅਖ਼ਬਾਰਾਂ ਵੰਡਣ ਵਾਲਿਆਂ ਨੂੰ ਨਵੇਂ ਸਾਈਕਲ ਦੇ ਕੇ ਸਨਮਾਨਿਤ ਕਰਨਾ ਇਕ ਬੇਹੱਦ ਸ਼ਲਾਘਾਯੋਗ ਉਪਰਾਲਾ ਹੈ। ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਧਾਇਕ ਬਲਾਚੌਰ ਸੰਤੋਸ਼ ਕਟਾਰੀਆ, ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ, ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ, ਐਸ.ਐਸ.ਪੀ ਡਾ. ਮਹਿਤਾਬ ਸਿੰਘ, ਪੰਜਾਬ ਤਕਨੀਕੀ ਸਿੱਖਿਆ ਬੋਰਡ ਦੇ ਉੱਪ ਚੇਅਰਮੈਨ ਲਲਿਤ ਮੋਹਨ ਪਾਠਕ 'ਬੱਲੂ', ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕਾਰਪੋਰੇਸ਼ਨ ਦੇ ਉੱਪ ਚੇਅਰਮੈਨ ਕੁਲਜੀਤ ਸਿੰਘ ਸਰਹਾਲ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸਤਨਾਮ ਸਿੰਘ ਜਲਵਾਹਾ ਚੇਅਰਮੈਨ ਮਾਰਕੀਟ ਕਮੇਟੀ ਗਗਨ ਅਗਨੀਹੋਤਰੀ, ਹਰਜੋਤ ਕੌਰ ਲੋਹਟੀਆ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਜੀਵ ਵਰਮਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ, ਐਸ.ਡੀ.ਐਮ ਬਲਾਚੌਰ ਪ੍ਰੀਤ ਇੰਦਰ ਸਿੰਘ ਬੈਂਸ, ਡੀ.ਡੀ.ਪੀ.ਓ ਨਿਧੀ ਸਿਨਹਾ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਪਤਵੰਤੇ ਹਾਜ਼ਰ ਸਨ।

# ਨਗਰ ਕੌਂਸਲ ਚੋਣਾਂ ਲਈ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਦਾ ਪ੍ਰੋਗਰਾਮ ਜਾਰੀ

**ਆਜ਼ਾਦ ਸੋਚ, ਤੇਜ ਪ੍ਰਕਾਸ਼ ਖਾਸਾ, ਨਵਾਂਸ਼ਹਿਰ, 19 ਨਵੰਬਰ:**

ਰਾਜ ਚੋਣ ਕਮਿਸ਼ਨ ਵੱਲੋਂ ਨਗਰ ਨਿਗਮ, ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਸਬੰਧੀ ਮਿਤੀ 1 ਨਵੰਬਰ 2024 ਨੂੰ ਵੋਟਰਾਂ ਦੀ ਯੋਗਤਾ ਆਧਾਰ ਮਿਤੀ ਮੰਨਦੇ ਹੋਏ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਦਾ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ।



ਇਹ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣਕਾਰ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਨੇ ਦੱਸਿਆ ਕਿ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਲਈ 25 ਨਵੰਬਰ, 2024 ਤੱਕ ਦਾਅਵੇ ਤੇ ਇਤਰਾਜ਼ ਦਰਜ਼ ਕਰਵਾਏ ਜਾ ਸਕਦੇ ਹਨ ਜਦੋਂ ਕਿ ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 3 ਦਸੰਬਰ, 2024 ਤੱਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 7 ਦਸੰਬਰ, 2024 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਚੋਣਾਂ ਲਈ ਨਵੀਆਂ ਵੋਟਾਂ ਬਣਾਉਣ ਜਾਂ ਵੋਟਾਂ ਕਟਵਾਉਣ ਸਬੰਧੀ 20 ਅਤੇ 21 ਨਵੰਬਰ ਨੂੰ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੀ ਨਗਰ ਕੌਂਸਲ ਬਲਾਚੌਰ ਦੇ 15 ਵਾਰਡਾਂ ਲਈ ਚੋਣ ਹੋਣੀ ਹੈ। ਉਨ੍ਹਾਂ ਦੱਸਿਆ ਕਿ ਇਸ ਵਾਸਤੇ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਸਬੰਧੀ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਦਾਅਵੇ ਤੇ ਇਤਰਾਜ਼ਾਂ ਦਾ ਨਿਪਟਾਰਾ ਕਰਕੇ ਵੋਟਰ ਸੂਚੀਆਂ ਨਿਸਚਿਤ ਮਿਤੀ 'ਤੇ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ।

# ਸਾਦਿਕ ਵਿਖੇ ਮੁਫ਼ਤ ਅਯੁਸ਼ਮਾਨ ਕਾਰਡ ਬਣਾਏ ਗਏ, ਲੋਕਾਂ ਨੇ ਲਿਆ ਲਾਭ

**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 19 ਨਵੰਬਰ :**



ਪੰਜਾਬ ਸਰਕਾਰ ਵੱਲੋਂ ਜਿਥੇ ਹਰ ਜਗਾ ਤੇ 5 ਲੱਖ ਵਾਲਾ ਮੁਫ਼ਤ ਅਯੁਸ਼ਮਾਨ ਕਾਰਡ ਬਣਾਏ ਜਾ ਰਹੇ ਹਨ ਉਥੇ ਸਾਦਿਕ ਵਿਖੇ ਵੀ ਬਾਬਾ ਸਾਦਿਕ ਸ਼ਾਹ ਮਾਰਕੀਟ ਵਿੱਚ ਪੰਕਜ ਵਰਮਾ ਸੀ.ਐਸ.ਸੀ.ਵੀ.ਐਲ.ਈ ਅਤੇ ਗੁਰਜੰਟ ਸਿੰਘ ਸੀ.ਐਸ.ਸੀ, ਬੀ.ਐਲ.ਈ ਵੱਲੋਂ ਲੋਕਾਂ ਦੇ ਬਹੁਤ ਹੀ ਪਿਆਰੇ ਤਰੀਕੇ ਨਾਲ ਮੁਫ਼ਤ ਕਾਰਡ ਬਣਾਏ ਗਏ। ਇਸ ਮੌਕੇ ਗੱਲਬਾਤ ਦੌਰਾਨ ਸੁਰਿੰਦਰ ਕੁਮਾਰ ਸੇਠੀ ਪ੍ਰਧਾਨ ਵਪਾਰ ਮੰਡਲ ਸਾਦਿਕ, ਗੁਰਪ੍ਰੀਤ ਕੁਮਾਰ ਗੋਰਾ ਪ੍ਰਧਾਨ ਕਰ ਭਲਾ ਹੋ ਭਲਾ ਕਲੱਬ ਸਾਦਿਕ, ਕਾਲਾ ਬਜਾਜ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਸਾਦਿਕ, ਮਨਦੀਪ ਸੰਧੂ, ਬਲਜਿੰਦਰ ਢੁੱਲਰ ਅਤੇ ਸੰਜੀਵ ਪਟਵਾਰੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਆਗੂ ਅਰਸ਼ ਸੱਚਰ ਦੇ ਯਤਨਾ ਸਦਕਾ ਇਕ ਦਿਨ ਲਈ ਮੁਫ਼ਤ ਅਯੁਸ਼ਮਾਨ ਕਾਰਡ ਕੈਂਪ ਲਗਾਇਆ ਗਿਆ ਹੈ ਜਿਸ ਵਿੱਚ ਅਨੇਕਾਂ ਲੋਕਾਂ ਨੇ ਆਪਣੇ ਕਾਰਡ ਬਣਾਏ। ਉਹਨਾਂ ਦੱਸਿਆ ਕਿ ਇਹ ਕਾਰਡ ਬਣਾਉਣ ਲਈ ਲੋਕਾਂ ਨੂੰ ਪਹਿਲਾਂ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਮੌਜੂਦਾ ਸਰਕਾਰ ਦਾ ਮੁੱਖ ਮਕਸਦ ਹੈ ਕਿ ਲੋਕਾਂ ਨੂੰ ਘਰ ਬੈਠਿਆਂ ਹੀ ਸਭ ਸਹੂਲਤ ਮਿਲੇ। ਉਹਨਾਂ ਕਿਹਾ ਕਿ ਕੁਝ ਦਿਨਾਂ ਬਾਅਦ ਇਹ ਕੈਂਪ ਦੁਆਰਾ ਫਿਰ ਲਗਾਇਆ ਜਾਵੇਗਾ ਤਾਂ ਜੋ ਰਹਿੰਦੇ ਕਾਰਡ ਬਣਾਏ ਜਾਣ। ਇਸ ਮੌਕੇ ਲੋਕਾਂ ਨੇ ਮੁਫ਼ਤ ਕਾਰਡ ਬਣਾਉਣ ਦਾ ਭਾਰੀ ਲਾਭ ਲਿਆ ਉਹਨਾਂ ਪੰਜਾਬ ਸਰਕਾਰ ਅਤੇ ਅਰਸ਼ ਸੱਚਰ ਦਾ ਧੰਨਵਾਦ ਕੀਤਾ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੰਦਾਂ ਦਾ ਫਰੀ ਚੈੱਕਅਪ ਅਤੇ ਸ਼ੂਗਰ ਜਾਂਚ ਕੈਂਪ 24 ਨੂੰ

**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ, 19 ਨਵੰਬਰ:**




ਅਲਾਇੰਸ ਕਲੱਬ ਇੰਟਰਨੈਸ਼ਨਲ ਸ਼੍ਰੀ ਅਨੰਦਪੁਰ ਸਾਹਿਬ ਵੱਲੋਂ ਆਸਰਾ ਫਾਊਂਡੇਸ਼ਨ ਸ੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੰਦਾਂ ਦਾ ਫਰੀ ਚੈੱਕਅਪ ਅਤੇ ਸ਼ੂਗਰ ਜਾਂਚ ਕੈਂਪ 24 ਨਵੰਬਰ ਦਿਨ ਐਤਵਾਰ ਨੂੰ ਦੁਪਹਿਰ 3 ਵਜੇ ਤੋਂ ਸ਼ਾਮ 5 ਵਜੇ ਤੱਕ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਜੀ ਮੈਮੋਰੀਅਲ ਡੈਂਟਲ ਕਲੀਨਿਕ ਐਂਡ ਇਮਪਲਾਂਟ ਸੈਂਟਰ ਨੇੜੇ ਗੁਰਦੁਆਰਾ ਹਰੀਆਂ ਵੇਲਾਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਅਲਾਇੰਸ ਕਲੱਬ ਇੰਟਰਨੈਸ਼ਨਲ ਸ਼੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਦਵਿੰਦਰਪਾਲ ਸਿੰਘ ਅਤੇ ਆਸਰਾ ਫਾਊਂਡੇਸ਼ਨ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਮਾ. ਸੰਜੀਵ ਧਰਮਾਨੀ ਨੇ ਦੱਸਿਆ ਕਿ ਇਸ ਕੈਂਪ ਵਿੱਚ ਜਿਥੇ ਦੰਦਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦੇ ਦੰਦਾਂ ਦਾ ਚੈੱਕ ਅਪ ਕਰਨਗੇ ਉੱਥੇ ਹੀ ਮਰੀਜ਼ਾਂ ਦੀ ਸ਼ੂਗਰ ਦੀ ਜਾਂਚ ਵੀ ਕੀਤੀ ਜਾਵੇਗੀ। ਇਸ ਮੌਕੇ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਸਾਬਕਾ ਗਵਰਨਰ ਡਾ.ਹਰਦਿਆਲ ਸਿੰਘ ਪੰਨੂ ਅਤੇ ਅਸਿਸਟੈਂਟ ਗਵਰਨਰ ਪ੍ਰੋ਼ਫ਼:ਹਰਦੀਪ ਸਿੰਘ ਨੇ ਦੱਸਿਆ ਕਿ ਅਲਾਇੰਸ ਕਲੱਬ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿਚ ਆਪਣੀਆਂ ਗਤੀਵਿਧੀਆਂ ਕਰਦਾ ਆ ਰਿਹਾ ਹੈ ਇਸੇ ਤਹਿਤ ਇਹ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇ ਕਲੱਬ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਰਤਨ ਨੇ ਇਲਾਕੇ ਦੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਕੈਂਪ ਦਾ ਲਾਭ ਉਠਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਅਵਤਾਰ ਸਿੰਘ, ਮਹਿੰਦਰ ਮੋਹਨ ਸਿੰਘ, ਸੁਖਵਿੰਦਰ ਸਿੰਘ ਬਿੱਟੂ, ਗੁਰਪ੍ਰੀਤਮ ਸਿੰਘ, ਆਤਮਾ ਸਿੰਘ ਘੱਟੀਵਾਲ ਆਦਿ ਹਾਜ਼ਰ ਸਨ।

# ਗੰਗਾ ਡਿਗਰੀ ਕਾਲਜ ਦੇ ਵਿਦਿਆਰਥੀਆਂ ਦਾ ਨਤੀਜਾ ਸੌ ਫੀਸਦੀ ਰਿਹਾ







**ਆਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 19 ਨਵੰਬਰ :**

ਗੰਗਾ ਡਿਗਰੀ ਕਾਲਜ ਢਾਬੀ ਗੁੱਜਰਾਂ ਦਾ ਨਤੀਜਾ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸ਼ਾਨਦਾਰ ਰਿਹਾ।ਪੰਜਾਬੀ ਯੂਨੀਵਰਸਿਟੀ ਪਟਿਆਲਾ ਵਲੋਂ ਘੋਸ਼ਿਤ ਨਤੀਜਿਆਂ ਵਿੱਚੋ ਬੀ.ਕਾਮ ਭਾਗ ਦੂਜਾ ਦੇ ਸਮੈਸਟਰ ਚੌਥੇ ਦਾ ਨਤੀਜਾ ਸੌ ਪ੍ਰਤੀਸ਼ਤ ਰਿਹਾ। ਬੀ.ਕਾਮ ਭਾਗ ਤੀਜੇ ਕਲਾਸ ਦੇ ਵਿਦਿਆਰਥੀਆਂ ਵਿੱਚੋ ਮਹਿਕ ਸਪੁੱਤਰੀ ਸੁਖਵਿੰਦਰ ਰਾਮ ਨੇ 500 ਵਿਚ 401 ਅੰਕ ਲੈਕੇ ਪਹਿਲਾ ਸਥਾਨ, ਜਸਨੀਤ ਕੌਰ ਸਪੁੱਤਰੀ ਗੁਰਮੁੱਖ ਸਿੰਘ ਨੇ 500 ਵਿੱਚੋਂ 395 ਅੰਕ ਲੈਕੇ ਦੂਜਾ ਸਥਾਨ ਅਤੇ ਪ੍ਰਿੰਕਜੀਤ ਕੌਰ ਸਪੁੱਤਰੀ ਬਲਵਿੰਦਰ ਸਿੰਘ ਨੇ 500 ਵਿੱਚੋਂ 392 ਅੰਕ ਲੈਕੇ ਤੀਜਾ ਸਥਾਨ ਹਾਸਲ ਕੀਤਾ ਹੈ।ਬੀ.ਕਾਮ ਭਾਗ ਤੀਜੇ ਕਲਾਸ ਦੇ ਸਮੂਹ ਵਿਦਿਅਰਥੀਆਂ ਨੇ 70 ਫੀਸਦੀ ਤੋਂ ਉੱਪਰ ਅੰਕ ਲੈਕੇ ਸੰਸਥਾ,ਮਾਪਿਆਂ ਅਤੇ ਪੂਰੇ ਇਲਾਕੇ ਦਾ ਮਾਣ ਵਧਾਇਆ ਹੈ।

ਸੰਸਥਾ ਦੇ ਚੇਅਰਮੈਨ ਮਾਣਯੋਗ ਸ.ਗੁਰਲਾਡ ਸਿੰਘ ਕਾਹਲੋਂ ,ਵਾਈਸ ਚੇਅਰਪਰਸਨ ਮੈਡਮ ਗੀਨਾ ਕੌਰ ਚੀਮਾ ਅਤੇ ਕਾਲਜ ਦੇ ਪ੍ਰਿੰਸੀਪਲ ਡ.ਸੁਮਨ ਮਿੱਤਲ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਸਮੂਹ ਵਿਦਿਅਰਥੀਆਂ, ਸਟਾਫ਼ ਅਤੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਾਲਜ਼ ਦੇ ਬਾਕੀ ਵਿਦਿਅਰਥੀਆਂ ਨੂੰ ਵੀ ਪ੍ਰੇਰਣਾ ਲੈਂਦੇ ਹੋਏ ਅੱਗੇ ਤੋਂ ਹੋਰ ਮਿਹਨਤ ਕਰਨ ਦਾ ਸੁਨੇਹਾ ਦਿੱਤਾ ਅਤੇ ਵਿਦਿਆਰਥੀਆਂ ਦੇ ਸੁਨਿਹਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸ੍ਰੀ ਅਨੰਦਪੁਰ ਸਾਹਿਬ ਵਿੱਚ ਲੁੱਟ ਦੀ ਹੋਈ ਵੱਡੀ ਵਾਰਦਾਤ ਹਥਿਆਰਾਂ ਨਾਲ ਹਮਲਾ ਕਰਕੇ ਸਵਾਰੀ ਨੇ ਟੈਕਸੀ ਖੋਹੀ

**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ,19ਨਵੰਬਰ :**

ਬੀਤੇ 17 ਨਵੰਬਰ ਦੀ ਅੱਧੀ ਰਾਤ ਨੂੰ ਸ੍ਰੀ ਅਨੰਦਪੁਰ ਸਾਹਿਬ ਤੋਂ ਮੰਦਰ ਸ੍ਰੀ ਨੈਣਾ ਦੇਵੀ ਨੂੰ ਜਾਂਦੀ ਸੜਕ ਉੱਪਰ ਇੱਕ ਲੁੱਟ ਦੀ ਵੱਡੀ ਵਾਰਦਾਤ ਹੋਈ, ਜਿਸ ਵਿੱਚ ਟੈਕਸੀ ਸਵਾਰਾਂ ਵੱਲੋਂ ਟੈਕਸੀ ਡਰਾਈਵਰ ਦੇ ਉੱਪਰ ਜਾਣਲੇਵ ਹਥਿਆਰਾਂ ਨਾਲ ਹਮਲਾ ਕਰਕੇ ਜਿੱਥੇ ਡਰਾਈਵਰ ਨੂੰ ਗੰਭੀਰ ਜਖਮੀ ਕਰ ਦਿੱਤਾ ਗਿਆ ਉਥੇ ਹੀ ਹਮਲਾਵਾਰ ਉਸ ਦੀ ਕਾਰ ਵੀ ਖੋਹ ਕੇ ਲੈ ਗਏ। ਹਮਲੇ ਵਿੱਚ ਗੰਭੀਰ ਜ਼ਖਮੀ ਹੋਏ ਅਤੇ ਸਥਾਨਕ ਭਾਈ ਜੈਤਾ ਜੀ ਸਿਵਲ ਹਸਪਤਾਲ ਵਿੱਚ ਦਾਖਲ ਟੈਕਸੀ ਡਰਾਈਵਰ ਜਸਪ੍ਰੀਤ ਪੁੱਤਰ ਰੇਸ਼ਮ ਲਾਲ ਵਾਸੀ ਜਲੰਧਰ ਸ਼ਹਿਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਪਿਛਲੇ ਅੱਠ ਸਾਲ ਤੋਂ ਟੈਕਸੀ ਡਰਾਈਵਰ ਵਜੋਂ ਕੰਮ ਕਰ ਰਿਹਾ ਹੈ। ਬੀਤੇ ਦਿਨੀ ਦੁਪਹਿਰ ਦੇ ਸਮੇਂ ਇੱਕ ਨੌਜਵਾਨ ਅਤੇ ਇੱਕ ਲੜਕੀ ਜਿਸ ਨੂੰ ਉਕਤ ਲੜਕਾ ਆਪਣੀ ਭੈਣ ਦੱਸ ਰਿਹਾ ਸੀ, ਜਲੰਧਰ ਵਿਖੇ ਟੈਕਸੀ ਸਟੈਂਡ ਦੇ ਉੱਪਰ ਉਸਦੇ ਕੋਲ ਆਏ ਅਤੇ ਮੰਦਿਰ ਸ੍ਰੀ ਨੈਣਾ ਦੇਵੀ ਵਿਖੇ ਮੱਥਾ ਟੇਕਣ ਲਈ ਚੱਲਣ ਲਈ ਕਿਹਾ। ਉਸਨੇ ਦੱਸਿਆ ਕਿ ਰੇਟ ਤੈਅ ਹੋਣ ਉਪਰੰਤ ਉਹ ਆਪਣੀ ਹੁੰਡਾਈ ਔਰਾ ਕਾਰ ਜਿਸਦਾ ਨੰਬਰ ਪੀ ਬੀ 01 ਈ 3707 ਹੈ ਵਿੱਚ ਸਵਾਰ ਹੋ ਕੇ ਸ਼ਾਮ ਦੇ ਤਕਰੀਬਨ 9 ਵਜੇ ਮੰਦਿਰ ਸ੍ਰੀ ਨੈਣਾ ਦੇਵੀ ਵੱਲ ਚੱਲ ਪਏ। ਰਾਤ ਤਕਰੀਬਨ



12:30 ਵਜੇ ਜਦੋਂ ਉਹ ਸ੍ਰੀ ਅਨੰਦਪੁਰ ਸਾਹਿਬ ਤੋਂ ਕੁਝ ਕਿਲੋਮੀਟਰ ਅੱਗੇ ਪਿੰਡ ਜੱਜਰ ਦੇ ਕੋਲ ਪਹੁੰਚੇ ਤਾਂ ਉਸ ਦੇ ਨਾਲ ਬੈਠੇ ਸਵਾਰੀ ਨੌਜਵਾਨ ਨੇ ਉਸ ਦੇ ਉੱਪਰ ਤਿੱਖੇ ਹਥਿਆਰ ਨਾਲ ਹਮਲਾ ਕਰ ਦਿੱਤਾ ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜਖਮੀ ਹੋ ਗਿਆ। ਜਦੋਂ ਉਸ ਨੇ ਵੀ ਸਵਾਰੀ ਨਾਲ ਹੱਥੋਪਾਈ ਹੋਣ ਦੀ ਕੋਸ਼ਿਸ਼ ਕੀਤੀ ਤਾਂ ਉਕਤ ਹਮਲਾਵਰ ਨੌਜਵਾਨ ਨੇ ਅੱਗੋਂ ਰਿਵਾਲਵਰ ਕੱਢ ਲਿਆ ਜਿਸ ਤੋਂ ਬਾਅਦ ਮੈਂ ਡਰ ਕੇ ਪਿੱਛੇ ਹੋ ਗਿਆ ਅਤੇ ਉਕਤ ਹਮਲਾਵਰ ਨੌਜਵਾਨ ਅਤੇ ਉਸਦੇ ਨਾਲ ਵਾਲੀ ਲੜਕੀ ਮੇਰੀ ਕਾਰ ਲੈ ਕੇ ਉਥੋਂ ਦੌੜ ਗਏ ਅਤੇ ਮੈਂ ਉੱਥੇ ਹੀ ਬੇਹੋਸ਼ ਹੋ ਕੇ ਡਿੱਗ ਪਿਆ। ਕੁਝ ਸਮੇਂ ਬਾਅਦ ਮੈਨੂੰ ਜਦੋਂ ਹੋਸ਼ ਆਈ ਤਾਂ ਮੈਂ ਉਥੋਂ ਲੰਘ ਰਹੇ ਇੱਕ ਵਹੀਕਲ ਨੂੰ ਹੱਥ ਦਿੱਤਾ ਜਿਸ ਵਿੱਚ ਮੈਂ ਸਵਾਰ ਹੋ ਕੇ ਸ੍ਰੀ ਆਨੰਦਪੁਰ ਸਾਹਿਬ ਦੇ ਸਿਵਲ ਹਸਪਤਾਲ ਵਿੱਚ ਪਹੁੰਚਿਆ ਜਿੱਥੇ ਮੈਂ ਅਜੇ ਵੀ ਜੇਰੇ ਇਲਾਜ ਹਾਂ। ਜਖਮੀ ਡਰਾਈਵਰ ਜਸਪ੍ਰੀਤ ਨੇ ਇਹ ਵੀ ਦੱਸਿਆ ਕਿ ਉਕਤ ਹਮਲਾਵਰ ਲੜਕਾ ਅਤੇ ਲੜਕੀ ਆਪਣੇ ਆਪ ਨੂੰ ਅਮਰੀਕਾ ਤੋਂ ਆਏ ਦੱਸ ਰਹੇ ਸਨ ਅਤੇ ਉਹਨਾਂ ਦੋਨਾਂ ਨੇ ਮੂੰਹ ਦੇ ਉੱਪਰ ਮਾਸਕ ਵੀ ਪਾਏ ਹੋਏ ਸਨ ਅਤੇ ਮਾਸਕ ਪਾਉਣ ਦਾ ਕਾਰਨ ਉਹਨਾਂ ਪ੍ਰਦੂਸ਼ਣ ਨੂੰ ਦੱਸਿਆ ਸੀ। ਇਸ ਵਾਪਰੀ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ ਅਤੇ ਇਲਾਕੇ ਵਿੱਚ ਵਿਗੜ ਚੁੱਕੀ ਅਮਨ ਕਾਨੂੰਨ ਦੀ ਸਥਿਤੀ ਕਾਰਨ ਲੋਕਾਂ ਵਿੱਚ ਭਾਰੀ ਰੋਸ ਵੀ ਹੈ।

ਕੀ ਕਹਿਣਾ ਹੈ ਡੀਐਸਪੀ ਦਾ-

ਜਦੋਂ ਇਸ ਸਬੰਧੀ ਡੀਐਸਪੀ ਅਜੇ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਪੁਲਿਸ ਵੱਲੋਂ ਉਕਤ ਹਮਲਾਵਰਾਂ ਨੂੰ ਪੱਟੀ ਜਿਲ੍ਹਾ ਤਰਨਤਾਰਨ ਤੋਂ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਵਿਧਾਇਕ ਜਸਵੀਰ ਰਾਜਾ ਨੇ ਦਸ਼ਮੇਸ਼ ਨਗਰ ਟਾਂਡਾ ਵਿਖੇ ਲੱਖਾਂ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

**ਆਜ਼ਾਦ ਸੋਚ, ਤੇਜਿੰਦਰ ਸਿੰਘ, ਟਾਂਡਾ ਉੜਮੁੜ, 19 ਨਵੰਬਰ:**

ਪੰਜਾਬ ਦੀ ਮੌਜੂਦਾ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ ਵਾਸਤੇ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਦਸ਼ਮੇਸ਼ ਨਗਰ ਟਾਂਡਾ ਵਿਖੇ ਕੀਤੇ




ਜਾ ਰਹੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਸਮੇਂ ਕੀਤਾ।ਇਸ ਮੌਕੇ ਉਨਾਂ ਨਾਲ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਕੌਂਸਲਰ ਹਰਕ੍ਰਿਸ਼ਨ ਸੈਣੀ, ਕੌਂਸਲਰ ਸੁਰਿੰਦਰ ਕੁਮਾਰ ਬਿੱਲੂ, ਜਸਵਿੰਦਰ ਸੰਧੂ ,ਮੀਨਾ ਕੁਮਾਰੀ, ਕੌਂਸਲਰ ਸੁਮਨ ਖੋਸਲਾ ਕੌਂਸਲਰ ਮੰਜੂ ਬਾਲਾ, ਸੋਨੂ ਖੰਨਾ, ਪ੍ਰੇਮ, ਪਡਵਾਲ, ਈ.ਓ ਟਾਂਡਾ ਰਾਮ ਪ੍ਰਕਾਸ਼, ਏ.ਐਮ.ਈ ਗੁਰਵਿੰਦਰ ਸਿੰਘ, ਐਸ.ਓ ਕੁਲਦੀਪ ਸਿੰਘ ਘੁੰਮਣ ਵੀ ਵਿਸ਼ੇਸ਼ ਤੌਰ ਤੇ ਹਾਜਰ ਸਨ।

ਇਸ ਮੌਕੇ ਵਿਧਾਇਕ ਜਸਵੀਰ ਰਾਜਾ ਨੇ ਵਾਰਡ ਨੰਬਰ 8 ਕਰੀਬ 14 ਲੱਖ ਰੁਪਏ ਦੀ ਲਾਗਤ ਨਾਲ ਵਾਲੀ ਦਸ਼ਮੇਸ਼ ਨਗਰ ਦੀ ਮੁੱਖ ਸੰਪਰਕ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਅਤੇ ਦੱਸਿਆ ਕਿ ਨਗਰ ਕੌਂਸਲ ਟਾਂਡਾ ਦੀ ਦੇਖ-ਰੇਖ ਹੇਠ ਹੋ ਰਹੇ ਵਿਕਾਸ ਕਾਰਜਾਂ ਦੌਰਾਨ ਦੌਰਾਨ ਇਸ ਤੋਂ ਇਲਾਵਾ 14.32 ਲੱਖ ਰੁਪਏ ਦੀ ਲਾਗਤ ਨਾਲ ਗਲੀ ਦਾ ਨਿਰਮਾਣ ਕਾਰਜ ਅਤੇ 13.71 ਲੱਖ ਰੁਪਏ ਦੀ ਲਾਗਤ ਨਾਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨੂੰ ਜਾਂਦੀ ਗਲੀ ਦੇ ਨਿਰਮਾਣ ਕਾਰਜ ਕੀਤੇ ਵੀ ਜਾਣਗੇ।ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਹੋਰ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਅੱਜ ਸੂਬੇ ਦੇ ਹਰੇਕ ਖੇਤਰ ਵਿੱਚ ਤਰੱਕੀ ਹੋਈ ਹੈ ਅਤੇ ਇਸ ਤਰੱਕੀ ਕਾਰਨ ਹੀ ਸੂਬਾ ਪੰਜਾਬ ਇੱਕ ਵਾਰ ਫਿਰ ਤੋਂ ਰੰਗਲਾ ਪੰਜਾਬ ਬਣ ਰਿਹਾ ਹੈ।ਇਸ ਮੌਕੇ ਉਨਾਂ ਵਾਰਡ ਨੰਬਰ 8 ਦਸਮੇਸ਼ ਨਗਰ ਟਾਂਡਾ ਦੇ ਨਿਵਾਸੀਆਂ ਦੀਆਂ ਵੱਖ-ਵੱਖ ਮੁਸ਼ਕਿਲਾਂ ਵੀ ਸੁਣੀਆਂ ਅਤੇ ਹਰੇਕ ਮੁਸ਼ਕਿਲ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਵਿਧਾਇਕ ਜਸਵੀਰ ਰਾਜਾ ਸ੍ਰੀ ਗੁਰੂ ਰਵਿਦਾਸ ਭਵਨ ਵੱਲੋਂ 1 ਕਰੋੜ ਰੁਪਏ ਦੀ ਲਾਗਤ ਨਾਲ ਖਰੀਦੇ ਗਏ ਪਲਾਟ ਦਾ ਨਿਰੀਖਣ ਕੀਤਾ ਤੇ ਉੱਥੇ ਬਣਨ ਵਾਲੀ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਾਸਤੇ ਪ੍ਰਬੰਧਕ ਸੇਵਾਦਾਰਾਂ ਨਾਲ ਵਿਸ਼ੇਸ਼ ਤੌਰ ਤੇ ਵਿਚਾਰ ਵਟਾਂਦਰਾ ਕੀਤਾ।ਇਸ ਮੌਕੇ ਜਗਦੀਸ਼ ਕੁਮਾਰ ਰਿੰਕਾ ,ਮਨਦੀਪ ਕੁਮਾਰ ਦੀਪਾ, ਕੁੰਲਦੀਪ ਸਿੰਘ, ਡਾ: ਬਲਵਿੰਦਰ ਸਿੰਘ, ਬਲਜੀਤ ਸੈਣੀ,ਪ੍ਰੇਮ ਜੈਨ, ਸੁਰਿੰਦਰ ਸਿੰਘ ਭਾਟੀਆ, ਡਾ: ਗੁਰਜੀਤ ਕੁਮਾਰ ,ਜਗਦੀਸ਼ ਲਾਲ,ਇੰਦਰਜੀਤ ਸਿੰਘ, ਗੁਰਮੀਤ ਲਾਲ, ਗੁਰਦੀਪ ਸਿੰਘ, ਜਸਪਾਲ ਰਾਏ ਕਾਕਾ, ਕਰਤਾਰ ਚੰਦ, ਹਰਪ੍ਰੀਤ ਸਿੰਘ ਹੈਪੀ,ਸਤਪਾਲ ਸਿੰਘ ,ਦਿਨਸ਼ ਚੰਦਰ , ਬਬਲਾ ਸੈਣੀ, ਨੰਬਰਦਾਰ ਹਰਿੰਦਰ ਕਲੋਟੀ, ਨਰਿੰਦਰ ਸਿੰਘ, ਚਮਨ ਲਾਲ,ਵਿਪਨ ਕੁਮਾਰ ,ਜੋਗਿੰਦਰ ਲਾਲ ਸੰਧੂ ਆਦਿ ਵੀ ਹਾਜਰ ਸਨ।

# ਨਸ਼ੀਲੀਆਂ ਗੋਲੀਆਂ ਬਰਾਮਦ, ਇੱਕ ਕਾਬੂ



**ਆਜ਼ਾਦ ਸੋਚ, ਗੌਰਵ ਕਾਲੜਾ, ਬਠਿੰਡਾ, 19 ਨਵੰਬਰ :**

ਮੈਡਮ ਅਮਨੀਤ ਕੌਂਡਲ, ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਿਸ, ਬਠਿੰਡਾ ਦੇ ਦਿਸ਼ਾ ਨਿਰਦੇਸਾ ਅਨੁਸਾਰ ਨਸ਼ੇ ਦਾ ਧੰਦਾਂ ਕਰਨ ਵਾਲੇ ਮਾੜੇ ਅਨਸਰਾਂ ਤੇ ਨਕੇਲ ਕਸਣ ਲਈ ਜਿਲ੍ਹਾ ਬਠਿੰਡਾ ਅੰਦਰ ਵੱਖ ਵੱਖ ਮੁਹਿੰਮਾਂ ਚਲਾਈਆ ਜਾ ਰਹੀਆਂ ਹਨ। ਜਿਸਦੇ ਤਹਿਤ ਮੈਡਮ ਹਿਨਾ ਗੁਪਤਾ ਪੀਪੀਐਸ ਡੀਐਸਪੀ ਬਠਿੰਡਾ ਦਿਹਾਤੀ ਦੀ ਨਿਗਰਾਨੀ ਹੇਠ ਮਿਤੀ 18,19/11/2024 ਦੀ ਦਰਮਿਆਨੀ ਰਾਤ ਨੂੰ ਇੰਚਾਰਜ ਚੌਕੀ ਏਮਜ, ਬਠਿੰਡਾ ਵੱਲੋਂ ਸਮੇਤ ਪੁਲਿਸ ਪਾਰਟੀ ਦੇ ਬਾਹੱਦ ਮੇਨ ਰੋਡ ਮੇਨ ਗੇਟ ਏਮਜ ਹਸਪਤਾਲ ਬਠਿੰਡਾ ਪਰ ਨਾਕਾਬੰਦੀ ਕੀਤੀ ਗਈ ਸੀ। ਦੌਰਾਨੇ ਨਾਕਾਬੰਦੀ ਇੱਕ ਕਾਰ ਮਾਰੂਤੀ ਏ-ਸਟਾਰ ਰੰਗ ਚਿੱਟਾ ਨੰਬਰੀ 4* 332) 4643 ਡੱਬਵਾਲੀ ਪਾਸਿਓਂ ਆਉਂਦੀ ਦਿਖਾਈ ਦਿੱਤੀ, ਜਿਸਨੂੰ ਸ਼ੱਕ ਦੇ ਅਧਾਰ ਪਰ ਰੋਕਿਆ ਗਿਆ। ਦੌਰਾਨੇ ਚੈਕਿੰਗ ਪਾਇਆ ਗਿਆ ਕਿ ਗੱਡੀ ਉਕਤ ਨੂੰ ਕੁਲਵਿੰਦਰ ਸਿੰਘ ਪੁੱਤਰ ਬੂਟਾ ਸਿੰਘ ਪੁੱਤਰ ਜਗਰਾਜ ਸਿੰਘ ਵਾਸੀ ਸੀਰ ਥਾਣਾ ਕਾਲਿਆਂਵਾਲੀ ਜਿਲਾ ਸਿਰਸਾ, ਹਰਿਆਣਾ ਚਲਾ ਰਿਹਾ ਸੀ। ਜਿਸ ਦੀ ਗੱਡੀ ਦੀ ਤਲਾਸ਼ੀ ਕਰਨ ਪਰ ਉਸਦੀ ਗੱਡੀ ਵਿੱਚ ਕੁੱਲ 13,000/- ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ।ਦੋਸ਼ੀ ਨੂੰ ਮਾਣਯੋਗ ਅਦਾਲਤ ਵਿਚ ਪੇਸ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ। ਜਿਸ ਤੋਂ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਗ਼ਾਲਿਬ ਇੰਸਟੀਚਿਊਟ, ਨਵੀਂ ਦਿੱਲੀ ਤੋਂ ਮੈਡਮ ਬਿਮਲਾ ਤੇ ਧਰਮ ਪਾਲ ਨੇ ਉਰਦੂ ਦਾ ਪੇਪਰ ਪਾਸ ਕਰ ਕੇ ਪੂਰੇ ਭਾਰਤ ਵਿੱਚੋਂ 7ਵਾਂ 'ਤੇ 8ਵਾਂ ਸਥਾਨ ਪ੍ਰਾਪਤ ਕੀਤਾ

**ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 19 ਨਵੰਬਰ :**

ਭਾਰਤ ਸਰਕਾਰ ਦੇ ਸਭਿਆਚਾਰ ਮੰਤਰਾਲੇ ਦੇ ਸਹਿਯੋਗ ਨਾਲ ਗ਼ਾਲਿਬ ਇੰਸਟੀਚਿਊਟਸ, ਨਵੀਂ ਦਿੱਲੀ ਵੱਲੋਂ ਸਰਟੀਫਿਕੇਟ ਵੰਡ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਨੂੰ ਡਾ. ਇਦਰਿਸ ਅਹਿਮਦ ਡਾਇਰੈਕਟਰ ਗ਼ਾਲਿਬ ਇੰਸਟੀਚਿਊਟ ਨਵੀਂ ਦਿੱਲੀ, ਪ੍ਰੋਫੈਸਰ ਸਾਦਿਕ- ?ਰ-ਰਹਿਮਾਨ ਕਿਦਵਈ ਸਕੱਤਰ ਗ਼ਾਲਿਬ ਇੰਸਟੀਚਿਊਟ, ਮੁੱਖ ਮਹਿਮਾਨ ਡਾ. ਐੱਸ ਫਾਰੂਕ ਪ੍ਰਧਾਨ ਹਿਮਾਲਿਆ ਡਰੱਗ, ਵਿਸ਼ੇਸ਼ ਮਹਿਮਾਨ ਡਾ ਸੋਹੇਬ ਰਜਾ ਖਾਨ ਵਰਸੀ ਅਸਿਸਟੈਂਟ ਡਾਇਰੈਕਟਰ, ਏ.ਸੀ.ਏ.ਡੀ, ਐਂਨ.ਆਈ.ਓ.ਐੱਸ ਅਤੇ ਸ੍ਰੀ ਤਾਹਿਰ-ਉਲ-ਹਸਨ ਉਰਦੂ ਅਤੇ ਫਾਰਸੀ ਅਧਿਆਪਕ ਵੱਲੋਂ ਸਰਟੀਫਿਕੇਟ





ਵੰਡੇ ਗਏ । ਇੱਥੇ ਇਹ ਜ਼ਿਕਰਯੋਗ ਹੈ ਕਿ ਇਸ ਅਧਿਆਪਕ ਜੋੜੀ ਵਿੱਚੋਂ ਸ਼੍ਰੀ ਮਤੀ ਬਿਮਲਾ ਸਰਕਾਰੀ ਪ੍ਰਾਇਮਰੀ ਸਕੂਲ ਪੰਜਗਰਾਈਂ ਕਲਾਂ ਮੇਨ ਅਤੇ ਸ਼੍ਰੀ ਧਰਮ ਪਾਲ ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਥੇਹ ਵਾਲੇ, ਬਲਾਕ ਕੋਟਕਪੂਰਾ, ਜ਼ਿਲ੍ਹਾ ਫ਼ਰੀਦਕੋਟ ਵਿਖੇ ਬਤੌਰ ਈ.ਟੀ.ਟੀ ਟੀਚਰ ਸੇਵਾਵਾਂ ਨਿਭਾ ਰਹੇ ਹਨ। ਦੋਵੇਂ ਸਕੂਲਾਂ ਦੇ ਮੁਖੀ ਸ. ਧਰਮਹਿੰਦਰ ਸਿੰਘ, ਸ੍ਰੀ ਮਤੀ ਸ਼ੁਸਮਾ ਰਾਣੀ ਅਤੇ ਸਮੂਹ ਸਟਾਫ਼ ਸ. ਜਸਵਿੰਦਰ ਸਿੰਘ, ਕਰਮ ਸਿੰਘ, ਦੀਪਕ ਰਾਏ ਗਰਗ, ਹਰਵਿੰਦਰ ਸਿੰਘ, ਗੁਰਜਿੰਦਰ ਸਿੰਘ, ਅਨੀਤਾ ਰਾਣੀ, ਤੇਜਿੰਦਰ ਕੌਰ, ਕਰਮਜੀਤ ਕੌਰ, ਵਰਸ਼ਾ ਰਾਣੀ, ਆਦਰਸ਼ ਕੌਰ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਇਸ ਅਧਿਆਪਕ ਜੋੜੀ ਨੂੰ ਵਧਾਈ ਦਿੱਤੀ ਗਈ।

# ਸਰਸਵਤੀ ਵਿਦਿਆ ਮੰਦਿਰ ਨੂੰ ਮਿਲਿਆ ਬੈਸਟ ਸਕੂਲ ਦਾ ਨੈਸ਼ਨਲ ਐਵਾਰਡ



**ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ,19 ਨਵੰਬਰ :**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸਰਸਵਤੀ ਵਿਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਕਰਵਾਏ ਜਾ ਰਹੇ ਨੈਸ਼ਨਲ ਐਵਾਰਡ ਲਈ ਚੁਣੇ ਗਏ ਹਨ ਇਸ ਵਾਰੇ ਜ਼ਿਆਦਾ ਜਾਣਕਾਰੀ ਦਿੰਦੇ ਸਕੂਲ ਪ੍ਰਿੰਸੀਪਲ ਮੈਡਮ ਕਮਲ ਗੋਇਲ ਨੇ ਦੱਸਿਆ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਸਰਸਵਤੀ ਵਿੱਦਿਆ ਮੰਦਰ ਸਕੂਲ ਨੂੰ ਬੈਸਟ ਸਕੂਲ ਦਾ ਅਵਾਰਡ ਪ੍ਰਦਾਨ ਕੀਤਾ ਗਿਆ ਹੈ ਅਤੇ ਸਰਵੋਤਮ ਪ੍ਰਿੰਸੀਪਲ ਅਵਾਰਡ-1,ਗੋਲਡਨ ਪ੍ਰਿੰਸੀਪਲ ਅਵਾਰਡ-1,ਸਰਵੋਤਮ ਪ੍ਰੇਰਨਾਦਾਇਕ ਅਧਿਆਪਕ ਅਵਾਰਡ - 2, ਸਰਵੋਤਮ ਖੇਡ ਕੋਚ ਪੁਰਸਕਾਰ - 1,ਸਰਵੋਤਮ ਖੇਡ ਪ੍ਰਾਪਤੀ ਪੁਰਸਕਾਰ - 4 ਵਿਦਿਆਰਥੀ,ਮੈਗਾ ਓਲੰਪੀਆ ਕੰਬੈਟ ਚੈਂਪੀਅਨ ਅਵਾਰਡ - 2 ਵਿਦਿਆਰਥੀ, ਸਮੇਤ ਕੁੱਲ 11 ਅਵਾਰਡ 11 ਦਿੱਤੇ ਗਏ ਹਨ। ਉਹਨਾਂ ਦੱਸਿਆ ਕਿ ਸਕੂਲ ਦੇ ਚਾਰ ਵਿਦਿਆਰਥੀ ਨਵਨੀਤ ਕੌਰ, ਨਵਨੀਤ ਸਿੰਘ, ਇਸ਼ਿਤਾ ਸ਼ਰਮਾ ਅੰਸ਼ਿਕਾ ਦੀ ਚੋਣ ਨੈਸ਼ਨਲ ਸਪੋਰਟਸ ਅੱਚੀਵਮੈਂਟ ਐਵਾਰਡ ਲਈ ਹੋਈ ਹੈ ਇਸ ਤੋਂ ਇਲਾਵਾ ਫੇਪ ਵੱਲੋਂ ਸਕੂਲਾ ਵਿਚ ਰਾਸ਼ਟਰੀ ਪੱਧਰ ਤੇ ਮੈਗਾ ਔਲਾਪੀਡ ਐਮ ਓ ਸੀ -2024 ਕਰਵਾਇਆ ਗਿਆ ਜਿਸ ਛੇਵੀਂ ਕਲਾਸ ਦੀ ਵਿਦਿਆਰਥਣ ਸ੍ਰੇਆ ਨੇ ਰਾਸਟਰੀ ਪੱਧਰ ਤੇ ਸਾਇੰਸ ਵਿੱਚੋ ਪਹਿਲੀ ਤੇ ਮਨਸੀਰਤ ਕੌਰ ਨੇ ਜੀ.ਕੇ ਵਿਸੇ ਵਿੱਚੋ ਰਾਸਟਰੀ ਪੱਧਰ ਤੇ ਪਹਿਲੀ ਪੁਜੀਸਨ ਹਾਸਲ ਕਰਕੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ । ਇਸ ਸ਼ਾਨਦਾਰ ਪ੍ਰਾਪਤੀ ਲਈ ਸਕੂਲ ਚੇਅਰਮੈਨ ਡਾ. ਭੀਮ ਸੈਨ ਕਾਂਸਲ ਨੇ ਵਿਦਿਆਰਥੀਆਂ,ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ।ਇਸ ਮੌਕੇ ਜੋਸ਼ੀ ਸਰ,ਸਵੀਨਾ,ਸੰਦੀਪ ਸ਼ਰਮਾ, ਗੁਰਜੰਟ ਕੌਰ,ਮੋਨਾ ਰਾਣੀ, ਜੋਤੀ ਸ਼ਰਮਾ,ਮੈਡਮ ਪ੍ਰਾਚੀ, ਮਨਪ੍ਰੀਤ ਕੌਰ, ਹਰਮੀਤ ਕੌਰ, ਗੀਤਾ ਰਾਣੀ, ਦੀਪਿਕਾ ਰਾਣੀ,ਕਮਲੇਸ਼ ਰਾਣੀ, ਅਮਨਦੀਪ ਕੌਰ,ਗੁਰਪ੍ਰੀਤ ਕੌਰ, ਤਜਿੰਦਰ ਕੌਰ,ਮਨਮੀਤ ਕੌਰ,ਸੰਦੀਪ ਸਿੰਘ,ਸ਼ਿਵ ਕੁਮਾਰ,ਸੰਜੀਵ ਕੁਮਾਰ ਆਦਿ ਹਾਜ਼ਰ ਸਨ।

# ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਤਿੰਨ ਰੋਜਾ 68ਵੀਂ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ 21 ਤੋਂ

**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ 19 ਨਵੰਬਰ:**

ਖਾਲਸਾ ਪੰਥ ਦੀ ਜਨਮ ਭੂਮੀ ਅਤੇ ਪਵਿੱਤਰ ਨਗਰੀ ਸ੍ਰੀ ਆਨੰਦਪੁਰ ਸਾਹਿਬ ਦੇ ਐਸ ਜੀ ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਚੀਫ ਖਾਲਸਾ ਦੀਵਾਨ ਵੱਲੋਂ 21 ਤੋਂ 23 ਨਵੰਬਰ ਤੱਕ ਤਿੰਨ ਰੋਜਾ 68ਵੀਂ ਵਿਸ਼ਵ ਸਿੱਖ ਵਿਦਿਅੱਕ ਕਾਨਫਰੰਸ ਕਰਵਾਈ ਜਾ ਰਹੀ ਹੈ। ਜਿਸ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚੀਫ ਖਾਲਸਾ ਦੀਵਾਨ ਸੁਸਾਇਟੀ ਦੇ ਪ੍ਰਧਾਨ ਅਤੇ ਸਾਬਕਾ ਕੈਬਨਟ ਮੰਤਰੀ ਡਾਕਟਰ ਇੰਦਰਵੀਰ ਸਿੰਘ ਨਿੱਝਰ ਨੇ ਕੀਤਾ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਪੰਜਾਬੀ ਭਾਸ਼ਾ ਨੂੰ ਸਮਰਪਿਤ ਇਸ ਕਾਨਫਰੰਸ ਦਾ ਆਗਾਜ਼ 21 ਨਵੰਬਰ ਨੂੰ ਸਵੇਰੇ 7.30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅਰਦਾਸ ਕਰਨ ਉਪਰੰਤ ਹੋਵੇਗਾ। ਜਿਸ ਤੋਂ ਬਾਅਦ ਜੁਗੋ ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਇਕ ਵਿਸ਼ਾਲ ਨਗਰ ਕੀਰਤਨ ਕੱਢਿਆ ਜਾਵੇਗਾ। ਜੋ ਕਿ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਤੋਂ 9.30 ਵਜੇ ਸਵੇਰੇ ਸ਼ੁਰੂ ਹੋ ਕੇ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਖਾਲਸਾ ਸਕੂਲ ਵਿਖੇ ਸਮਾਪਤ ਹੋਵੇਗਾ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਦੁਪਹਿਰ 2 ਵਜੇ ਨੁਮਾਇਸ਼ਾਂ ਦਾ ਉਦਘਾਟਨ ਅਤੇ ਉਹਨਾਂ ਦੀ ਪ੍ਰਦਰਸ਼ਨੀ ਹੋਵੇਗੀ ।ਉਪਰੰਤ ਬੈਂਡ ਅਤੇ ਗਤਕਾ ਟੀਮਾਂ ਵੱਲੋਂ ਆਪਣਾ ਪ੍ਰਦਰਸ਼ਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸੇ ਦਿਨ ਸ਼ਾਮੀ 6 ਵਜੇ ਤੋਂ ਸਕੂਲ ਕੈਂਪਸ ਵਿਖੇ ਇੱਕ ਮਹਾਨ ਅਲੌਕਿਕ ਕੀਰਤਨ ਦਰਬਾਰ ਹੋਵੇਗਾ ।ਜਿਸ ਵਿੱਚ ਕਾਨਫਰੰਸ ਦੀ ਪ੍ਰਧਾਨਗੀ ਕਰਨ ਵਾਲੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ, ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ



ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ ।ਜਦੋਂ ਕਿ ਪੰਥ ਦੇ ਨਾਮੀ ਕੀਰਤਨ ਜਥੇ ਭਾਈ ਬਲਵਿੰਦਰ ਸਿੰਘ ਰੰਗੀਲਾ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ, ਹਜੂਰੀ ਰਾਗੀ ਭਾਈ ਹਰਜੋਤ ਸਿੰਘ ਜਖਮੀ, ਬੀਬੀ ਪ੍ਰਭਜੋਤ ਕੌਰ, ਆਦਿ ਦੇ ਜਥੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਨਗੇ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਦੂਜੇ ਦਿਨ 22 ਨਵੰਬਰ ਨੂੰ ਸਵੇਰੇ 9 ਵਜੇ ਤੋਂ ਸੈਮੀਨਾਰਾਂ ਦੀ ਸ਼ੁਰੂਆਤ ਹੋ ਜਾਵੇਗੀ ਜੋ ਕਿ ਸ਼ਾਮੀ 8 ਵਜੇ ਤੱਕ ਚੱਲੇਗੀ ! ਇਹਨਾਂ ਸੈਮੀਨਾਰਾਂ ਵਿੱਚ ਪੰਜਾਬੀ ਭਾਸ਼ਾ ਦਾ ਇਤਿਹਾਸ ਵਰਤਮਾਨ ਅਤੇ ਭਵਿੱਖ, ਸਿੱਖਿਆ ਪ੍ਰਣਾਲੀਆਂ ਅਤੇ ਪ੍ਰਬੰਧਕੀ ਸੰਸਥਾਵਾਂ ਦੀ ਭੂਮਿਕਾ, ਨਵੀਨ ਖੇਤੀ ਦੀਆਂ ਸੰਭਾਵਨਾ ਅਤੇ ਵਾਤਾਵਰਣ ਸੰਭਾਲ, ਪੰਜਾਬ ਦੇ ਵਿਦਿਆਰਥੀਆਂ ਲਈ ਉਦਯੋਗ ਵਿੱਚ ਰੁਜ਼ਗਾਰ ਦੀਆਂ ਸੰਭਾਵਨਾਵਾਂ, ਅਜੋਕੇ ਸਮੇਂ ਵਿੱਚ ਪੱਤਰਕਾਰਤਾ ਦੀ ਭੂਮਿਕਾ ਸਮੇਤ ਕਈ ਚਲੰਤ ਵਿਸ਼ਿਆਂ ਨੂੰ ਸ਼ਾਮਿਲ ਕੀਤਾ ਗਿਆ ਹੈ। ਜੋ ਕਿ ਪੰਜਾਬ ਦੀ ਤਰੱਕੀ ਲਈ ਚੁਣੌਤੀ ਅਤੇ ਜਰੂਰੀ ਬਣੇ ਹੋਏ ਹਨ। ਦੂਜੇ ਦਿਨ ਦੇ ਅੰਤ ਵਿੱਚ ਰੋਸ਼ਨੀ ਅਤੇ ਆਵਾਜ਼ ਤੇ ਆਧਾਰਤ ਨਾਟਕ 'ਸਾਹਨੀ ਸੱਚ ਕਹਿੰਦਾ ਸੀ ...ਕਿਉਂ ਹੋਈ ਫਰਿਆਦੀ ਮਾਂ ਬੋਲੀ" ਵੀ ਵਿਖਾਇਆ ਜਾਵੇਗਾ। ਜਿਸਨੂੰ ਸੰਗਤ ਨੂੰ ਜਰੂਰ ਵੇਖਣਾ ਚਾਹੀਦਾ ਹੈ ਕਿਉਂਕਿ ਸੰਗਤ ਦੀ ਜਾਗਰੂਕਤਾ ਨਾਲ ਹੀ ਪੰਜਾਬੀ ਮਾਂ ਬੋਲੀ ਦੀ ਹੋਂਦ ਨੂੰ ਕਾਇਮ ਰੱਖਿਆ ਜਾ ਸਕਦਾ ਹੈ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਤੀਜੇ ਦਿਨ 23 ਨਵੰਬਰ ਨੂੰ ਹੋਣ ਵਾਲੇ ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਅਤੇ ਸਵਾਗਤੀ ਕਮੇਟੀ ਦੇ ਚੇਅਰਮੈਨ ਕੁਲਤਾਰ ਸਿੰਘ ਸੰਧਵਾਂ ਵਿਸ਼ੇਸ਼ ਤੌਰ ਤੇ ਪਹੁੰਚਣਗੇ।ਜੋ ਤੀਜੇ ਦਿਨ ਦੇ ਸਮਾਗਮ ਦੀ ਸ਼ੁਰੂਆਤ ਵੀ ਕਰਨਗੇ।ਇਸ ਤੋਂ ਇਲਾਵਾ ਸਮਾਗਮ ਵਿੱਚ ਪਹੁੰਚਣ ਵਾਲੀਆਂ ਸਮਾਜ ਦੇ ਰਾਜਸੀ, ਧਾਰਮਿਕ, ਸਮਾਜਿਕ ਸਮੇਤ ਵੱਖ-ਵੱਖ ਖੇਤਰਾਂ ਨਾਲ ਸੰਬੰਧਿਤ ਨਾਮਣਾ ਖੱਟਣ ਵਾਲੀਆਂ ਸ਼ਖਸੀਅਤਾਂ ਵੱਲੋਂ ਵੀ ਆਪਣੇ ਵਿਚਾਰ ਪੇਸ਼ ਕੀਤੇ ਜਾਣਗੇ ।ਜਦੋਂ ਕਿ ਇਸ ਸਮਾਗਮ ਵਿੱਚ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ,ਸੰਤ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ, ਬਾਬਾ ਦਿਲਜੀਤ ਸਿੰਘ ਸ਼ਿਕਾਗੋ, ਸੰਤ ਬਾਬਾ ਸੁੱਚਾ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਅਤੇ ਸੰਤ ਬਾਬਾ ਸਤਨਾਮ ਸਿੰਘ ਆਦਿ ਸੰਤ ਮਹਾਂਪੁਰਸ਼ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਣਗੇ। ਅੰਤਿਮ ਦਿਨ ਚੀਫ ਖਾਲਸਾ ਦੀਵਾਨ ਦੇ ਸ਼ਾਨਾ ਮੱਤੇ ਇਤਿਹਾਸ ਦੀ ਗਾਥਾ ਅਤੇ ਪ੍ਰਾਪਤੀਆਂ ਨੂੰ ਦਰਸਾਉਂਦਾ ਇੱਕ ਸੋਵਿਨਰ ਵੀ ਰਿਲੀਜ਼ ਕੀਤਾ ਜਾਵੇਗਾ। ਉਹਨਾਂ ਇਲਾਕਾ ਵਾਸੀਆਂ ਅਤੇ ਦੇਸ਼ਾਂ ਵਿਦੇਸ਼ਾਂ ਵਿੱਚ ਬੈਠੀ ਸੰਗਤ ਨੂੰ ਹੁਮ ਹੁਮਾ ਕੈ ਇਸ ਕਾਨਫਰੰਸ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।

# ਕੇਂਦਰ ਅਤੇ ਸੂਬਾ ਸਰਕਾਰ ਦੀ ਧੱਕੇਸ਼ਾਹੀ ਨਹੀਂ ਕਰਾਂਗੇ ਬਰਦਾਸ਼ਤ : ਹਰੀਗੜ੍ਹ



**ਅਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 19 ਨਵੰਬਰ:**

ਕੇਂਦਰ ਅਤੇ ਸੂਬਾ ਸਰਕਾਰ ਦੀ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਕਿਉਂਕਿ ਕੇਂਦਰ ਅਤੇ ਸੂਬਾ ਸਰਕਾਰਾਂ ਜਾਣ ਬੁਝ ਕੇ ਕਿਸਾਨਾਂ ਨੂੰ ਬਰਬਾਦ ਕਰਨ ਤੇ ਤੁਲੀਆਂ ਹੋਈਆਂ ਹਨ। ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਬਲਾਕ ਲਹਿਰਾ ਮੂਨਕ ਦੇ ਕਿਸਾਨ ਆਗੂਆਂ ਵੱਲੋਂ ਰੱਖੇ ਬਲਾਕ ਪ੍ਰਧਾਨ ਮੱਖਣ ਸਿੰਘ ਪਾਪੜਾ ਦੀ ਅਗਵਾਈ ਹੇਠ ਗੁਰਦੁਆਰਾ ਭਗਤ ਧੰਨਾ ਜੱਟ ਗੁਰੂਘਰ ਲਹਿਰਾਗਾਗਾ ਵਿਖੇ ਰੱਖੇ ਇਕੱਠ ਦੌਰਾਨ ਸੂਬਾਈ ਆਗੂ ਦਿਲਬਾਗ ਸਿੰਘ ਹਰੀਗੜ੍ਹ ਨੇ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ 23ਫਸਲਾਂ ਤੇ ਐਮ ਐਸ ਪੀ ਦੀ ਗਰੰਟੀ ਕਾਨੂੰਨ, ਕਿਸਾਨਾਂ ਮਜ਼ਦੂਰਾਂ ਦੀ ਮੁਕੰਮਲ ਕਰਜ਼ਾ ਮੁਆਫ਼ੀ ਸਮੇਤ ਕਿਸਾਨ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਚੱਲ ਰਹੇ ਕਿਸਾਨੀ ਅੰਦੋਲਨ ਦੇ 280 ਦਿਨ ਹੋ ਚੁੱਕੇ ਹਨ। ਸ਼ੰਭੂ ਤੇ ਖਨੌਰੀ ਬਾਰਡਰ ਤੇ ਕਿਸਾਨ ਪੂਰੀ ਤਰ੍ਹਾਂ ਡਟੇ ਹੋਏ ਹਨ। ਸੂਬਾ ਆਗੂ ਦਿਲਬਾਗ ਸਿੰਘ ਹਰੀਗੜ੍ਹ ਨੇ ਕਿਹਾ, ਕਿ ਇਕ ਦੋ ਦਿਨਾਂ ਵਿੱਚ ਬਾਰਡਰਾਂ ਤੇ ਗਿਣਤੀ ਪੂਰੀ ਕੀਤੀ ਜਾਵੇਗੀ। ਕਿਉਂਕਿ ਕਣਕ ਦੀ ਬਿਜਾਈ ਕਾਰਨ ਜਿਹੜੇ ਕਿਸਾਨ ਖੇਤਾਂ ਵਿਚ ਸਨ, ਹੁਣ ਬਾਡਰਾਂ ਵੱਲ ਵਹੀਰਾਂ ਘੱਤਣਗੇ। ਆਉਣ ਵਾਲੀ 26 ਨਵੰਬਰ ਨੂੰ ਜਗਜੀਤ ਸਿੰਘ ਡੱਲੇਵਾਲ ਮਰਨ ਵਰਤ ਉਪਰ ਬੈਠਣਗੇ। ਮੰਗਾਂ ਦੀ ਪੂਰਤੀ ਨਾਂ ਹੋਣ ਤੇ ਆਖਰੀ ਸਾਹਾਂ ਤੱਕ ਮਰਨ ਵਰਤ ਜਾਰੀ ਰਹੇਗਾ। ਉਧਰ ਸ਼ੰਭੂ ਬਾਰਡਰ ਤੇ ਵੀ ਕਰੋ ਜਾਂ ਮਰੋ ਦੀ ਨੀਤੀ ਨਾਲ ਘੋਲ ਨੂੰ ਅੱਗੇ ਵਧਾਇਆ ਜਾਵੇਗਾ। ਇਸ ਮੌਕੇ ਬਲਾਕ ਸਕੱਤਰ ਬੱਬੂ ਮੂਣਕ, ਬਲਕਾਰ ਬੱਲਰਾਂ, ਪ੍ਰਗਟ ਚੋਟੀਆਂ, ਇਕਾਈ ਪ੍ਰਧਾਨ ਦਰਸ਼ਨ ਘੋੜੇਨਬ, ਬਲਵੰਤ ਗਦੜਿਆਣੀ, ਦਰਸ਼ਨ ਸੰਗਤਪੁਰਾ, ਮੰਗੂ ਸਿੰਘ ਬੱਲਰਾਂ, ਭੂਰਾ ਸਿੰਘ ਚੋਟੀਆਂ, ਬੀਰਾ ਸਿੰਘ ਮੂਣਕ,ਮੇਜਰ ਸਿੰਘ ਸੇਖੂਵਾਸ, ਟੋਨੀ ਪਿਸ਼ੌਰ, ਲਾਭ ਸਿੰਘ ਹਰਿਆਊ, ਰਣਜੀਤ ਸਿੰਘ ਕੋਟੜਾ, ਕਾਲੂ ਸਿੰਘ ਚੂੜਲ, ਆਤਮਾਂ ਸਿੰਘ ਢੀਂਡਸਾ ਆਦਿ ਹਾਜ਼ਰ ਸਨ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹੇ ਦੇ 6276 ਪੰਚਾਂ ਨੂੰ ਸਹੁੰ ਚੁਕਾਈ

**• ਨਸ਼ਾ ਮੁਕਤ ਪਿੰਡਾਂ ਲਈ ਲਾਮਬੰਦ ਹੋਣ ਗ੍ਰਾਮ ਪੰਚਾਇਤਾਂ ਦੇ ਮੈਂਬਰ-ਡਾ. ਬਲਬੀਰ ਸਿੰਘ • ਕਿਹਾ, ਪੰਜਾਬ ਤੇ ਪੰਜਾਬੀਅਤ 'ਤੇ ਪਹਿਰਾ ਦਿੰਦਿਆਂ ਪਿੰਡਾਂ ਦੀ ਨੁਹਾਰ ਬਦਲਣ ਲਈ ਅੱਗੇ ਆਉਣ ਪੰਚ ਤੇ ਪੰਚਾਇਤਾਂ**

**ਆਜ਼ਾਦ ਸੋਚ**
**ਹਰਵਿੰਦਰ ਲਾਲੀ**
**ਪਟਿਆਲਾ, 19 ਨਵੰਬਰ**

========================

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹੇ ਦੀਆਂ 1022 ਗ੍ਰਾਮ ਪੰਚਾਇਤਾਂ ਦੇ ਨਵੇਂ ਚੁਣੇ ਗਏ 6276 ਪੰਚਾਂ ਨੂੰ ਸਹੁੰ ਚੁਕਾਈ। ਅੱਜ ਇੱਥੇ ਸੰਗਰੂਰ ਰੋਡ 'ਤੇ ਸਥਿਤ ਨਿਊ ਪੋਲੋ ਗਰਾਊਂਡ ਨੇੜੇ ਏਵੀਏਸ਼ਨ ਕਲੱਬ ਵਿਖੇ ਸਹੁੰ ਚੁੱਕ ਸਮਾਗਮ ਦੇ ਜ਼ਿਲ੍ਹਾ ਪੱਧਰੀ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਡਾ. ਬਲਬੀਰ ਸਿੰਘ ਨੇ ਪੰਚਾਂ ਨੂੰ ਗ੍ਰਾਮ ਪੰਚਾਇਤ ਮੈਂਬਰ ਚੁਣੇ ਜਾਣ ਦੀ ਵਧਾਈ ਦਿੱਤੀ ਅਤੇ ਬਦਲੇ ਦੀ ਰਾਜਨੀਤੀ ਤੋਂ ਉਪਰ ਉਠਕੇ ਨਵੀਂ ਸੋਚ ਨਾਲ ਹਰ ਪਿੰਡ ਵਾਸੀ ਨੂੰ ਨਾਲ ਲੈ ਕੇ ਪਿੰਡਾਂ ਦੇ ਵਿਕਾਸ ਲਈ ਕੰਮ ਕਰਨ ਦਾ ਸੱਦਾ ਦਿੱਤਾ।




ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇੱਕ ਨਵੀਂ ਸੋਚ ਲੈਕੇ ਕੰਮ ਦੀ ਰਾਜਨੀਤੀ ਕਰਦਿਆਂ ਸੂਬੇ ਵਿੱਚ ਸਿਹਤ, ਸਿੱਖਿਆ, ਰੋਜਗਾਰ ਤੇ ਲੋਕ ਭਲਾਈ ਦੇ ਨਵੇਂ ਯੁੱਗ ਦਾ ਆਗਾਜ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸੇ ਲਈ ਹੁਣ ਨਵੀਆਂ ਗ੍ਰਾਮ ਪੰਚਾਇਤਾਂ ਵੀ ਆਪਣੇ ਪਿੰਡਾਂ ਨੂੰ ਨਮੂਨੇ ਦੇ ਪਿੰਡ ਬਣਾਉਣ ਲਈ ਨਵੀਂ ਸੋਚ ਨਾਲ ਅੱਗੇ ਵੱਧਣ ਕਿਉਂਕਿ ਪੰਜਾਬ ਪਿੰਡਾਂ ਵਿੱਚ ਵੱਸਦਾ ਹੈ, ਇਸ ਲਈ ਪੰਜਾਬ ਤੇ ਪੰਜਾਬੀਅਤ ਉਪਰ ਪਹਿਰਾ ਦਿੰਦੇ ਹੋਏ ਪਿੰਡਾਂ ਦੀ ਨੁਹਾਰ ਬਦਲੀ ਜਾਵੇ। ਉਨ੍ਹਾਂ ਕਿਹਾ ਕਿ ਜਿਹੜੀ ਪੰਚਾਇਤ ਪਿੰਡਾਂ ਦੇ ਝਗੜੇ ਪਿੰਡਾਂ ਵਿੱਚ ਨਿਬੇੜੇਗੀ ਉਸਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।

ਡਾ. ਬਲਬੀਰ ਸਿੰਘ ਨੇ ਪੰਚਾਂ ਨੂੰ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤੇ ਜਾ ਰਹੇ ਉਪਰਾਲੇ ਦੱਸਦਿਆਂ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪਿੰਡ ਮਿਸ਼ਨ ਨਾਲ ਜੁੜਕੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਅੱਗੇ ਆਉਣ। ਉਨ੍ਹਾਂ ਨੇ ਪੰਚਾਂ ਨੂੰ ਮਗਨਰੇਗਾ ਤਹਿਤ ਪਿੰਡਾਂ 'ਚ ਸਾਂਝੇ ਕੰਮ ਕਰਨ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਆਖਦਿਆਂ ਦੱਸਿਆ ਕਿ ਪਿੰਡਾਂ 'ਚ ਪਾਸ ਕੀਤਾ ਮਗਨਰੇਗਾ ਦਾ ਬਜਟ ਕੇਂਦਰ ਸਰਕਾਰ ਵੀ ਨਹੀਂ ਬਦਲ ਸਕਦੀ। ਉਨ੍ਹਾਂ ਕਿਹਾ ਕਿ ਪੰਚਾਇਤਾਂ ਦੇ ਸਮੂਹ ਮੈਂਬਰ ਪਿੰਡਾਂ ਦੀਆਂ ਗ੍ਰਾਮ ਸਭਾਵਾਂ ਕਰਕੇ ਪਿੰਡ ਦੇ ਵਿਕਾਸ ਲਈ ਯੋਜਨਾਵਾਂ ਉਲੀਕ ਕੇ ਹੁਣੇ ਤੋਂ ਹੀ ਕੰਮ 'ਤੇ ਲੱਗ ਜਾਣ।

ਸਿਹਤ ਮੰਤਰੀ ਨੇ ਵੱਧ ਤੋਂ ਵੱਧ ਬੂਟੇ ਲਾਉਣ ਦਾ ਸੱਦਾ ਦਿੰਦਿਆਂ ਪਿੰਡਾਂ ਦੀ ਆਬੋ ਹਵਾ ਨੂੰ ਸਾਫ਼ ਰੱਖਣ ਲਈ ਨਾਨਕਸ਼ਾਹੀ ਖੇਤੀ ਨਾਲ ਜੁੜਨ ਦੀ ਅਪੀਲ ਕਰਦਿਆਂ ਕਿਹਾ ਕਿ ਤਰਲ ਕੂੜਾ ਪ੍ਰਬੰਧਨ ਤਹਿਤ ਪਿੰਡਾਂ 'ਚ ਛੱਪੜਾਂ ਦਾ ਪਾਣੀ ਖੇਤੀ ਲਈ ਵਰਤਣ ਲਈ ਛੱਪੜਾਂ ਦਾ ਨਵੀਨੀਕਰਨ ਕੀਤਾ ਜਾਵੇ ਅਤੇ ਪਲਾਸਟਿਕ ਮੁਕਤ ਤੇ ਕੂੜਾ ਕਰਕਟ ਰਹਿਤ ਆਲਾ-ਦੁਆਲਾ ਸਿਰਜਣ ਲਈ ਠੋਸ ਕੂੜਾ ਪ੍ਰਬੰਧਨ ਦੇ ਪ੍ਰਾਜੈਕਟ ਚਲਾਏ ਜਾਣ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਧਾਰਮਿਕ ਸਤਿਸੰਗਾਂ ਦੇ ਨਾਲ-ਨਾਲ ਪਿੰਡਾਂ ਵਿੱਚ ਸਿਹਤ, ਖੇਤੀ, ਸਿੱਖਿਆ, ਰੋਜ਼ਗਾਰ ਆਦਿ ਦੇ ਸਤਿਸੰਗ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸਿਹਤ ਕਮੇਟੀਆਂ ਵੀ ਬਣਾਈਆਂ ਜਾਣ ਤੇ ਹਰ ਕਮੇਟੀ ਨੂੰ 10 ਹਜ਼ਾਰ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ।

ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ, ਪੰਜਾਬ ਟੈਕਨੀਕਲ ਐਜੂਕੇਸ਼ਨ ਬੋਰਡ ਦੇ ਚੇਅਰਮੈਨ ਪ੍ਰਿੰਸੀਪਲ ਜੇ.ਪੀ ਸਿੰਘ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ, ਜਸਬੀਰ ਸਿੰਘ ਗਾਂਧੀ, ਡਵੀਜ਼ਨਲ ਕਮਿਸ਼ਨਰ ਡੀ.ਐਸ ਮਾਂਗਟ, ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਐਸ.ਐਸ.ਪੀ ਡਾ. ਨਾਨਕ ਸਿੰਘ, ਏਡੀਸੀ (ਦਿਹਾਤੀ ਵਿਕਾਸ) ਅਨੁਪ੍ਰਿਤਾ ਜੌਹਲ, ਐਸ.ਪੀ ਮੁਹੰਮਦ ਸਰਫਰਾਜ ਆਲਮ, ਐਸ.ਡੀ.ਐਮਜ ਡਾ ਇਸਮਤ ਵਿਜੇ ਸਿੰਘ, ਕਿਰਪਾਲਵੀਰ ਸਿੰਘ ਤੇ ਮਨਜੀਤ ਕੌਰ ਸਮੇਤ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਧਾਲੀਵਾਲ ਨੇ ਜ਼ਿਲ੍ਹੇ ਦੇ 5526 ਪੰਚਾਂ ਨੂੰ ਸਹੁੰ ਚੁਕਾਈ

**• ਪਿੰਡਾਂ ਦੀ ਨੁਹਾਰ ਬਦਲਣ ਲਈ ਅੱਗੇ ਆਉਣ ਪੰਚ ਤੇ ਪੰਚਾਇਤਾਂ - ਧਾਲੀਵਾਲ • ਪਿੰਡਾਂ ਦੇ ਵਿਕਾਸ ਲਈ ਬਦਲੇ ਦੀ ਰਾਜਨੀਤੀ ਤੋਂ ਉਪਰ ਉਠਕੇ ਨਵੀਂ ਸੋਚ ਨਾਲ ਹਰ ਪਿੰਡ ਵਾਸੀ ਨੂੰ ਨਾਲ ਲੈ ਕੇ ਕੰਮ ਕਰਨ ਦਾ ਸੱਦਾ**

**ਆਜ਼ਾਦ ਸੋਚ**
**ਤਰੁਣ ਮਹਿਰਾ /ਅੰਮ੍ਰਿਤਸਰ 19 ਨਵੰਬਰ**

========================

ਕੈਬਨਿਟ ਮੰਤਰੀ ਪੰਜਾਬ ਸ: ਕੁਲਦੀਪ ਸਿੰਘ ਧਾਲੀਵਾਲ ਨੇ ਜ਼ਿਲ੍ਹੇ ਦੇ ਨਵੇਂ ਚੁਣੇ ਗਏ 5526 ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਅੱਜ ਇੱਥੇ ਗੁਰੂ ਨਾਨਕ ਸਟੇਡੀਅਮ ਵਿਖੇ ਸਹੁੰ ਚੁੱਕ ਸਮਾਗਮ ਦੇ ਜ਼ਿਲ੍ਹਾ ਪੱਧਰੀ ਸਮਾਗਮ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸ: ਧਾਲੀਵਾਲ ਨੇ ਪੰਚਾਂ ਨੂੰ ਗ੍ਰਾਮ ਪੰਚਾਇਤ ਮੈਂਬਰ ਚੁਣੇ ਜਾਣ ਦੀ ਵਧਾਈ ਦਿੱਤੀ ਅਤੇ ਬਦਲੇ ਦੀ ਰਾਜਨੀਤੀ ਤੋਂ ਉਪਰ ਉਠਕੇ ਨਵੀਂ ਸੋਚ ਨਾਲ ਹਰ ਪਿੰਡ ਵਾਸੀ ਨੂੰ ਨਾਲ ਲੈ ਕੇ ਪਿੰਡਾਂ ਦੇ ਵਿਕਾਸ ਲਈ ਕੰਮ ਕਰਨ ਦਾ ਸੱਦਾ ਦਿੱਤਾ।






ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇੱਕ ਨਵੀਂ ਸੋਚ ਲੈਕੇ ਕੰਮ ਦੀ ਰਾਜਨੀਤੀ ਕਰਦਿਆਂ ਸੂਬੇ ਵਿੱਚ ਸਿਹਤ, ਸਿੱਖਿਆ, ਰੋਜਗਾਰ ਤੇ ਲੋਕ ਭਲਾਈ ਦੇ ਨਵੇਂ ਯੁੱਗ ਦਾ ਆਗਾਜ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸੇ ਲਈ ਹੁਣ ਨਵੀਆਂ ਗ੍ਰਾਮ ਪੰਚਾਇਤਾਂ ਵੀ ਆਪਣੇ ਪਿੰਡਾਂ ਨੂੰ ਨਮੂਨੇ ਦੇ ਪਿੰਡ ਬਣਾਉਣ ਲਈ ਨਵੀਂ ਸੋਚ ਨਾਲ ਅੱਗੇ ਵੱਧਣ ਕਿਉਂਕਿ ਪੰਜਾਬ ਪਿੰਡਾਂ ਵਿੱਚ ਵੱਸਦਾ ਹੈ, ਇਸ ਲਈ ਪੰਜਾਬ ਤੇ ਪੰਜਾਬੀਅਤ ਉਪਰ ਪਹਿਰਾ ਦਿੰਦੇ ਹੋਏ ਪਿੰਡਾਂ ਦੀ ਨੁਹਾਰ ਬਦਲੀ ਜਾਵੇ।

ਸ: ਧਾਲੀਵਾਲ ਨੇ ਪੰਚਾਂ ਨੂੰ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤੇ ਜਾ ਰਹੇ ਉਪਰਾਲੇ ਦੱਸਦਿਆਂ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪਿੰਡ ਮਿਸ਼ਨ ਨਾਲ ਜੁੜਕੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਅੱਗੇ ਆਉਣ। ਉਨ੍ਹਾਂ ਨੇ ਪੰਚਾਂ ਨੂੰ ਮਗਨਰੇਗਾ ਤਹਿਤ ਪਿੰਡਾਂ 'ਚ ਸਾਂਝੇ ਕੰਮ ਕਰਨ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਆਖਦਿਆਂ ਦੱਸਿਆ ਕਿ ਪਿੰਡਾਂ 'ਚ ਪਾਸ ਕੀਤਾ ਮਗਨਰੇਗਾ ਦਾ ਬਜਟ ਕੇਂਦਰ ਸਰਕਾਰ ਵੀ ਨਹੀਂ ਬਦਲ ਸਕਦੀ।

ਕੈਬਨਿਟ ਮੰਤਰੀ ਨੇ ਵੱਧ ਤੋਂ ਵੱਧ ਬੂਟੇ ਲਾਉਣ ਦਾ ਸੱਦਾ ਦਿੰਦਿਆਂ ਪਿੰਡਾਂ ਦੀ ਆਬੋ ਹਵਾ ਨੂੰ ਸਾਫ਼ ਰੱਖਣ, ਤਰਲ ਕੂੜਾ ਪ੍ਰਬੰਧਨ ਤਹਿਤ ਪਿੰਡਾਂ 'ਚ ਛੱਪੜਾਂ ਦਾ ਪਾਣੀ ਖੇਤੀ ਲਈ ਵਰਤਣ ਲਈ ਛੱਪੜਾਂ ਦਾ ਨਵੀਨੀਕਰਨ ਕਰਨ ਅਤੇ ਪਲਾਸਟਿਕ ਮੁਕਤ ਤੇ ਕੂੜਾ ਕਰਕਟ ਰਹਿਤ ਆਲਾ-ਦੁਆਲਾ ਸਿਰਜਣ ਲਈ ਠੋਸ ਕੂੜਾ ਪ੍ਰਬੰਧਨ ਦੇ ਪ੍ਰਾਜੈਕਟ ਚਲਾਏ ਜਾਣ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਦਾ ਜੋ ਵਾਅਦਾ ਕੀਤਾ ਹੈ, ਉਹ ਪੰਚਾਇਤਾਂ ਦੇ ਸਹਿਯੋਗ ਬਿਨਾਂ ਸੰਭਵ ਨਹੀਂ ਹੈ। ਸੋ ਸਾਰੀਆਂ ਪੰਚਾਇਤਾਂ ਸਾਡਾ ਸਾਥ ਦਿਓ। ਸਮਾਗਮ ਮੌਕੇ ਲੋਕਾਂ ਨੂੰ ਨਸ਼ਿਆਂ ਤੋਂ ਜਾਗਰੂਕ ਕਰਨ ਲਈ ਸਾਈਂ ਗਰੁੱਪ ਵਲੋਂ ਇਕ ਨਾਟਕ ਦੀ ਪੇਸ਼ਕਾਰੀ ਅਤੇ ਢਾਡੀ ਜੱਥਾ ਸਵਿੰਦਰ ਸਿੰਘ ਭੰਗੂ ਨੇ ਸ਼ਹੀਦਾਂ ਦੀ ਗਾਥਾ ਗਾ ਕੇ ਰੰਗ ਬੰਨਿਆ। ਜਿਸਨੂੰ ਮੌਜੂਦ ਲੋਕਾਂ ਨੇ ਸਰਾਹਿਆ।

ਇਸ ਮੌਕੇ ਪੰਜਾਬ ਵਿਧਾਇਕ ਸ: ਜਸਵਿੰਦਰ ਸਿੰਘ ਰਮਦਾਸ, ਵਿਧਾਇਕ ਸ: ਜਸਬੀਰ ਸਿੰਘ ਸੰਧੂ, ਵਿਧਾਇਕ ਸ: ਦਲਬੀਰ ਸਿੰਘ ਟੌਂਗ ਅਤੇ ਐਡਵੋਕੇਟ ਰਾਜੀਵ ਮਾਦਾਨ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ, ਪੁਲਿਸ ਕਮਿਸ਼ਨਰ ਸ: ਗੁਰਪ੍ਰੀਤ ਸਿੰਘ ਭੁੱਲਰ, ਐਸ.ਐਸ.ਪੀ. ਸ: ਚਰਨਜੀਤ ਸਿੰਘ, ਚੇਅਰਮੈਨ ਸ: ਬਲਦੇਵ ਸਿੰਘ ਮਿਆਦੀਆ, ਚੇਅਰਮੈਨ ਸ: ਛਨਾਖ ਸਿੰਘ, ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ, ਸ੍ਰੀ ਸਤਪਾਲ ਸੋਖੀ, ਸ੍ਰੀ ਸਤਿੰਦਰ ਸਿੰਘ, ਮੈਡਮ ਸੀਮਾ ਸੋਢੀ, ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਮਜੀਤ ਕੌਰ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਸਿਹਤ ਵਿਭਾਗ ਵਲੋਂ 'ਵਿਸ਼ਵ ਸ਼ੂਗਰ ਦਿਵਸ' ਦੇ ਮੌਕੇ 'ਤੇ ਜਾਗਰੂਕਤਾ ਪੋਸਟਰ ਜਾਰੀ

**ਆਜ਼ਾਦ ਸੋਚ**
**ਜੇ ਐਸ ਖੰਨਾ/ਜਤਿੰਦਰ ਕੁਮਾਰ**
**ਫਤਿਹਗੜ੍ਹ ਸਾਹਿਬ , 19 ਨਵੰਬਰ**

========================

ਮਾਨਸਿਕ ਤਨਾਅ, ਸਿਗਰਟਨੋਸ਼ੀ, ਸ਼ਰਾਬ ਦਾ ਸੇਵਨ, ਸੰਤੁਲਿਤ ਭੋਜਨ ਦੀ ਘਾਟ, ਸਰੀਰਕ ਕੰਮ ਦੀ ਘਾਟ, ਮੋਟਾਪਾ ਆਦਿ ਸ਼ੂਗਰ ਹੋਣ ਦੇ ਮੁੱਖ ਕਾਰਨ ਹਨ ,ਪਰ ਆਪਣੀ



ਜੀਵਨ ਸ਼ੈਲੀ ਵਿੱਚ ਬਦਲਾ ਕਰਕੇ ਸ਼ੂਗਰ ਹੋਣ ਤੋਂ ਬਚਿਆ ਜਾ ਸਕਦਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸਿਵਲ ਸਰਜਨ ਫਤਿਹਗੜ ਸਾਹਿਬ ਡਾ. ਦਵਿੰਦਰਜੀਤ ਕੌਰ ਨੇ ਸ਼ੂਗਰ ਦੀ ਬਿਮਾਰੀ ਨੂੰ ਰੋਕਣ ਸਬੰਧੀ ਜਾਗਰੂਕਤਾ ਪੋਸਟਰ ਜਾਰੀ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਖਾਨਦਾਨ ਵਿੱਚ ਪਹਿਲਾਂ ਤੋਂ ਹੀ ਮੌਜੂਦ ਸ਼ੂਗਰ ਦਾ ਮਰੀਜ਼ ਵੀ ਇਸ ਦਾ ਮੁੱਖ ਕਾਰਨ ਹੈ। ਡਾ. ਦਵਿੰਦਰਜੀਤ ਕੌਰ ਨੇ ਸ਼ੂਗਰ ਦੇ ਲੱਛਣਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਹੁਤ ਜਿਆਦਾ ਭੁੱਖ,ਪਿਆਸ ਲੱਗਣਾ ,ਪਿਸ਼ਾਬ ਜਿਆਦਾ ਆਉਣਾ, ਹਰ ਵੇਲੇ ਥਕਾਵਟ ਮਹਿਸੂਸ ਕਰਨਾ, ਧੁੰਦਲੀ ਤੇ ਕਮਜ਼ੋਰ ਨਜ਼ਰ, ਜ਼ਖਮ ਭਰਨ ਵਿੱਚ ਜਿਆਦਾ ਸਮਾਂ ਲੱਗਣਾ, ਹੱਥਾਂ ਪੈਰਾਂ ਵਿੱਚ ਝੁਣਝੁਣਾਹਟ ਜਾਂ ਸੁੰਨ ਹੋਣਾ,ਅਚਾਨਕ ਵਜ਼ਨ ਦਾ ਘਟਣਾ ਆਦਿ ਸ਼ੂਗਰ ਦੇ ਮੁੱਖ ਲੱਛਣ ਹੁੰਦੇ ਹਨ। ਉਹਨਾਂ ਕਿਹਾ ਕਿ ਅਜਿਹੇ ਲੱਛਣ ਹੋਣ ਤੇ ਤੁਰੰਤ ਸਾਨੂੰ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ ,ਸਰਕਾਰ ਵੱਲੋਂ ਹਸਪਤਾਲਾਂ ਵਿੱਚ ਇਸ ਦਾ ਟੈਸਟ ਅਤੇ ਇਲਾਜ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਸਰਿਤਾ ਨੇ ਕਿਹਾ ਕਿ ਸਾਨੂੰ ਆਪਣੇ ਰੋਜ਼ਾਨਾ ਭੋਜਨ ਵਿੱਚ ਹਰੀਆਂ ਸਬਜ਼ੀਆਂ, ਸਲਾਦ, ਫਲਾਂ ਦਾ ਸੇਵਨ ਕਰਨਾ ਚਾਹੀਦਾ ਹੈ ਅਤੇ ਆਟੇ ਨੂੰ ਬਿਨਾਂ ਛਾਣੇ ਵਰਤਿਆ ਜਾਵੇ, ਸ਼ੂਗਰ ਦੇ ਮਰੀਜ਼ ਨੂੰ ਖਾਣਾ ਥੋੜਾ ਥੋੜਾ ਕਰਕੇ ਕਈ ਵਾਰੀ ਖਾਣਾ ਚਾਹੀਦਾ ਹੈ ਹਰ ਰੋਜ਼ ਸੈਰ /ਕਸਰਤ ਕਰਨੀ ਚਾਹੀਦੀ, ਯੋਗਾ ਤੇ ਧਿਆਨ ਕਰਕੇ ਮਾਨਸਿਕ ਤਨਾਵ ਨੂੰ ਘਟਾਇਆ ਜਾਵੇ, ਘੱਟੋ ਘੱਟ ਛੇ ਤੋਂ ਸੱਤ ਘੰਟੇ ਦੀ ਨੀਂਦ ਲਈ ਜਾਵੇ, ਸ਼ੂਗਰ ਦੇ ਮਰੀਜ਼ ਨੂੰ ਰੋਜਾਨਾ ਸਮੇਂ ਸਿਰ ਆਪਣੀ ਦਵਾਈ ਦਾ ਸੇਵਨ ਕਰਨਾ ਅਤੇ ਵਾਰ-ਵਾਰ ਸ਼ੂਗਰ ਦੀ ਜਾਂਚ ਕਰਾਉਂਦੇ ਰਹਿਣਾ ਚਾਹੀਦਾ ਹੈ, ਜਿਆਦਾ ਮਿੱਠੇ ਦੀ ਵਰਤੋਂ ਨਾ ਕੀਤੀ ਜਾਵੇ ਅਤੇ ਡਾਕਟਰ ਵੱਲੋਂ ਸੁਝਾਈਆਂ ਸਾਵਧਾਨੀਆਂ ਰੱਖ ਕੇ ਅਸੀਂ ਸ਼ੂਗਰ ਨੂੰ ਕੰਟਰੋਲ ਵਿੱਚ ਰੱਖ ਸਕਦੇ ਹਾਂ। ਇਸ ਮੌਕੇ ਤੇ ਜ਼ਿਲਾ ਪ੍ਰੋਗਰਾਮ ਮੈਨੇਜਰ ਡਾ. ਕਸੀਤਿਜ ਸੀਮਾ ,ਜਿਲਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਜਸਵਿੰਦਰ ਕੌਰ, ਗਗਨਦੀਪ ਸਿੰਘ, ਮਾਨਵ ਸ਼ਾਹ, ਧਰਮ ਸਿੰਘ, ਮਨਬੀਰ ਸਿੰਘ ਅਤੇ ਆਮ ਲੋਕ ਹਾਜ਼ਰ ਸਨ।

# ਸਰਵਜੀਤ ਸਿੰਘ ਵਿਰਕ ਨੇ ਚੌਥੀ ਮੰਜ਼ਿਲ 'ਤੇ ਅੱਗ ਦੀ ਲਪੇਟ ਆਈ ਬਜ਼ੁਰਗ ਮਹਿਲਾ ਨੂੰ ਕੱਢਣ ਵਾਲੇ ਐਸ.ਐਚ.ਓ ਰਮੇਸ਼ ਕੌਸ਼ਿਕ ਨੂੰ ਸਨਮਾਨਿਆ

ਨਵੀਂ ਦਿੱਲੀ, 19 ਨਵੰਬਰ (ਸੁਖਰਾਜ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਸਰਵਜੀਤ ਸਿੰਘ ਵਿਰਕ ਨੇ ਪਿਛਲੇ ਦਿਨੀਂ ਸ਼ਕਤੀ ਨਗਰ ਵਿਚ ਚਾਰ ਮੰਜ਼ਿਲਾ ਇਮਾਰਤ ਨੂੰ ਅੱਗ ਲੱਗਣ ਮਗਰੋਂ ਇਮਾਰਤ ਵਿੱਚ ਫ਼ਸੀ 75 ਸਾਲਾ ਬਜ਼ੁਰਗ ਮਹਿਲਾ ਨੂੰ ਕੱਢ ਕੇ ਲਿਆਉਣ ਵਾਲੇ ਰੂਪ ਨਗਰ ਪੁਲਿਸ ਥਾਣੇ ਦੇ ਐਸ.ਐਚ.ਓ ਸ਼ ?ਰੀ ਰਮੇਸ਼ ਕੌਸ਼ਿਕ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸ. ਸਰਵਜੀਤ ਸਿੰਘ ਵਿਰਕ ਦੇ ਨਾਲ ਉਹਨਾਂ ਦੇ ਸਾਥੀ ਸ. ਕਰਨਵੀਰ ਸਿੰਘ ਸਿੱਧੂ ਵੀ ਮੌਜੂਦ ਸਨ।ਇਸ ਮੌਕੇ ਸ. ਸਰਵਜੀਤ ਸਿੰਘ ਵਿਰਕ ਨੇ ਦੱਸਿਆ ਕਿ ਐ ਸ . ਐ ਚ . ਓ



ਇੰਸਪੈਕਟਰ ਰਮੇਸ਼ ਕੌਸ਼ਿਕ ਦੀ ਬਹਾਦਰੀ ਦੀ ਜਿੰਨੀ ਸ਼ਲਾਘਾ ਕੀਤੀ ਜਾਵੇ ਉਨ੍ਹੀਂ ਹੀ ਥੋੜ੍ਹੀ ਹੈ।ਉਹਨਾਂ ਕਿਹਾ ਕਿ ਜਦੋਂ ਸ਼ ?ਰੀ ਕੌਸ਼ਿਕ ਨੂੰ ਪਤਾ ਲੱਗਾ ਕਿ 4 ਮੰਜ਼ਿਲਾ ਇਮਾਰਤ ਵਿਚ 75 ਸਾਲਾ ਬਜ਼ੁਰਗ ਮਹਿਲਾ ਫਸ ਗਈ ਹੈ ਜੋ ਆਪ ਚੱਲਣ ਫਿਰਨ ਤੋਂ ਅਸਮਰਥ ਹੈ ਤਾਂ ਉਹ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਤੁਰੰਤ ਬਜ਼ੁਰਗ ਮਹਿਲਾ ਨੂੰ ਆਪ ਕੱਢ ਕੇ ਲੈ ਕੇ ਆਏ।ਉਹਨਾਂ ਕਿਹਾ ਕਿ ਜਲਦੀ ਹੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਇੰਸਪੈਕਟਰ ਸ਼ ?ਰੀ ਰਮੇਸ਼ ਕੌਸ਼ਿਕ ਦਾ ਕਮੇਟੀ ਦਫਤਰ ਵਿਖੇ ਸਨਮਾਨਿਤ ਕੀਤਾ ਜਾਵੇਗਾ।ਉਹਨਾਂ ਕਿਹਾ ਕਿ ਅਜਿਹੇ ਲੋਕ ਸਮਾਜ ਲਈ ਚਾਨਣ ਮੁਨਾਰਾ ਹੁੰਦੇ ਹਨ, ਜੋ ਦੂਜਿਆਂ ਲਈ ਪ੍ਰੇਰਨਾ ਸਰੋਤ ਬਣਦੇ ਹਨ।

# ਰਾਣਾ ਹਸਪਤਾਲ ਸਰਹਿੰਦ ਨੇ ਮਰੀਜ਼ਾਂ ਦੀ ਭਲਾਈ ਲਈ ਇੱਕ ਵਿਸ਼ੇਸ਼ ਪਹਿਲਕਦਮੀ ਨਾਲ ਵਿਸ਼ਵ ਬਵਾਸੀਰ ਦਿਵਸ ਮਨਾਇਆ

**ਆਜ਼ਾਦ ਸੋਚ**
**ਸੁਨੀਲ ਵਰਮਾ**
**ਫ਼ਤਹਿਗੜ੍ਹ ਸਾਹਿਬ , 19 ਨਵੰਬਰ**

========================

ਵਿਸ਼ਵ ਬਵਾਸੀਰ ਦਿਵਸ (20 ਨਵੰਬਰ) ਦੇ ਮੌਕੇ 'ਤੇ ਬਵਾਸੀਰ, ਫਿਸ਼ਰ ਅਤੇ ਫਿਸਟੁਲਾ ਦੇ ਇਲਾਜ ਵਿੱਚ ਆਪਣੀ ਮੁਹਾਰਤ ਲਈ ਮਸ਼ਹੂਰ ਰਾਣਾ ਹਸਪਤਾਲ ਸਰਹਿੰਦ ਨੇ ਮਰੀਜ਼ਾਂ ਨੂੰ. ਜਾਗਰੂਕਤਾ ਪੈਦਾ ਕਰਨ ਅਤੇ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਪਹਿਲਕਦਮੀ ਦਾ ਐਲਾਨ ਕੀਤਾ ਹੈ।

ਮੱਲ ਵਿੱਚ ਖੂਨ ਆਉਣਾ ਇੱਕ ਆਮ ਲੱਛਣ ਹੈ ਜਿਸਨੂੰ ਬਹੁਤ ਸਾਰੇ ਲੋਕ ਬਵਾਸੀਰ ਨਾਲ ਜੋੜਦੇ ਹਨ, ਪਰ ਇਹ ਕੈਂਸਰ ਵਰਗੀਆਂ ਹੋਰ ਗੰਭੀਰ ਸਥਿਤੀਆਂ ਦਾ ਸ਼ੁਰੂਆਤੀ ਸੰਕੇਤ ਵੀ ਹੋ ਸਕਦਾ ਹੈ। ਬਦਕਿਸਮਤੀ ਨਾਲ, ਦੋਵਾਂ ਦੇ ਲੱਛਣ ਬਹੁਤ ਹੀ ਸਮਾਨ ਹਨ, ਅਤੇ ਡਾਕਟਰ ਦੀ ਸਲਾਹ ਲੈਣ ਤੋਂ ਝਿਜਕਣਾ ਅਕਸਰ ਦੇਰੀ ਨਾਲ ਨਿਦਾਨ ਦਾ ਕਾਰਨ ਬਣਦਾ ਹੈ। ਬਹੁਤ ਸਾਰੇ ਲੋਕ ਬਵਾਸੀਰ ਦੇ ਰੂਪ ਵਿੱਚ ਆਪਣੀ ਸਥਿਤੀ ਦਾ ਸਵੈ-ਨਿਦਾਨ ਕਰਦੇ ਹਨ, ਸਿਰਫ ਬਾਅਦ ਵਿੱਚ ਪਤਾ ਲਗਾਉਣ ਲਈ ਕਿ ਉਹ ਕੈਂਸਰ ਨਾਲ ਲੜ ਰਹੇ ਹਨ। ਰਾਣਾ ਹਸਪਤਾਲ ਦੇ ਡਾ. ਹਿਤੇਂਦਰ ਸੂਰੀ ਨੇ ਛੇਤੀ ਨਿਦਾਨ ਦੀ ਮਹੱਤਤਾ ਨੂੰ ਰੇਖਾਂਕਿਤ ਕਰਦੇ ਹੋਏ ਕਿਹਾ, "ਪ੍ਰਭਾਵਸ਼ਾਲੀ ਇਲਾਜ ਲਈ ਜਲਦੀ ਪਤਾ ਲਗਾਉਣਾ ਬਹੁਤ ਜ਼ਰੂਰੀ ਹੈ। ਅਸੀਂ ਹਰ ਕਿਸੇ ਨੂੰ ਕਲੰਕ ਨੂੰ ਦੂਰ ਕਰਨ ਅਤੇ ਬੇਅਰਾਮੀ ਦੇ ਪਹਿਲੇ ਸੰਕੇਤ 'ਤੇ ਡਾਕਟਰੀ ਸਲਾਹ ਲੈਣ ਦੀ ਅਪੀਲ ਕਰਦੇ ਹਾਂ।



ਰਾਣਾ ਹਸਪਤਾਲ ਲੰਬੇ ਸਮੇਂ ਤੋਂ ਭਾਈਚਾਰਕ ਭਲਾਈ ਲਈ ਵਚਨਬੱਧ ਹੈ, ਅਜਿਹੀਆਂ ਸਥਿਤੀਆਂ ਦੇ ਛੇਤੀ ਨਿਦਾਨ ਅਤੇ ਇਲਾਜ ਨੂੰ ਯਕੀਨੀ ਬਣਾਉਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਹਸਪਤਾਲ ਨੇ ਇੱਕ ਪ੍ਰਭਾਵਸ਼ਾਲੀ 133 ਮੁਫਤ ਮੈਡੀਕਲ ਕੈਂਪ ਲਗਾਏ ਹਨ, ਖਾਸ ਤੌਰ 'ਤੇ ਜਾਗਰੂਕਤਾ ਪੈਦਾ ਕਰਨ ਅਤੇ ਬਿਮਾਰੀਆਂ ਦਾ ਜਲਦੀ ਪਤਾ ਲਗਾਉਣ 'ਤੇ ਕੇਂਦ੍ਰਿਤ। ਇਸ ਤੋਂ ਇਲਾਵਾ, ਇਸਨੇ 2373 ਮੁਫਤ ਸਰਜਰੀਆਂ ਕੀਤੀਆਂ ਹਨ ।

ਵਿਸ਼ਵ ਬਵਾਸੀਰ ਦਿਵਸ ਮਨਾਉਣ ਲਈ, ਰਾਣਾ ਹਸਪਤਾਲ ਸਮਾਜ ਦੀ ਸੇਵਾ ਕਰਨ ਦੇ ਆਪਣੇ ਮਿਸ਼ਨ ਵਿੱਚ ਇੱਕ ਹੋਰ ਕਦਮ ਚੁੱਕ ਰਿਹਾ ਹੈ। ਇਸ ਦਿਨ, ਹਸਪਤਾਲ ਉਨ੍ਹਾਂ ਮਰੀਜ਼ਾਂ ਲਈ ਮੁਫ਼ਤ ਓਪੀਡੀ ਸਲਾਹ-ਮਸ਼ਵਰੇ ਪ੍ਰਦਾਨ ਕਰੇਗਾ ਜੋ ਬਵਾਸੀਰ, ਫਿਸ਼ਰ ਜਾਂ ਹੋਰ ਐਨੋਰੈਕਟਲ ਸਥਿਤੀਆਂ ਦੇ ਲੱਛਣਾਂ ਦਾ ਅਨੁਭਵ ਕਰਦੇ ਹਨ। ਇਸ ਤੋਂ ਇਲਾਵਾ, ਉੱਚ-ਗੁਣਵੱਤਾ ਵਾਲੀ ਡਾਕਟਰੀ ਦੇਖਭਾਲ ਨੂੰ ਵਧੇਰੇ ਪਹੁੰਚਯੋਗ ਅਤੇ ਕਿਫਾਇਤੀ ਬਣਾਉਂਦੇ ਹੋਏ, ਸਰਜਰੀਆਂ 'ਤੇ ਵਿਸ਼ੇਸ਼ ਛੋਟਾਂ ਦੀ ਪੇਸ਼ਕਸ਼ ਕੀਤੀ ਜਾਵੇਗੀ।

ਰਾਣਾ ਹਸਪਤਾਲ ਸਾਰਿਆਂ ਨੂੰ ਇਸ ਮੌਕੇ ਦਾ ਲਾਭ ਉਠਾਉਣ ਲਈ ਸੱਦਾ ਦਿੰਦਾ ਹੈ ਅਤੇ ਵਿਅਕਤੀਆਂ ਨੂੰ ਆਪਣੀ ਸਿਹਤ ਨੂੰ ਤਰਜੀਹ ਦੇਣ ਲਈ ਉਤਸ਼ਾਹਿਤ ਕਰਦਾ ਹੈ। ਮੱਲ ਵਿੱਚ ਖੂਨ ਵਗਣ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ ਹੈ, ਅਤੇ ਸਮੇਂ ਸਿਰ ਡਾਕਟਰੀ ਸਲਾਹ-ਮਸ਼ਵਰੇ ਨਾਲ ਸਾਰਾ ਫ਼ਰਕ ਪੈ ਸਕਦਾ ਹੈ।

# ਭਾਰਤ ਅੰਤਰ-ਰਾਸ਼ਟਰੀ ਵਪਾਰ ਮੇਲਾ 2024 ਦੌਰਾਨ ਸੂਬੇ ਦੀ ਤਰੱਕੀ ਨੂੰ ਦਰਸਾਉਂਦਾ 'ਪੰਜਾਬ ਪੈਵਿਲੀਅਨ' ਖਿੱਚ ਦਾ ਕੇਂਦਰ ਬਣਿਆ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 19 ਨਵੰਬਰ**

========================

ਇਥੋਂ ਦੇ ਪ੍ਰਗਤੀ ਮੈਦਾਨ ਵਿਖੇ ਚੱਲ ਰਹੇ ਭਾਰਤ ਅੰਤਰ-ਰਾਸ਼ਟਰੀ ਵਪਾਰ ਮੇਲਾ-2024 ਦੇ ਵਿਸ਼ੇ 'ਵਿਕਸਿਤ ਭਾਰਤ 2047' ਦੀ ਤਰਜ਼ 'ਤੇ ਪੰਜਾਬ ਪੈਵਿਲੀਅਨ ਸੂਬੇ ਦੇ ਉਦਯੋਗਿਕ ਵਿਕਾਸ, ਰਵਾਇਤ ਅਤੇ ਆਧੁਨਿਕਤਾ, ਅਮੀਰ ਸਭਿਆਚਾਰਕ ਵਿਰਾਸਤ, ਖੇਤੀਬਾੜੀ, ਦਸਤਕਾਰੀ, ਫੈਸ਼ਨ ਤੇ ਸਿੱਖਿਆ ਦੇ ਖੇਤਰਾਂ ਵਿੱਚ ਕੀਤੀ ਤਰੱਕੀ ਦੀ ਨਰੋਈ ਝਲਕ ਪੇਸ਼ ਕਰ ਰਿਹਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੂਬੇ ਦੀ ਸਰਬਪੱਖੀ ਵਿਕਾਸ ਪ੍ਰਤੀ ਦੂਰਦਰਸ਼ਤਾ ਨੂੰ ਦਰਸਾਉਣ ਲਈ ਪੰਜਾਬ ਪੈਵਿਲੀਅਨ ਨੂੰ ਨਿਵੇਕਲੇ ਤਰੀਕੇ ਨਾਲ ਡਿਜਾਇਨ ਕੀਤਾ ਗਿਆ ਹੈ।ਇਹ ਪੈਵਿਲੀਅਨ ਪੰਜਾਬ ਵੱਲੋਂ ਦੇਸ਼ ਦੇ ਵਿਕਾਸ ਹਿੱਤ ਵੱਖ-ਵੱਖ ਖੇਤਰਾਂ ਜਿਵੇਂ ਦੁੱਧ ਉਤਪਾਦਨ, ਸਾਈਕਲ ਨਿਰਮਾਣ, ਖੇਡਾਂ ਦਾ ਸਾਮਾਨ ਆਦਿ ਵਿਚ ਪਾਏ ਜਾ ਰਹੇ ਯੋਗਦਾਨ ਦੀ ਝਲਕ ਪੇਸ਼ ਕਰ ਰਿਹਾ ਹੈ।ਉਦਯੋਗ, ਖੇਤੀਬਾੜੀ, ਦਸਤਕਾਰੀ, ਫੈਸ਼ਨ ਅਤੇ ਸਿੱਖਿਆ ਦੇ ਖੇਤਰਾਂ ਵਿਚ ਸੂਬੇ ਦੀ ਤਰੱਕੀ ਪਸੰਦ ਪਹੁੰਚ ਨੂੰ ਪੈਵਿਲੀਅਨ ਜ਼ਰੀਏ ਦਰਸਾਉਣ ਲਈ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੁਆਰਾ ਵਧੀਕ ਮੁੱਖ ਸਕੱਤਰ, ਇੰਡਸਟਰੀਜ਼ ਅਤੇ ਕਾਮਰਸ, ਡੀ.ਪੀ.ਐਸ. ਖਰਬੰਦਾ ਸੀ.ਈ.ਓ ਨਿਵੇਸ਼ ਪੰਜਾਬ, ਵਰਿੰਦਰ ਕੁਮਾਰ ਸ਼ਰਮਾ ਐਮ.ਡੀ ਅਤੇ ਹਰਜੀਤ ਸਿੰਘ ਸੰਧੂ ਏ.ਐਮ.ਡੀ ਦੀ ਅਗਵਾਈ ਹੇਠ ਪ੍ਰਤੀਬੱਧ ਯਤਨ ਕੀਤੇ ਗਏ ਹਨ।ਪੈਵਿਲੀਅਨ ਦੇ ਡਿਜਾਇਨ ਬਾਰੇ ਵੇਰਵੇ ਸਾਂਝੇ ਕਰਦਿਆਂ ਪੈਵਿਲੀਅਨ ਦੇ ਪ੍ਰਸ਼ਾਸਕ ਦਵਿੰਦਰਪਾਲ ਸਿੰਘ ਨੇ ਦੱਸਿਆ ਕਿ ਪ੍ਰਵੇਸ਼ 'ਤੇ ਡਿਜੀਟਲ ਸਕਰੀਨਾਂ ਜ਼ਰੀਏ ਪੰਜਾਬ ਦੀ ਤਰੱਕੀ ਪਸੰਦ ਸੋਚ, ਆਰਥਿਕ ਸ਼ਕਤੀ ਅਤੇ ਸਭਿਆਚਾਰਕ ਅਮੀਰੀ ਨੂੰ ਦਰਸਾਇਆ



ਗਿਆ ਹੈ। ਪੈਵਿਲੀਅਨ ਵਿਖੇ ਆਪਣੀ ਖ਼ੂਬਸੂਰਤੀ ਲਈ ਜਾਣੀਆਂ ਜਾਂਦੀਆਂ ਨਾਨਕਸ਼ਾਹੀ ਇੱਟਾਂ ਦੇ ਡਿਜਾਇਨ ਜ਼ਰੀਏ ਸੂਬੇ ਦੇ ਆਰਕੀਟੈਕਟ ਖੇਤਰ ਦੀ ਅਮੀਰੀ ਤੋਂ ਆਉਣ ਵਾਲੇ ਲੋਕਾਂ ਨੂੰ ਜਾਣੂੰ ਕਰਵਾਉਣ ਦਾ ਯਤਨ ਕੀਤਾ ਗਿਆ ਹੈ।ਪ੍ਰਵੇਸ਼ ਤੇ ਹਵੇਲੀ ਨੁਮਾਡਿਜਾਇਨ ਅਤੇ ਸਾਡਾ ਪੰਜਾਬ ਸੰਕੇਤਕ ਬੋਰ ?ਡ ਲੋਕਾਂ ਲਈ ਆਕਰਸ਼ਣ ਦਾ ਕੇਂਦਰ ਬਣ ਰਹੇ ਹਨ।ਇਸ ਦੇ ਨਾਲ ਹੀ ਸੂਬੇ ਦੇ ਰਾਜ ਪੰਛੀ ਦਾ ਦਰਜਾ ਰਖਦੇ ਪੰਛੀ ਬਾਜ ਦਾ ਧਾਤ ਨਾਲ ਤਿਆਰ ਮੁਜੱਸਮਾਂ ਸੂਬੇ ਦੀ ਸਭਿਆਚਾਰਕ ਅਤੇ ਰੂਹਾਨੀਅਤ ਖਾਸ ਕਰ ਸਿੱਖ ਰਵਾਇਤ ਵਿਚ ਇਸਦੀ ਮਹੱਤਤਾ ਨੂੰ ਰੂਪਮਾਨ ਕਰ ਰਿਹਾ ਹੈ। ਪੰਜਾਬ ਪੈਵਿਲੀਅਨ ਦੇ ਡਿਪਟੀ ਪ੍ਰਸ਼ਾਸਕ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਜਿਵੇਂ ਮਾਰਕਫੈਡ, ਮਿਲਕਫੈਡ, ਗਮਾਡਾ/ਪੁੱਡਾ, ਪੰਜਾਬ ਇੰਨਫੋਟੈਕ, ਪੰਜਾਬ ਐਗਰੋ, ਪੀ.ਐਸ.ਆਈ.ਈ.ਸੀ., ਨਿਵੇਸ਼ ਪੰਜਾਬ, ਪੰਜਾਬ ਸੈਰ-ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਨਿਫਟ, ਪੰਜਾਬ ਮੰਡੀ ਬੋਰਡ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਆਦਿ ਵੱਲੋਂ ਲੋਕਾਂ ਨੂੰ ਉਤਪਾਦਾਂ ਤੇ ਸੇਵਾਵਾਂ ਬਾਰੇ ਜਾਣੂੰ ਕਰਵਾਉਣ ਲਈ ਸਟਾਲ ਸਥਾਪਤ ਕੀਤੇ ਗਏ ਹਨ।ਇਸ ਤੋਂ ਇਲਾਵਾ ਸੂਬੇ ਦੇ ਕਲਾਕਾਰਾਂ ਤੇ ਕਾਰੀਗਰਾਂ ਨੂੰ ਗਲੋਬਲ ਪਛਾਣ ਬਣਾਉਣ ਲਈ ਭਾਰਤ ਅੰਤਰ-ਰਾਸ਼ਟਰੀ ਵਪਾਰ ਮੇਲਾ 2024 ਦਾ ਪਲੈਟਫਾਰਮ ਮੁਹੱਈਆ ਕਰਵਾਗਿਆ ਗਿਆ ਹੈ।ਇਸ ਤੋਂ ਇਲਾਵਾ ਪੈਵਿਲੀਅਨ ਵਿਖੇ ਪੰਜਾਬ ਦੇ ਲੋਕ ਨਾਚ ਭੰਗੜੇ ਦੀਆਂ ਪੇਸ਼ਕਾਰੀਆਂ ਲੋਕਾਂ ਲਈ ਖਿਚ ਦਾ ਕੇਂਦਰ ਹਨ।ਉਨਾਂ ਦੱਸਿਆ ਕਿ ਪੰਜਾਬ ਦੇ ਸੈਰ-ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ ਵੱਲੋਂ ਸਭਿਆਚਾਰਕ ਸ਼ਾਮ ਦਾ ਆਯੋਜਨ 27 ਨਵੰਬਰ ਨੂੰ ਕੀਤਾ ਜਾ ਰਿਹਾ ਹੈ।

# ਬੇਲਾ ਕਾਲਜ ਦੀ ਖਿਡਾਰਨ ਨੇ ਵਰਲਡ ਯੂਨੀਵਰਸਿਟੀ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਜਿੱਤੇ ਤਿੰਨ ਤਮਗੇ

**ਆਜ਼ਾਦ ਸੋਚ**
**ਰਜਿੰਦਰ**
**ਸ੍ਰੀ ਚਮਕੌਰ ਸਾਹਿਬ , 19 ਨਵੰਬਰ**

========================

ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਦਾ ਸਿਰ ਮਾਣ ਨਾਲ ਬੇਹੱਦ ਉੱਚਾ ਹੋ ਗਿਆ ਜਦੋਂ ਇਸ ਦੀ ਪੀ.ਜੀ.ਡੀ.ਸੀ.ਏ. ਦੀ ਵਿਦਿਆਰਥਣ ਅਰਸ਼ਦੀਪ ਕੌਰ ਨੇ ਇੰਟਰਨੈਸ਼ਨਲ ਯੂਨੀਵਰਸਿਟੀ ਸਪੋਰਟਸ ਫੈਡਰੇਸ਼ਨ ਵੱਲੋਂ ਕਰਵਾਏ ਗਏ ਵਰਲਡ ਯੂਨੀਵਰਸਿਟੀ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਲੋਹਾ ਮਨਵਾਉਂਦਿਆਂ 25 ਮੀਟਰ ਪਿਸਟਲ ਟੀਮ ਵੂਮੈਨ ਵਰਗ ਵਿੱਚ ਸੋਨ ਤਮਗਾ, 10 ਮੀਟਰ ਏਅਰ ਪਿਸਟਲ ਟੀਮ (ਵੂਮੈਨ) ਵਿੱਚ ਸੋਨ ਤਮਗਾ ਅਤੇ 10 ਮੀਟਰ ਏਅਰ ਪਿਸਟਲ ਦੇ ਵਿਅਕਤੀਗਤ ਮੁਕਾਬਲੇ ਵਿੱਚ ਕਾਂਸੇ ਦਾ ਤਮਗਾ ਹਾਸਿਲ ਕਰਕੇ ਪੂਰੇ ਦੇਸ਼ ਦਾ ਨਾਮ ਰੌਸ਼ਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਇਹਨਾਂ ਖੇਡਾਂ ਵਿੱਚ 40 ਮੁਲਕਾਂ ਦੇ 426 ਖਿਡਾਰੀਆਂ ਨੇ ਭਾਗ ਲਿਆ, ਜਿਸ ਵਿੱਚ ਅਰਸ਼ਦੀਪ ਕੌਰ ਨੇ ਓਲੰਪੀਅਨ ਖਿਡਾਰੀਆਂ ਨਾਲ ਸ਼ੂਟਿੰਗ ਵਿੱਚ ਭਾਰਤ ਦੀ ਪ੍ਰਤੀਨਿਧਤਾ ਕੀਤੀ। ਇਹ ਮੁਕਾਬਲੇ ਡਾ. ਕਰਨੀ ਸਿੰਘ ਸ਼ੂਟਿੰਗ ਰੇਂਜ ਦਿੱਲੀ ਵਿਖੇ 9 ਤੋਂ 13 ਨਵੰਬਰ 2024 ਤੱਕ ਹੋਏ ਜਿਸ ਵਿੱਚ ਅਨੇਕਾਂ ਪ੍ਰਤਿਭਾਸ਼ਾਲੀ ਖਿਡਾਰੀ ਸ਼ਾਮਿਲ ਹੋਏ। ਅਰਸ਼ਦੀਪ ਕੌਰ ਨੇ ਇਸ ਮੁਕਾਬਲੇ ਵਿੱਚੋਂ ਤਿੰਨ ਮੈਡਲ ਜਿੱਤ ਕੇ



ਸਮੁੱਚੀ ਸੰਸਥਾ, ਇਲਾਕੇ ਅਤੇ ਦੇਸ਼ ਦਾ ਸਿਰ ਉੱਚਾ ਕੀਤਾ ਹੈ।ਉਹਨਾਂ ਦੱਸਿਆ ਕਿ ਅਰਸ਼ਦੀਪ ਕੌਰ ਦਾ ਆਪਣੇ ਸ਼ਹਿਰ ਰੋਪੜ ਪੁੱਜਣ ਤੇ ਭਰਵਾਂ ਸਵਾਗਤ ਹੋਇਆ।ਜਿਸ ਵਿੱਚ ਖਿਡਾਰਨ ਨੂੰ ਪੂਰੇ ਮਾਣ-ਸਨਮਾਨ ਨਾਲ ਇੱਕ ਰੈਲੀ ਬੇਲਾ ਕਾਲਜ ਵਿਖੇ ਲੈ ਕੇ ਆਈ। ਕਾਲਜ ਦੀ ਸਮੁੱਚੀ ਪ੍ਰਬੰਧਕ ਕਮੇਟੀ, ਅਧਿਆਪਕਾਂ ਅਤੇ ਵਿਦਆਰਥੀਆਂ ਨੇ ਅਰਸ਼ਦੀਪ ਕੌਰ ਦਾ ਨਿੱਘਾ ਸਵਾਗਤ ਕੀਤਾ।ਇਸ ਮੌਕੇ ਬੋਲਦਿਆਂ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਸੰਗਤ ਸਿੰਘ ਲੌਂਗੀਆ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਤੋਂ ਅਰਸ਼ਦੀਪ ਕੌਰ ਨੂੰ ਸੰਸਥਾ ਵੱਲੋਂ ਹਰ ਕਿਸਮ ਦੀ ਮੱਦਦ ਮੁਹੱਈਆ ਕਰਵਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਇਹ ਪ੍ਰਾਪਤੀ ਉਸੇ ਕੋਸ਼ਿਸ਼ ਦੀ ਪ੍ਰੋੜਤਾ ਕਰਦੀ ਹੈ। ਸਕੱਤਰ ਸ. ਜਗਵਿੰਦਰ ਸਿੰਘ ਪੰਮੀ ਨੇ ਅਰਸ਼ਦੀਪ ਕੌਰ ਅਤੇ ਉਸ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਤੇ ਆਸ ਜਤਾਈ ਕਿ ਖੇਡ ਦੇ ਇਸ ਖੇਤਰ ਵਿੱਚ ਉਹ ਹੋਰ ਵੱਡੀਆਂ ਮੱਲਾਂ ਮਾਰੇ। ਮੈਨੇਜਰ ਸ. ਸੁਖਵਿੰਦਰ ਸਿੰਘ ਵਿਸਕੀ ਨੇ ਮਾਣ ਨਾਲ ਕਿਹਾ ਕਿ ਵਰਲਡ ਪੱਧਰ ਦੇ ਮੁਕਾਬਲੇ ਜਿੱਥੇ ਦੁਨੀਆਂ ਭਰ ਤੋਂ ਬਿਹਤਰੀਨ ਐਥਲੀਟ ਇੱਕਠੇ ਹੁੰਦੇ ਅਤੇ ਆਪਣੇ ਖੇਡ ਜ਼ਜਬੇ ਦਾ ਲੋਹਾ ਮਨਵਾਉਂਦੇ ਹਨ, ਉੱਥੇ ਅਰਸ਼ਦੀਪ ਕੌਰ ਦੀ ਭਾਗੀਦਾਰੀ ਅਤੇ ਜਿੱਤ ਵੱਡੀ ਕਾਮਯਾਬੀ ਹੈ। ਕਾਲਜ ਵੱਲੋਂ ਅਰਸ਼ਦੀਪ ਕੌਰ ਅਤੇ ਉਸ ਦੇ ਪਰਿਵਾਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਆਰਥੀ ਮੌਜੂਦ ਸਨ।

# ਡਿਪਟੀ ਕਮਿਸਨਰ ਅਤੇ ਕਮਿਸ਼ਨਰ ਨਗਰ ਨਿਗਮ ਵਲੋਂ ਭਗਤਾਂ ਵਾਲਾ ਡੰਪ ਦਾ ਦੌਰਾ

## ਡਿਪਟੀ ਕਮਿਸ਼ਨਰ ਨੇ ਕੰਪਨੀ ਨੂੰ ਕੰਮ ਵਿਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ 19 ਨਵੰਬਰ**

========================

ਸ਼ਹਿਰ ਵਿਚ ਸਾਫ ਸਫਾਈ ਦੀਆਂ ਲਗਾਤਾਰ ਆ ਰਹੀਆਂ ਸ਼ਕਾਇਤਾਂ ਦੇ ਮੱਦੇਨਜ਼ਰ ਅੱਜ ਡਿਪਟੀ ਕਮਿਸਨਰ ਮੈਡਮ ਸ਼ਾਕਸੀ ਸਾਹਨੀ ਅਤੇ ਕਮਿਸ਼ਨਰ ਨਗਰ ਨਿਗਮ ਸ਼ ?ਰੀ ਗੁਲਪ੍ਰੀਤ ਸਿੰਘ ਨੇ ਹੋਰ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਭਗਤਾਂਵਾਲਾ ਡੰਪ ਦਾ ਦੌਰਾ ਕੀਤਾ। ਉਨਾਂ ਕੰਪਨੀ ਵਲੋ ਚੱਲ



ਰਹੇ ਕੰਮਾਂ ਦਾ ਜਾਇਜ਼ਾ ਲਿਆ ਤੇ ਢਿੱਲੇ ਕੰਮ ਉੱਤੇ ਨਾਖੁਸ਼ੀ ਪ੍ਰਗਟ ਕਰਦਿਆਂ ਕੰਪਨੀ ਅਧਿਕਾਰੀਆਂ ਨੂੰ ਉਕਤ ਲਾਪਰਵਾਈ ਦਾ ਇਕ ਦਿਨ ਵਿੱਚ ਜਵਾਬ ਦੇਣ ਲਈ ਕਿਹਾ।

ਡਿਪਟੀ ਕਮਿਸ਼ਨਰ ਨੇ ਅਵਰਧਾ ਕੰਪਨੀ ਵਲੋ ਕੀਤੇ ਜਾ ਰਹੇ ਕੰਮਾਂ ਤੇ ਨਾਰਾਜ਼ਗੀ ਜਾਹਿਰ ਕਰਦਿਆਂ ਕੰਪਨੀ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਕ ਦਿਨ ਵਿਚ ਆਪਦਾ ਲਿਖਤੀ ਸ਼ਪਸ਼ਟੀਕਰਨ ਦੇਣ ਕਿ ਡੰਪ ਵਿਖੇ ਚੱਲ ਰਹੇ ਕੰਮਾਂ ਵਿਚ ਇੰਨੀ ਢਿੱਲ ਕਿਉਂ ਹੋ ਰਹੀ ਹੈ। ਉਨਾਂ ਕੰਪਨੀ ਦੇ ਅਧਿਕਾਰੀਆਂ ਨੂੰ ਸਪਸ਼ਟ ਨਿਰਦੇਸ਼ ਦਿੰਦੇ ਕਿਹਾ ਕਿ ਬਾਇਓਰੈਮੀਡੇਸ਼ਨ ਦੇ ਕੰਮ ਵਿਚ ਤੇਜੀ ਲਿਆਂਦੀ ਜਾਵੇ ਅਤੇ ਗਿੱਲਾ ਅਤੇ ਸੁੱਕਾ ਕੂੜਾ ਵੱਖ ਵੱਖ ਇਕੱਠਾ ਕਰਨਾ ਯਕੀਨੀ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਕੰਪਨੀ ਨੂੰ ਹਦਾਇਤ ਕਰਦਿਆਂ ਕਿਹਾ ਕਿ ਡੰਪ ਵਾਲੇ ਸਥਾਨ ਤੇ ਹੋਰ ਮਸ਼ੀਨਰੀ ਲਗਾਈ ਜਾਵੇ ਤਾਂ ਜੋ ਕੂੜੇ ਦੀ ਸਮੱਸਿਆ ਤੋਂ ਨਿਜਾਤ ਮਿਲ ਸਕੇ।

ਇਸ ਮੌਕੇ ਕਮਿਸ਼ਨਰ ਨਗਰ ਨਿਗਮ ਸ੍ਰੀ ਗੁਲਪ੍ਰੀਤ ਸਿੰਘ ਨੇ ਦੱਸਿਆ ਕਿ ਕੰਪਨੀ ਨੂੰ ਹੋਰ ਮਸ਼ੀਨਾਂ ਅਤੇ ਸ਼ਹਿਰ ਦੀ ਸਾਫ਼ ਸਫ਼ਾਈ ਲਈ ਹੋਰ ਗੱਡੀਆਂ ਲੈਣ ਦੀ ਤਾਕੀਦ ਕੀਤੀ ਗਈ ਹੈ। ਉਨਾਂ ਕਿਹਾ ਕਿ ਕੰਪਨੀ ਨੂੰ ਕਿਹਾ ਗਿਆ ਹੈ ਕਿ ਉਹ ਸ਼ਹਿਰ ਦੇ ਕੂੜੇ ਕਰਕਟ ਚੁੱਕਣ ਵਿੱਚ ਤੇਜੀ ਲਿਆਉਣ ਅਤੇ ਕਿਸੇ ਵੀ ਥਾਂ ਤੇ ਕੂੜੇ ਦੇ ਢੇਰ ਨਜ਼ਰ ਨਹੀਂ ਆਉਣੇ ਚਾਹੀਦੇ ਅਤੇ ਰੋਜ਼ਾਨਾ ਸਾਫ਼ ਸਫ਼ਾਈ ਦੀ ਵਿਵਸਥਾ ਨੂੰ ਯਕੀਨੀ ਬਣਾਉਣ। ਇਸ ਮੌਕੇ ਨਗਰ ਨਿਗਮ ਦੇ ਡਾ. ਕਿਰਨ ਕੁਮਾਰ, ਸੈਨਟਰੀ ਇੰਸਪੈਕਟਰ ਸ: ਸਰਬਜੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਵਲੋਂ ਔਰਤਾਂ ਪ੍ਰਤੀ ਵਰਤੀ ਸ਼ਬਦਾਵਲੀ ਅਤਿ ਨਿੰਦਣਯੋਗ : ਅੰਮ੍ਰਿਤ ਕੌਰ ਨਾਗਰਾ

**ਆਜ਼ਾਦ ਸੋਚ**
**ਆਜ਼ਾਦ ਸੋਚ ਬਿਊਰੋ**
**ਸ੍ਰੀ ਚਮਕੌਰ ਸਾਹਿਬ , 19 ਨਵੰਬਰ**

========================

ਅੰਮ੍ਰਿਤ ਕੌਰ ਨਾਗਰਾ ਜਿਲਾ ਰੂਪਨਗਰ ਦੇ ਮਹਿਲਾ ਪ੍ਰਧਾਨ ਆਮ ਆਦਮੀ ਪਾਰਟੀ ਨੇ ਬੁਲੰਦ ਪ੍ਰੈਸ ਕਲੱਬ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਔਰਤ ਵਰਗ ਨੂੰ ਹਮੇਸ਼ਾ ਪੈਰ ਦੀ ਜੁੱਤੀ ਸਮਝਿਆ ਹੈ ਇਹ ਇੱਕ ਵਾਰ ਫਿਰ ਚੰਨੀ ਦੇ ਵਿਵਾਦਿਤ ਬਿਆਨ ਨੇ ਸਾਬਤ ਕਰ ਦਿੱਤਾ ਹੈ। ਅਕਸਰ ਆਪਣੇ ਬੇਤੁਕੇ ਬਿਆਨਾਂ ਕਾਰਨ ਵਿਵਾਦਾਂ ਵਿੱਚ ਰਹਿਣ ਵਾਲੇ ਚੰਨੀ ਨੇ ਔਰਤ ਵਰਗ ਪ੍ਰਤੀ ਜੋ ਘਟੀਆ ਸ਼ਬਦਾਵਲੀ ਗਿੱਦੜਵਾਹਾ ਵਿਖੇ ਚੋਣ ਰੈਲੀ ਵਿੱਚ ਵਰਤੀ ਹੈ ਉਸ ਤੋਂ ਉਸ ਵਿਅਕਤੀ ਦੀ ਘਟੀਆ ਸੋਚ ਦਾ ਅੰਦਾਜ਼ਾ ਸੁਭਾਵਿਕ ਹੀ ਲਗਾਇਆ ਜਾ ਸਕਦਾ ਹੈ ਰਾਜੇ ਮਹਾਰਾਜੇ ਗੁਰੂਆਂ ਪੀਰਾਂ ਪੈਗੰਬਰਾਂ ਤੇ ਯੋਧਿਆਂ ਨੂੰ ਜਨਮ ਦੇਣ ਵਾਲੀਆਂ ਔਰਤਾਂ ਪ੍ਰਤੀ ਇਹ ਬਿਆਨ ਸਮੁੱਚੇ ਔਰਤ ਵਰਗ ਦਾ ਅਪਮਾਨ ਹੈ ਚਰਨਜੀਤ ਸਿੰਘ ਚੰਨੀ ਪਹਿਲਾਂ ਤੋਂ ਹੀ ਔਰਤਾਂ ਪ੍ਰਤੀ ਮਾੜੀ ਸੋਚ ਰੱਖਦਾ ਹੈ ਪਹਿਲਾਂ ਵੀ ਚੰਨੀ ਨੇ ਇੱਕ ਉੱਚ ਮਹਿਲਾ ਅਫਸਰ ਨਾਲ ਅਸ਼ਲੀਲ ਹਰਕਤ ਕੀਤੀ ਸੀ ਅਜਿਹੇ ਵਿਅਕਤੀ ਨੂੰ ਪਹਿਲਾਂ ਕਾਂਗਰਸ ਪਾਰਟੀ ਨੇ ਮੁੱਖ ਮੰਤਰੀ ਬਣਾਇਆ ਅਤੇ ਹੁਣ ਚਰਨਜੀਤ ਸਿੰਘ ਚੰਨੀ ਜਲੰਧਰ ਤੋਂ ਮੈਂਬਰ ਪਾਰਲੀਮੈਂਟ ਵੀ ਹਨ ਚੰਨੀ ਦੇ ਨਾਲ ਨਾਲ ਕਾਂਗਰਸ ਪਾਰਟੀ ਵੀ ਔਰਤ ਵਰਗ ਦੇ ਪ੍ਰਤੀ ਘਟੀਆ ਸੋਚ ਰੱਖਦੀ ਕਿਉਂਕਿ ਤਾਂ ਹੀ ਤਾਂ ਅਜਿਹੇ ਘਟੀਆ ਸੋਚ ਰੱਖਣ ਵਾਲੇ ਵਿਅਕਤੀ ਨੂੰ ਉੱਚ ਅਹੁਦੇ ਦਿੰਦੀ ਹੈ ਜੋ ਕਿ ਮੁੱਖ ਮੰਤਰੀ ਦੇ ਉੱਚ ਅਹੁਦੇ ਤੇ ਪਹੁੰਚ ਕੇ ਵੀ ਔਰਤਾਂ ਪ੍ਰਤੀ ਆਪਣੀ ਸੋਚ ਨੂੰ ਬਦਲ ਨਹੀਂ ਸਕਿਆ ਅਜਿਹੇ ਵਿਅਕਤੀ ਨੂੰ ਪਾਰਟੀ ਵਿੱਚੋਂ ਨਾ ਕੱਢਣਾ ਕਾਂਗਰਸ ਪਾਰਟੀ ਦੀ ਔਰਤਾਂ ਪ੍ਰਤੀ ਸੋਚ ਨੂੰ ਪ੍ਰਗਟ ਕਰਦੀ ਹੈ ਹੋ ਸਕਦਾ ਹੈ ਕਿ ਚੰਨੀ ਲੋਕ ਦਿਖਾਵੇ ਲਈ ਇਸ ਬਿਆਨ ਲਈ ਮਾਫੀ ਵੀ ਮੰਗ ਸਕਦਾ ਹੈ ਪਰ ਪੰਜਾਬ ਮਹਿਲਾ ਕਮਿਸ਼ਨ ਨੂੰ ਚਰਨਜੀਤ ਸਿੰਘ ਚੰਨੀ ਦੇ ਇਸ ਔਰਤਾਂ ਪ੍ਰਤੀ ਘਟੀਆ ਬਿਆਨ ਦਾ ਸਖਤ ਨੋਟਿਸ ਲੈਣਾ ਚਾਹੀਦਾ ਹੈ। ਅਤੇ ਚਰਨਜੀਤ ਸਿੰਘ ਚੰਨੀ ਤੇ ਪਰਚਾ ਵੀ ਦਰਜ ਹੋਣਾ ਚਾਹੀਦਾ ਨਾਲ ਦੀ ਨਾਲ ਉੱਥੇ ਤਾਂ ਚੋਣ ਲੜ ਰਹੀ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਦੀ ਪਤਨੀ ਅੰਮ੍ਰਿਤਾ ਵੜਿੰਗ ਤੇ ਵੀ ਕਾਰਵਾਈ ਹੋਣੀ ਚਾਹੀਦੀ ਹੈ ਕਿਉਂਕਿ ਉਸ ਦੀ ਮੌਜੂਦਗੀ ਵਿੱਚ ਚੰਨੀ ਨੇ ਔਰਤਾਂ ਪ੍ਰਤੀ ਘਟੀਆ ਸ਼ਬਦਾਵਲੀ ਵਰਤੀ ਪਰ ਖੁਦ ਔਰਤ ਹੁੰਦੇ ਹੋਏ ਵੀ ਅੰਮ੍ਰਿਤਾ ਵੜਿੰਗ ਨੇ ਚੰਨੀ ਦੇ ਇਸ ਵਿਵਾਦ ਬਿਆਨ ਦਾ ਕੋਈ ਵਿਰੋਧ ਨਹੀਂ ਕੀਤਾ।



# ਖਾਦ ਦੀ ਵਿਕਰੀ ਸਮੇਂ ਸਿਰ ਕਰਨੀ ਯਕੀਨੀ ਬਣਾਈ ਜਾਵੇ: ਖੇਤੀਬਾੜੀ ਅਫਸਰ ਡਾ ਜਸਵਿੰਦਰ ਸਿੰਘ

## ਖੇਤੀਬਾੜੀ ਅਫਸਰ ਕਰਦੇ ਰਹਿਣਗੇ ਅਚਨਚੇਤ ਚੈਕਿੰਗ

**ਆਜ਼ਾਦ ਸੋਚ**
**ਰਜਿੰਦਰ ਫ਼ਤਿਹਪੁਰ/ਸੰਜੇ ਬਾਂਸਲ**
**ਸਮਾਣਾ, 19 ਨਵੰਬਰ**

========================

ਮੁੱਖ ਖੇਤੀਬਾੜੀ ਅਫਸਰ ਡਾ: ਜਸਵਿੰਦਰ ਸਿੰਘ ਨੇ ਖਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਕਿਸਾਨਾ ਨੂੰ ਖਾਦ ਦੀ ਵਿਕਰੀ ਸਮੇਂ ਸਿਰ ਕਰਨੀ ਯਕੀਨੀ ਬਣਾਈ ਜਾਵੇ । ਉਹਨਾ ਕਿਹਾ ਕਿ ਡੀ.ਏ.ਪੀ.ਖਾਦ ਵਿਕਰੇਤਾ ਆਪਣੇ ਸਟਾਕ ਦਾ ਪੂਰਾ ਰਿਕਾਰਡ ਰੱਖਣ । ਉਹਨਾ ਨੇ ਬਲਾਕ ਖੇਤੀਬਾੜੀ ਅਫਸਰਾਂ ਨੂੰ ਸਟਾਕ ਸਬੰਧੀ ਅਚਨਚੇਤ ਚੈਕਿੰਗ ਦੀ ਹਦਾਇਤ ਵੀ ਕੀਤੀ।



ਉਹਨਾਂ ਖਾਦ ਵਿਕਰੇਤਾਵਾਂ ਨੂੰ ਕਿਹਾ ਕਿ ਡੀ.ਏ.ਪੀ. ਖਾਦ ਕਿਸਾਨਾਂ ਨੂੰ ਸਮੇ ਸਿਰ ਮੁਹੱਈਆ ਕਰਵਾਈ ਜਾਵੇ ਅਤੇ ਕਿਸੇ ਵੀ ਕਿਸਾਨ ਨੂੰ ਖਾਦ ਸਬੰਧੀ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ । ਇਸ ਦੇ ਨਾਲ ਹੀ ਉਹਨਾਂ ਇਹ ਵੀ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਵੱਲੋਂ ਰਾਜ ਵਿੱਚ ਖੇਤੀਬਾੜੀ ਨੂੰ ਪ੍ਰਫੁੱਲਤ ਕਰਨ ਲਈ ਸਮੇਂ-ਸਮੇਂ 'ਤੇ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਦੀ ਖੇਤੀਬਾੜੀ ਵਿਭਾਗ ਇੰਨ ਬਿੰਨ ਪਾਲਣਾ ਨੂੰ ਯਕੀਨੀ ਬਣਾਏਗਾ । ਉਹਨਾਂ ਅਗੋਂ ਕਿਹਾ ਕਿ ਇਸ ਸਬੰਧੀ ਲਗਾਤਾਰ ਚੈਕਿੰਗਾਂ ਜਾਰੀ ਰਹਿਣਗੀਆਂ ਅਤੇ ਜੇਕਰ ਕਿਸੇ ਖਾਦ ਵਿਕਰੇਤਾ ਦਾ ਰਿਕਾਰਡ ਸਟਾਕ ਮੁਤਾਬਿਕ ਨਹੀ ਪਾਇਆ ਜਾਂਦਾ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।

ਬ ਲ ਾ ਕ ਖੇਤੀਬਾੜੀ ਅਫਸਰ ਸਤੀਸ਼ ਕੁਮਾਰ ਵੱਲੋਂ ਬਲਾਕ ਸਮਾਣਾ ਦੇ ਸਮਾਣਾ ਖਾਦ ਭੰਡਾਰ, ਸਮਾਣਾ ਐਗਰੋ ਸੈਂਟਰ, ਅਗਰਸੈਨ ਜਵਾਹਰ ਲਾਲ, ਡੀ.ਆਰ. ਫਰਟੀਲਾਈਜ਼ਰ, ਅਗਰਵਾਲ ਫਰਟੀਲਾਈਜ਼ਰ ਅਤੇ ਆਰ.ਐਸ. ਫਰਟੀਲਾਈਜ਼ਰ ਦੀ ਚੈਕਿੰਗ ਕੀਤੀ ਗਈ।